11-JULY-PAGE-10000.qxd 7/10/2023 10:37 PM Page 1

ਮੰਗਲਵਾਰ, 11 ਜੁਲਾਈ, 2023
27 ਹਾੜ { ਨਾਨਕਸ਼ਾਹੀ 555 / ਬਿਕਰਮੀ 2080 }
ਜਿਲਦ/VOL. : 72
ਅੰਕ/NO. : 40

# ਨਵਾਂ ਜ਼ਮਾਨਾ

DAILY NAWAN ZAMANA • TUESDAY, 11 JULY, 2023
ਜਲੰਧਰ

nawan zamana TV

**‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12






# ਮੁੱਖ ਮੰਤਰੀ ਪੀੜਤਾਂ ਕੋਲ ਪੁੱਜੇ, ਗਿਰਦਾਵਰੀ ਦਾ ਭਰੋਸਾ

## ਸਕੂਲ 13 ਤੱਕ ਬੰਦ

**ਮੁਹਾਲੀ (ਗੁਰਜੀਤ ਬਿੱਲਾ)**

ਜ਼ਮੀਨੀ ਪੱਧਰ 'ਤੇ ਚੱਲ ਰਹੇ ਰਾਹਤ ਅਤੇ ਬਚਾਅ ਕਾਰਜਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਮੀਂਹ ਨਾਲ ਪ੍ਰਭਾਵਤ ਇਲਾਕਿਆਂ ਦਾ ਤੂਫਾਨੀ ਦੌਰਾ ਕੀਤਾ। ਇਸ ਤੋਂ ਬਾਅਦ ਮੁੱਖ ਮੰਤਰੀ ਨੇ ਭਾਰੀ ਮੀਂਹ ਕਾਰਨ ਪ੍ਰਭਾਵਤ ਹੋਏ ਨੀਵੇਂ ਇਲਾਕਿਆਂ ਵਿੱਚੋਂ ਸੁਰੱਖਿਅਤ ਕੱਢੇ ਗਏ ਲੋਕਾਂ ਨਾਲ ਗੱਲਬਾਤ ਵੀ ਕੀਤੀ।

ਮੋਹਾਲੀ ਦੇ ਫੇਜ਼ 6 ਵਿੱਚ ਸਥਿਤ ਰੈਣ ਬਸੇਰਾ, ਜਮੁਨਾ ਅਪਾਰਟਮੈਂਟਸ ਖਰੜ, ਪਿੰਡ ਕਜੌਲੀ, ਬੂਥਗੜ੍ਹ ਅਤੇ ਰੋਪੜ ਜ਼ਿਲ੍ਹੇ ਦਾ ਦੌਰਾ ਕਰਨ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੇ ਮੁੱਖ ਮੰਤਰੀਆਂ ਵਾਂਗ ਖਾਨਾਪੂਰਤੀ ਕਰਨ ਲਈ ਸਥਿਤੀ ਦਾ ਜਾਇਜ਼ਾ ਲੈਣ ਵਾਸਤੇ ਹੈਲੀਕਾਪਟਰ ਉਤੇ ਗੇੜੇ ਨਹੀਂ ਲਾ ਰਹੇ, ਸਗੋਂ ਖੁਦ ਲੋਕਾਂ ਕੋਲ ਜਾ ਕੇ ਅਸਲ ਸਥਿਤੀ ਦਾ ਪਤਾ ਲਾ ਰਹੇ ਹਨ। ਉਨ੍ਹਾ ਕਿਹਾ ਕਿ ਸਥਿਤੀ ਚਿੰਤਾਜਨਕ ਹੈ, ਪਰ ਫਿਰ ਵੀ ਸੂਬਾ ਸਰਕਾਰ ਜਾਨੀ ਨੁਕਸਾਨ ਨੂੰ ਘੱਟ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਬਚਾਅ ਕਾਰਜਾਂ ਲਈ ਐੱਨ ਡੀ ਆਰ ਐੱਫ ਦੀਆਂ ਟੀਮਾਂ ਲਾਈਆਂ ਗਈਆਂ ਹਨ, ਪਰ ਅਜੇ ਤੱਕ ਇਸ ਕੰਮ ਲਈ ਅਧਿਕਾਰਤ ਤੌਰ 'ਤੇ ਫੌਜ ਨੂੰ ਨਹੀਂ ਲਾਇਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਐਤਵਾਰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਗੱਲ ਹੋਈ ਸੀ, ਜਿਸ ਦੌਰਾਨ ਉਨ੍ਹਾ ਸ਼ਾਹ ਨੂੰ ਸੂਬੇ ਦੀ ਸਮੁੱਚੀ ਸਥਿਤੀ ਬਾਰੇ ਜਾਣੂ ਕਰਵਾਇਆ ਸੀ। ਉਨ੍ਹਾ ਕਿਹਾ ਕਿ ਫਿਲਹਾਲ ਰਾਹਤ ਅਤੇ ਬਚਾਅ ਕਾਰਜਾਂ ਲਈ ਕੇਂਦਰੀ ਸਹਾਇਤਾ ਦੀ ਲੋੜ ਨਹੀਂ, ਕਿਉਂਕਿ ਸਥਿਤੀ ਕਾਬੂ ਹੇਠ ਹੈ। ਹਾਲਾਂਕਿ, ਮਾਨ ਨੇ ਕਿਹਾ ਕਿ ਜੇਕਰ ਲੋੜ ਪਈ ਤਾਂ ਸਥਿਤੀ ਨਾਲ ਨਿਪਟਣ ਲਈ ਕੇਂਦਰ ਸਰਕਾਰ ਤੋਂ ਮਦਦ ਮੰਗੀ ਜਾਵੇਗੀ।

ਉਹਨਾ ਕਿਹਾ ਕਿ ਸੂਬੇ ਵਿੱਚ ਭਾਰੀ ਮੀਂਹ ਕਾਰਨ ਫਸਲਾਂ, ਘਰਾਂ ਅਤੇ ਹੋਰ ਨੁਕਸਾਨ ਦਾ ਪਤਾ ਲਾਉਣ ਲਈ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇਗੀ। ਮੀਂਹ ਕਾਰਨ ਹੋਏ ਨੁਕਸਾਨ ਦਾ ਪਹਿਲ ਦੇ ਆਧਾਰ 'ਤੇ ਪਤਾ ਲਾਉਣ ਲਈ ਤੁਰੰਤ ਗਿਰਦਾਵਰੀ ਕਰਵਾਉਣ ਵਾਸਤੇ ਡਿਪਟੀ ਕਮਿਸ਼ਨਰਾਂ ਨੂੰ ਵਿਸਥਾਰਤ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ। ਉਹਨਾ ਲੋਕਾਂ ਨੂੰ ਭਰੋਸਾ ਦਿੱਤਾ ਕਿ ਕੁਦਰਤ ਦੇ ਕਹਿਰ ਕਾਰਨ ਪੈਦਾ ਹੋਏ ਹਾਲਾਤ ਵਿੱਚ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ ਤਹਿਤ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ 33.50 ਕਰੋੜ ਰੁਪਏ ਜਾਰੀ ਕਰ ਦਿੱਤੇ ਹਨ। ਉਨ੍ਹਾ ਦੱਸਿਆ ਕਿ ਰਾਹਤ ਫੰਡ ਵਿਚੋਂ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ, ਮਨੁੱਖੀ ਜਾਨਾਂ, ਮਕਾਨਾਂ ਤੇ ਜਾਨਵਰਾਂ ਦੇ ਨੁਕਸਾਨ ਦੀ ਰਾਹਤ ਦੇਣ ਲਈ ਅਗੇਤੇ ਫੰਡਾਂ ਵਜੋਂ ਇਹ ਰਾਸ਼ੀ ਦਿੱਤੀ ਗਈ ਹੈ।

ਸੂਬੇ ਵਿੱਚ ਲਗਾਤਾਰ ਤੀਜੇ ਦਿਨ ਹੋ ਰਹੀ ਬਾਰਸ਼ ਨੂੰ ਵੇਖਦਿਆਂ ਪੰਜਾਬ ਪੁਲਸ ਨੇ ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ (ਐੱਨ ਡੀ ਆਰ ਐੱਫ) ਅਤੇ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ (ਐੱਸ ਡੀ ਆਰ ਐੱਫ) ਦੀਆਂ ਟੀਮਾਂ ਨਾਲ ਮਿਲ ਕੇ ਸੂਬੇ ਦੇ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਵਿੱਚ ਬਚਾਅ ਅਤੇ ਪਾਣੀ ਦੀ ਨਿਕਾਸੀ ਸੰਬੰਧੀ ਕਾਰਜਾਂ ਵਿੱਚ ਤੇਜ਼ੀ ਲਿਆਂਦੀ। ਇਹ ਜਾਣਕਾਰੀ ਸੋਮਵਾਰ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਉਹਨਾ ਦੱਸਿਆ ਕਿ ਸੂਬੇ ਦੇ ਸਭ ਤੋਂ ਵੱਧ ਪ੍ਰਭਾਵਤ ਜ਼ਿਲ੍ਹਿਆਂ ਵਿੱਚ ਐੱਸ ਏ ਐੱਸ ਨਗਰ, ਰੂਪਨਗਰ, ਫਤਿਹਗੜ੍ਹ ਸਾਹਿਬ, ਜਲੰਧਰ ਦਿਹਾਤੀ ਅਤੇ ਪ ਟਿ ਆ ਲਾ

● ਬਾਕੀ ਸਫ਼ਾ 2 'ਤੇ





ਪੁਲਸ ਅਕੈਡਮੀ ਫਿਲੌਰ

## ਟੀ ਐੱਮ ਸੀ ਦੇ 6 ਉਮੀਦਵਾਰ

**ਨਵੀਂ ਦਿੱਲੀ :** ਤ੍ਰਿਣਮੂਲ ਕਾਂਗਰਸ (ਟੀ ਐੱਮ ਸੀ) ਨੇ ਰਾਜ ਸਭਾ ਚੋਣਾਂ ਲਈ ਪਾਰਟੀ ਦੇ ਬੁਲਾਰੇ ਡੈਰੇਕ ਓ'ਬ੍ਰਾਇਨ ਸਮੇਤ ਛੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਹੈ। ਹੋਰਨਾਂ ਉਮੀਦਵਾਰਾਂ 'ਚ ਡੋਲਾ ਸੇਨ, ਸੁਖੇਂਦੂ ਸ਼ੇਖਰ ਰਾਏ, ਸਮੀਰੁਲ ਇਸਲਾਮ, ਪ੍ਰਕਾਸ਼ ਚਿਕ ਬੜਾਇਕ ਅਤੇ ਸਾਕੇਤ ਗੋਖਲੇ ਸ਼ਾਮਲ ਹਨ। ਗੋਆ, ਗੁਜਰਾਤ ਅਤੇ ਪੱਛਮੀ ਬੰਗਾਲ ਦੀਆਂ 10 ਰਾਜ ਸਭਾ ਸੀਟਾਂ ਲਈ 24 ਜੁਲਾਈ ਨੂੰ ਚੋਣਾਂ ਕਰਵਾਈਆਂ ਜਾਣਗੀਆਂ।

## 48.2 ਕਿੱਲੋ ਸੋਨਾ ਫੜਿਆ

**ਸੂਰਤ :** ਗੁਜਰਾਤ ਦੇ ਸੂਰਤ ਕੌਮਾਂਤਰੀ ਹਵਾਈ ਅੱਡੇ 'ਤੇ ਸ਼ਾਰਜਾਹ ਤੋਂ ਆਉਣ ਵਾਲੇ ਤਿੰਨ ਯਾਤਰੀਆਂ ਅਤੇ ਇਕ ਅਧਿਕਾਰੀ ਤੋਂ 25 ਕਰੋੜ ਰੁਪਏ ਦਾ 48.2 ਕਿਲੋ ਸੋਨਾ ਜ਼ਬਤ ਕੀਤਾ ਗਿਆ ਹੈ। ਚੌਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਏਅਰ ਇੰਡੀਆ ਐੱਕਸਪ੍ਰੈੱਸ ਦੀ ਉਡਾਣ 'ਚ 7 ਜੁਲਾਈ ਨੂੰ ਸ਼ਾਰਜਾਹ ਤੋਂ ਤਿੰਨ ਯਾਤਰੀਆਂ ਨੂੰ ਭਾਰਤ 'ਚ ਸੋਨੇ ਦੀ ਤਸਕਰੀ ਕਰਨ ਦੇ ਸ਼ੱਕ 'ਚ ਫੜਿਆ ਗਿਆ। ਇਹ ਪੇਸਟ ਬਣਾ ਕੇ ਸੋਨੇ ਦੀ ਤਸਕਰੀ ਕਰ ਰਹੇ ਸਨ।

## ਲਕਸ਼ੈ ਨੇ ਕੈਨੇਡਾ ਓਪਨ ਦਾ ਫਾਈਨਲ ਜਿੱਤਿਆ



**ਕੈਲਗਰੀ :** ਭਾਰਤੀ ਸ਼ਟਲਰ ਲਕਸ਼ੈ ਸੇਨ ਨੇ ਕੈਨੇਡਾ ਓਪਨ ਦੇ ਫਾਈਨਲ 'ਚ ਚੀਨ ਦੇ ਲੀ ਸ਼ੀ ਫੇਂਗ ਨੂੰ ਹਰਾ ਕੇ ਆਪਣਾ ਦੂਜਾ ਬੈਡਮਿੰਟਨ ਵਰਲਡ ਫੈਡਰੇਸ਼ਨ ਸੁਪਰ 500 ਖਿਤਾਬ ਜਿੱਤ ਲਿਆ। 21 ਸਾਲਾ ਖਿਡਾਰੀ ਨੇ 2022 ਇੰਡੀਆ ਓਪਨ 'ਚ ਆਪਣਾ ਪਹਿਲਾ ਸੁਪਰ 500 ਖਿਤਾਬ ਜਿੱਤਿਆ ਸੀ। ਸੇਨ ਨੇ ਸ਼ਾਨਦਾਰ ਗਤੀ ਅਤੇ ਹੁਨਰ ਦੇ ਮਿਸ਼ਰਣ ਦੀ ਵਰਤੋਂ ਕਰਦੇ ਹੋਏ ਫਾਈਨਲ 'ਚ ਮੌਜੂਦਾ ਆਲ ਇੰਗਲੈਂਡ ਚੈਂਪੀਅਨ ਫੇਂਗ ਨੂੰ 21-18, 22-20 ਨਾਲ ਹਰਾਇਆ।

## ਯਾਤਰਾ ਤੀਜੇ ਦਿਨ ਵੀ ਮੁਅੱਤਲ

**ਜੰਮੂ :** ਜੰਮੂ-ਸ੍ਰੀਨਗਰ ਹਾਈਵੇ ਦਾ ਇਕ ਹਿੱਸਾ ਰਾਮਬਨ ਵਿਖੇ ਬੁਰੀ ਤਰ੍ਹਾਂ ਨੁਕਸਾਨੇ ਜਾਣ ਕਾਰਨ ਜੰਮੂ ਤੋਂ ਅਮਰਨਾਥ ਯਾਤਰਾ ਸੋਮਵਾਰ ਲਗਾਤਾਰ ਤੀਜੇ ਦਿਨ ਵੀ ਮੁਅੱਤਲ ਰਹੀ। ਜੰਮੂ 'ਚ 6,000 ਤੋਂ ਵੱਧ ਸ਼ਰਧਾਲੂ ਫਸੇ ਹੋਏ ਹਨ।

## ਡੋਡਾ ਖੇਤਰ 'ਚ ਭੁਚਾਲ

**ਡੋਡਾ :** ਜੰਮੂ-ਕਸ਼ਮੀਰ ਦੇ ਡੋਡਾ ਜ਼ਿਲ੍ਹੇ 'ਚ ਸੋਮਵਾਰ ਸਵੇਰੇ 5 ਵੱਜ ਕੇ 38 ਮਿੰਟ 'ਤੇ 4.9 ਸ਼ਿੱਦਤ ਦੇ ਭੁਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਕਿਸੇ ਤਰ੍ਹਾਂ ਦੇ ਨੁਕਸਾਨ ਦੀ ਕੋਈ ਖਬਰ ਨਹੀਂ ਸੀ। ਭੁਚਾਲ ਦਾ ਕੇਂਦਰ ਡੋਡਾ ਖੇਤਰ 'ਚ ਜ਼ਮੀਨ ਤੋਂ 10 ਕਿਲੋਮੀਟਰ ਦੀ ਡੂੰਘਾਈ 'ਚ ਸਥਿਤ ਸੀ।

## ਸੁਣਵਾਈ ਤੋਂ ਨਾਂਹ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਦਿੱਲੀ ਹਾਈ ਕੋਰਟ ਦੇ 2,000 ਰੁਪਏ ਦੇ ਨੋਟਾਂ ਨੂੰ ਸਲਿੱਪ ਅਤੇ ਪਛਾਣ ਦੇ ਸਬੂਤ ਤੋਂ ਬਿਨਾਂ ਬਦਲਣ ਦੀ ਇਜਾਜ਼ਤ ਦੇਣ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਅਪੀਲ 'ਤੇ ਸੋਮਵਾਰ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਇਹ ਕਾਰਜ ਪਾਲਿਕਾ ਦੇ ਨੀਤੀਗਤ ਫੈਸਲੇ ਨਾਲ ਜੁੜਿਆ ਮਾਮਲਾ ਹੈ।

## ਸੋਨੀ ਦੋ ਦਿਨ ਦੇ ਰਿਮਾਂਡ 'ਤੇ



**ਅੰਮ੍ਰਿਤਸਰ :** ਵਿਜੀਲੈਂਸ ਬਿਊਰੋ ਨੇ ਸਾਬਕਾ ਉਪ ਮੁੱਖ ਮੰਤਰੀ ਓ ਪੀ ਸੋਨੀ ਨੂੰ ਸੋਮਵਾਰ ਇਥੇ ਅਦਾਲਤ 'ਚ ਪੇਸ਼ ਕੀਤਾ, ਜਿਸ ਨੇ ਪੁੱਛ-ਪੜਤਾਲ ਲਈ ਉਸ ਦਾ ਦੋ ਦਿਨ ਦਾ ਰਿਮਾਂਡ ਦੇ ਦਿੱਤਾ। ਸੋਨੀ ਨੂੰ ਵਿਜੀਲੈਂਸ ਬਿਊਰੋ ਨੇ ਐਤਵਾਰ ਗ੍ਰਿਫਤਾਰ ਕੀਤਾ ਸੀ। ਉਸ ਖਿਲਾਫ ਆਮਦਨ ਦੇ ਸਰੋਤਾਂ ਤੋਂ ਵਧੇਰੇ ਜਾਇਦਾਦ ਬਣਾਉਣ ਦੇ ਦੋਸ਼ ਹਨ। ਉਸ ਨੂੰ ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਸੀ ਜੇ ਐੱਮ ਦੀ ਅਦਾਲਤ

**ਕਾਂਗਰਸ ਦੀ ਹਿੰਦੂ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼**

● ਬਾਕੀ ਸਫ਼ਾ 2 'ਤੇ

## ਸਿਸੋਦੀਆ ਦੀ ਪਟੀਸ਼ਨ 'ਤੇ ਤਿੰਨ ਦਿਨ ਅਗਾਊਂ ਸੁਣਵਾਈ

**ਨਵੀਂ ਦਿੱਲੀ :** ਸੁਪਰੀਮ ਕੋਰਟ ਕਥਿਤ ਆਬਕਾਰੀ ਨੀਤੀ ਘਪਲੇ 'ਚ ਸੀ ਬੀ ਆਈ ਅਤੇ ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਦਰਜ ਕੇਸਾਂ 'ਚ ਆਮ ਆਦਮੀ ਪਾਰਟੀ ਦੇ ਆਗੂ ਮਨੀਸ਼ ਸਿਸੋਦੀਆ ਦੀ ਜ਼ਮਾਨਤ ਪਟੀਸ਼ਨ 'ਤੇ 14 ਜੁਲਾਈ ਨੂੰ ਸੁਣਵਾਈ ਕਰੇਗੀ। ਚੀਫ ਜਸਟਿਸ ਡੀ ਵਾਈ ਚੰਦਰਚੂੜ ਅਤੇ ਜਸਟਿਸ ਪੀ ਐੱਸ ਨਰਸਿਮ੍ਹਾ ਦੀ ਬੈਂਚ ਸੁਣਵਾਈ ਲਈ ਸਹਿਮਤ ਹੋਈ। ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸਿਸੋਦੀਆ ਵੱਲੋਂ ਪੇਸ਼ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਨੇ ਜ਼ਮਾਨਤ ਦੀ ਬੇਨਤੀ ਕਰਦਿਆਂ ਦਲੀਲ ਦਿੱਤੀ ਕਿ ਉਸ ਦੀ ਪਤਨੀ ਗੰਭੀਰ ਬਿਮਾਰ ਹੈ ਅਤੇ ਹਸਪਤਾਲ 'ਚ ਦਾਖਲ ਹੈ। ਬੈਂਚ ਨੇ ਕਿਹਾ ਕਿ ਇਹ ਮਾਮਲਾ 17 ਜੁਲਾਈ ਨੂੰ ਸੁਣਵਾਈ ਲਈ ਸੂਚੀਬੱਧ ਹੈ, ਪਰ ਉਹ ਇਸ ਦੀ ਸੁਣਵਾਈ 14 ਜੁਲਾਈ ਨੂੰ ਕਰੇਗੀ।

## ਜੈਨ ਦੀ ਜ਼ਮਾਨਤ ਵਧੀ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਮਨੀ ਲਾਂਡਰਿੰਗ ਮਾਮਲੇ 'ਚ ਦਿੱਲੀ ਦੇ ਸਾਬਕਾ ਮੰਤਰੀ ਸਤਿੰਦਰ ਜੈਨ ਨੂੰ ਮੈਡੀਕਲ ਆਧਾਰ 'ਤੇ ਦਿੱਤੀ ਗਈ ਅੰਤਰਮ ਜ਼ਮਾਨਤ 24 ਜੁਲਾਈ ਤੱਕ ਵਧਾ ਦਿੱਤੀ ਹੈ। ਜਸਟਿਸ ਏ ਐੱਸ ਬੋਪੰਨਾ ਅਤੇ ਜਸਟਿਸ ਐੱਮ ਐੱਮ ਸੁੰਦਰੇਸ਼ ਦੀ ਬੈਂਚ ਨੇ ਜੈਨ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਨੂੰ ਮੈਡੀਕਲ ਰਿਪੋਰਟ ਐਡੀਸ਼ਨਲ ਸਾਲਿਸਟਰ ਜਨਰਲ ਐੱਸ ਵੀ ਰਾਜੂ ਨੂੰ ਸੌਂਪਣ ਦੇ ਵੀ ਨਿਰਦੇਸ਼ ਦਿੱਤੇ।

## ਅੱਜ-ਨਾਮਾ

ਪਈ ਆ ਹੜ੍ਹਾਂ ਨਾਲ ਮਾਰ ਤੇ ਸੋਚ ਕਰੀਏ,
ਛੱਡੀਏ ਕੁਦਰਤ ਦੇ ਨਾਲ ਖਿਲਵਾੜ ਬੇਲੀ।
ਕਿਧਰੇ ਉੱਛਲਦੇ ਫਿਰਨ ਦਰਿਆ ਭਰਵੇਂ,
ਕਿਧਰੇ ਨਹਿਰਾਂ ਵਿੱਚ ਪੈਂਦੜੇ ਪਾੜ ਬੇਲੀ।
ਕਿਧਰੇ ਪਾਣੀ ਦੀ ਆਈ ਜਦ ਛੱਲ ਤਕੜੀ,
ਲੈ ਗਈ ਦਰੱਖਤਾਂ ਨੂੰ ਨਾਲ ਉਖਾੜ ਬੇਲੀ।
ਹੋਵੇ ਜਦੋਂ ਵੀ ਕੁਦਰਤ ਦਾ ਕਹਿਰ ਭਾਰਾ,
ਟਿਕਣਗੇ ਬੰਨ੍ਹ, ਦੀਵਾਰਾਂ ਨਾ ਵਾੜ ਬੇਲੀ।
ਉੱਤੋਂ ਫਰਜ਼ ਨਹੀਂ ਸਮਝਦੀ ਰਾਜਨੀਤੀ,
ਲਾਹਾ ਲੈਣ ਦੇ ਕਰੀ ਜਾਏ ਯਤਨ ਬੇਲੀ।
ਕੁਰਸੀ ਖੋਹਣ-ਬਚਾਉਣ ਨੂੰ ਜ਼ੋਰ ਲੱਗੇ,
ਰਹਿੰਦਾ ਯਾਦ ਨਾ ਸਾਂਭਣਾ ਵਤਨ ਬੇਲੀ।

-ਤੀਸ ਮਾਰ ਖਾਂ

## ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ : ਅਨੁਰਾਗ ਵਰਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੂਬੇ ਭਰ ਅਤੇ ਪਹਾੜੀ ਸਥਾਨਾਂ ਉਤੇ ਲਗਾਤਾਰ ਪੈ ਰਹੀ ਭਾਰੀ ਬਾਰਸ਼ ਕਾਰਨ ਸਥਿਤੀ ਦਾ ਜਾਇਜ਼ਾ ਲੈਣ ਅਤੇ ਸੂਬੇ ਵਿੱਚ ਰਾਹਤ ਕਾਰਜਾਂ ਨੂੰ ਤੇਜ਼ ਕਰਨ ਲਈ ਮੁੱਖ ਸਕੱਤਰ ਅਨੁਰਾਗ ਵਰਮਾ ਵੱਲੋਂ ਸੋਮਵਾਰ ਸੰਬੰਧਤ ਵਿਭਾਗਾਂ ਦੇ ਪ੍ਰਬੰਧਕੀ ਸਕੱਤਰਾਂ ਅਤੇ ਵੀਡਿਓ ਕਾਨਫਰੰਸਿੰਗ ਰਾਹੀਂ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀਜ਼ ਨਾਲ ਉੱਚ ਪੱਧਰੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਏ ਵੇਣੂ ਪ੍ਰਸਾਦ, ਡੀ ਜੀ ਪੀ ਗੌਰਵ ਯਾਦਵ ਅਤੇ ਸੈਨਾ ਅਤੇ ਐੱਨ ਡੀ ਆਰ ਐੱਫ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਵਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਵਿੱਚ ਪੈਦਾ ਹੋਈ ਸਥਿਤੀ ਦੀ ਨਿਗਰਾਨੀ ਕਰਨ ਅਤੇ ਹੜ੍ਹਾਂ ਦੇ ਸੰਭਾਵੀ ਖਤਰੇ ਨਾਲ ਨਜਿੱਠਣ ਲਈ ਦਿੱਤੇ ਨਿਰਦੇਸ਼ਾਂ ਉਤੇ ਚੱਲਦਿਆਂ ਫੀਲਡ ਵਿੱਚ ਜ਼ਿਲ੍ਹਿਆਂ ਦਾ ਸਿਵਲ ਤੇ ਪੁਲਸ ਪ੍ਰਸ਼ਾਸਨ ਮੁਸਤੈਦੀ ਨਾਲ ਤਾਇਨਾਤ ਹੈ, ਜਿਨ੍ਹਾਂ ਵਿੱਚ

● ਬਾਕੀ ਸਫ਼ਾ 2 'ਤੇ




## ਸਰਕਾਰੀ ਸਕੂਲ ਕੁੱਬੇ ਦੀ ਵਿਦਿਆਰਥਣ ਨੇ ਪਾਸ ਕੀਤੀ ਐੱਨ ਐੱਮ ਐੱਮ ਐੱਸ ਵਜ਼ੀਫ਼ਾ ਪ੍ਰੀਖਿਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਸਰਕਾਰੀ ਹਾਈ ਸਕੂਲ ਕੁੱਬੇ ਦੀ ਵਿਦਿਆਰਥਣ ਰਮਨਦੀਪ ਕੌਰ ਪੁੱਤਰੀ ਸ੍. ਜਗਤਾਰ ਸਿੰਘ ਵਾਸੀ ਕੁੱਬੇ ਨੇ ਭਾਰਤ ਸਰਕਾਰ ਦੁਆਰਾ ਸਾਲ 2023 ਦੌਰਾਨ ਲਈ ਗਈ ਦੇਸ਼ ਪੱਧਰੀ ਵਜ਼ੀਫ਼ਾ ਪ੍ਰੀਖਿਆ ਪਾਸ ਕਰਕੇ ਆਪਣੇ ਸਕੂਲ, ਪਿੰਡ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥਣ ਦੇ ਸਨਮਾਨ ਵਿੱਚ ਰੱਖੇ ਸਕੂਲ ਪੱਧਰੀ ਪ੍ਰੋਗਰਾਮ ਵਿੱਚ ਉਚੇਚੇ ਤੌਰ 'ਤੇ ਸ਼ਾਮਲ ਹੋਏ ਜ਼ਿਲ੍ਹਾ ਬਰਨਾਲਾ ਦੇ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ ਸ੍. ਬਰਜਿੰਦਰਪਾਲ ਸਿੰਘ ਨੇ ਵਿਦਿਆਰਥਣ ਨੂੰ ਸਕੂਲ ਪਹੁੰਚ ਕੇ ਸਨਮਾਨਤ ਕੀਤਾ। ਉਨ੍ਹਾਂ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਵਿਦਿਆਰਥਣ ਦੀ ਇਸ ਪ੍ਰਾਪਤੀ 'ਤੇ ਸਰਕਾਰੀ ਹਾਈ ਸਕੂਲ ਕੁੱਬੇ ਦੇ ਹੈੱਡਮਿਸਟ੍ਰੈੱਸ, ਸਮੂਹ ਸਟਾਫ਼ ਤੇ ਵਿਦਿਆਰਥਣ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਹੈੱਡ ਸ੍ਰੀਮਤੀ ਮਲਕੀਤ ਕੌਰ ਤੇ ਸਮੂਹ ਸਟਾਫ਼ ਨੇ ਡਿਪਟੀ ਡੀ.ਈ.ਓ. ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਸਕੂਲ ਦੇ ਹੈੱਡਮਿਸਟ੍ਰੈੱਸ ਮੈਡਮ ਨੇ ਪੰਜਾਬ ਸਰਕਾਰ ਤੇ ਕੇਂਦਰੀ ਸਰਕਾਰ ਦੁਆਰਾ ਵਿਦਿਆਰਥੀਆਂ ਦੀ ਭਲਾਈ ਲਈ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ ਤਾਂ ਜੋ ਵੱਧ ਤੋਂ ਵੱਧ ਬੱਚੇ ਇਸ ਤਰ੍ਹਾਂ ਦੇ ਪੇਪਰ ਪਾਸ ਕਰਕੇ ਇਨ੍ਹਾਂ ਸਕੀਮਾਂ ਦਾ ਫਾਇਦਾ ਲੈ ਸਕਨ। ਸਮੂਹ ਗ੍ਰਾਮ ਪੰਚਾਇਤ, ਸਕੂਲ ਪ੍ਰਬੰਧਕ ਕਮੇਟੀ ਤੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਵਿਦਿਆਰਥਣ, ਸਮੂਹ ਸਟਾਫ਼ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਸਰਕਾਰੀ ਸਕੂਲ ਲੂੰਬੜੀਵਾਲਾ 'ਚ ਸਮਰ ਕੈਂਪ ਦੌਰਾਨ ਪ੍ਰਦਰਸ਼ਨੀ ਲਗਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿੱਖਿਆ ਵਿਭਾਗ ਪੰਜਾਬ ਦੀ ਨਿਵੇਕਲੀ ਪਹਿਲ ਅਧੀਨ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੇ ਬੱਚਿਆਂ ਲਈ ਸਮਰ ਕੈਂਪ ਲਗਾਏ ਜਾ ਰਹੇ ਹਨ, ਜਿਸ ਦੇ ਅੰਤਰਗਤ ਸਰਕਾਰੀ ਸਮਾਰਟ ਸਕੂਲ ਲੂੰਬੜੀ ਵਾਲਾ ਵਿਖੇ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਮਰ ਕੈਂਪ ਲਾਇਆ ਗਿਆ, ਜਿਸ ਤਹਿਤ ਸਮਰ ਕੈਂਪ ਦੇ ਇਸ ਪੂਰੇ ਹਫਤੇ ਦੌਰਾਨ ਸਕੂਲ ਅਧਿਆਪਕਾਂ ਦੀ ਯੋਗ ਅਗਵਾਈ ਹੇਠ ਬੱਚਿਆਂ ਦੁਆਰਾ ਬਣਾਏ ਗਏ ਵੱਖ ਵੱਖ ਮਾਡਲ, ਚਾਰਟ, ਪੋਸਟਰ ਆਦਿ ਦੀ ਪ੍ਰਦਰਸ਼ਨੀ ਲਗਾਈ ਗਈ।ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਨੀਲਮ ਧਵਨ ਪੀ ਈ ਐੱਸ ਜੀ ਨੇ ਦੱਸਿਆ ਕਿ ਸਰਕਾਰ ਦੀ ਇਸ ਪਹਿਲਕਦਮੀ ਕਾਰਨ ਬੱਚਿਆਂ ਨੂੰ ਕਾਫੀ ਕੁਝ ਨਵਾਂ ਸਿੱਖਣ ਨੂੰ ਮਿਲ ਰਿਹਾ ਹੈ, ਇਸ ਦੇ ਨਾਲ ਨਾਲ ਉਨ੍ਹਾਂ ਵਿੱਚ ਅਨੁਸ਼ਾਸਨ ਤੇ ਟੀਮ ਵਰਕ ਦੀ ਭਾਵਨਾ ਉਤਪੰਨ ਹੋ ਰਹੀ ਹੈ।ਇਸ ਕੈਂਪ ਦੌਰਾਨ ਬੱਚਿਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਸਰੀਰਕ ਕਿਰਿਆਵਾਂ ਜਿਵੇਂ ਕਸਰਤ, ਯੋਗਾ, ਹਲਕੀਆਂ ਖੇਡਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਹੈ।ਇਸ ਪ੍ਰਦਰਸ਼ਨੀ ਨੂੰ ਵੇਖਣ ਲਈ ਬੱਚਿਆਂ ਦੇ ਮਾਪਿਆਂ, ਐੱਸ ਐੱਮ ਸੀ ਮੈਂਬਰਜ਼ ਤੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਪੰਜਾਬ ਸਰਕਾਰ ਦੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਦੇ ਬਹੁਪੱਖੀ ਵਿਕਾਸ ਲਈ ਸਿੱਖਿਆ ਵਿਭਾਗ ਪੰਜਾਬ ਨੂੰ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਉਂਦੇ ਰਹਿਣੇ ਚਾਹੀਦੇ ਹਨ।

## ਨੈਸ਼ਨਲ ਕੰਜ਼ਿਊਮਰ ਅਵੇਰਨੈੱਸ ਗਰੁੱਪ ਦੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਨੈਸ਼ਨਲ ਕੰਜ਼ਿਊਮਰ ਅਵੇਰਨੈੱਸ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸ਼ਾਮ ਲਾਲ ਗੋਇਲ ਦੀ ਪ੍ਰਧਾਨਗੀ ਹੇਠ ਹੋਟਲ ਸਿਟੀ ਪੈਲੇਸ ਵਿਖੇ ਹੋਈ। ਸਟੇਜ ਸੰਚਾਲਕ ਦੀ ਭੂਮਿਕਾ ਗੋਬਿੰਦ ਸਿੰਘ ਦਾਬੜਾ ਵੱਲੋਂ ਨਿਭਾਈ ਗਈ। ਮੀਟਿੰਗ ਦੌਰਾਨ ਸ਼ਹਿਰ ਵਿੱਚ ਹੋ ਰਹੇ ਵਿਕਾਸ ਕਾਰਜਾਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਦੌਰਾਨ ਸਰਵਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਰੋਡ ਓਵਰ ਬ੍ਰਿਜ ਸ਼ੁਰੂ ਹੋਣ 'ਤੇ ਸ਼ਹਿਰ ਤੇ ਇਲਾਕਾ ਵਾਸੀਆਂ ਨੂੰ ਵਧਾਈ ਦਿੱਤੀ ਗਈ। ਇਸ ਕੰਮ ਵਿੱਚ ਸਹਿਯੋਗ ਕਰਨ ਵਾਲੇ ਅਧਿਕਾਰੀਆਂ, ਪ੍ਰੈੱਸ ਤੇ ਆਮ ਨਾਗਰਿਕਾਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਬੇਦੀ, ਮੀਤ ਪ੍ਰਧਾਨ ਭੰਵਰ ਲਾਲ ਸ਼ਰਮਾ, ਪ੍ਰੈੱਸ ਸਕੱਤਰ ਕਾਲਾ ਸਿੰਘ ਬੇਦੀ, ਪਰਮਜੀਤ ਸਿੰਘ ਗਿੱਲ, ਨਰਿੰਦਰ ਬਾਂਸਲ ਆਦਿ ਨੇ ਵਿਚਾਰ ਰੱਖੇ। ਆਗੂਆਂ ਨੇ ਪੁਲ ਦੇ ਬਾਕੀ ਰਹਿੰਦੇ ਕੰਮ ਜਿਵੇਂ ਪੁਲ ਦੇ 500 ਮੀਟਰ ਦੇ ਘੇਰੇ ਵਿੱਚ ਹਰ ਤਰ੍ਹਾਂ ਦੇ ਨਜਾਇਜ਼ ਕਬਜ਼ੇ ਖਤਮ ਕਰਨਾ, ਰਾਈਟ ਆਫ ਵੇਅ ਤੇ ਰੇਹੜੀਆਂ ਖੜੀਆਂ ਕਰਨ 'ਤੇ ਪਾਬੰਦੀ ਲਗਾਉਣ, ਰਾਈਟ ਆਫ਼ ਵੇਅ ਨੂੰ ਆਈ.ਆਰ.ਸੀ. ਦੇ ਕੋਡ ਨੰਬਰ 86-1983 ਦੇ ਅਨੁਸਾਰ ਚੌੜਾ ਕਰਨ, ਬਿਜਲੀ ਦੇ ਖੰਭੇ ਸ਼ਿਫ਼ਟ ਕਰਨਾ, ਮਾਲ ਗੋਦਾਮ ਰੋਡ 'ਤੇ ਵਿਘਨ ਪਾਉਂਦੇ ਨਜਾਇਜ਼ ਕਬਜ਼ੇ ਖਤਮ ਕਰਨ ਦਾ ਮੁੱਦਾ ਵੀ ਚੁੱਕਿਆ ਗਿਆ। ਸ਼ਹਿਰ ਵਾਸੀਆਂ ਦੀ ਚਿਰਾਂ ਤੋਂ ਲਮਕਦੀ ਮੰਗ ਰੇਲਵੇ ਕ੍ਰਾਸਿੰਗ ਨੰਬਰ ਏ 29 ਬੂੜਾ ਗੁੱਜਰ ਰੋਡ 'ਤੇ ਅੰਡਰ ਬ੍ਰਿਜ ਦੇ ਕੰਮ ਵਿੱਚ ਆ ਰਹੇ ਅੜਿੱਕੇ ਦੂਰ ਕਰਨ ਦੀ ਮੰਗ ਕੀਤੀ ਗਈ। ਸਰਹੰਦ ਫੀਡਰ 'ਤੇ ਆਊਟਲੈੱਟ ਨੂੰ ਜਲਦ ਬਣਾਉਣ ਦੀ ਮੰਗ ਵੀ ਕੀਤੀ ਗਈ। ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਮੁਕਤਸਰ ਰੇਲਵੇ ਗੁਡਜ਼ ਯਾਰਡ ਨੂੰ ਰੇਲਵੇ ਸਟੇਸ਼ਨ ਤੋਂ ਬਾਹਰ ਸ਼ਿਫ਼ਟ ਕਰਨ ਲਈ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਮੁਕਤਸਰ ਫਿਰੋਜ਼ਪੁਰ ਰੋਡ ਦੀ ਖਸਤਾ ਹਾਲਤ ਕਾਰਨ ਆ ਰਹੀ ਮੁਸ਼ਕਲ ਨੂੰ ਧਿਆਨ 'ਚ ਰੱਖਦੇ ਹੋਏ ਸੜਕ ਦਾ ਨਿਰਮਾਣ ਕੀਤਾ ਜਾਵੇ। ਇਸ ਮੌਕੇ ਸਰਬਜੀਤ ਸਿੰਘ ਦਰਦੀ, ਬੂਟਾ ਰਾਮ ਕਮਰਾ, ਰਿਟਾ. ਪ੍ਰਿੰਸੀਪਲ ਜਸਵੰਤ ਸਿੰਘ ਬਰਾੜ, ਸੁਭਾਸ਼ ਚਗਤੀ, ਪ੍ਰਦੀਪ ਦੁੱਗਲ, ਗੁਰਜੰਟ ਸਿੰਘ, ਰਵਿੰਦਰ ਕਟਾਰੀਆ, ਓਮ ਪ੍ਰਕਾਸ਼ ਵਲੇਚਾ, ਪਰਮਜੀਤ ਕਮਲਾ, ਚੌ. ਅਮੀ ਚੰਦ, ਪ੍ਰਮੋਦ ਆਰੀਆ ਆਦਿ ਹਾਜ਼ਰ ਸਨ।

## ਸ੍ਰੀ ਦੁਰਗਾ ਸੇਵਾ ਦਲ ਨੇ ਸਰਕਾਰੀ ਕੰਨਿਆ ਸਕੂਲ 'ਚ ਕਰਵਾਈ ਵਾਟਰ ਕੂਲਰ ਦੀ ਸੇਵਾ



**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਦੁਰਗਾ ਸੇਵਾ ਦਲ, ਲੰਗਰ ਭਵਨ ਸਿਵਲ ਹਸਪਤਾਲ ਸੰਗਰੂਰ ਦੇ ਵੱਲੋਂ ਸੀਨੀਅਰ ਮੈਂਬਰ ਸ੍ਰੀ ਸੁਖਦਰਸ਼ਨ ਅਗਰਵਾਲ ਦੇ ਸਹਿਯੋਗ ਦੇ ਨਾਲ ਸਰਕਾਰੀ ਕੰਨਿਆ ਸੀਨੀਅਰ ਸੰਕੈਡਰੀ ਸਕੂਲ ਸੰਗਰੂਰ ਵਿਖੇ ਵਾਟਰ ਕੂਲਰ ਦੀ ਸੇਵਾ ਕਰਵਾਈ ਗਈ, ਜਿਸ ਦਾ ਉਦਘਾਟਨ ਸ੍ਰੀ ਸੰਜੀਵ ਸ਼ਰਮਾ (ਜ਼ਿਲ੍ਹਾ ਸਿੱਖਿਆ ਅਫਸਰ ਸੰਗਰੂਰ) ਵੱਲੋਂ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਪ੍ਰਿੰਸੀਪਲ ਮੈਡਮ ਇੰਦੂ ਸਿਮਕ ਵੱਲੋਂ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਨੇ ਕਿਹਾ ਕਿ ਜਿੱਥੇ ਗਰਮੀ ਦੇ ਮੌਸਮ ਵਿੱਚ ਬੱਚਿਆਂ ਨੂੰ ਪਾਣੀ ਦੀ ਸਹੂਲਤ ਸੇਵਾ ਦਲ ਵੱਲੋਂ ਕੀਤੀ ਗਈ ਹੈ, ਉਸ ਦੇ ਨਾਲ ਹੀ ਬਨਾਸਰ ਬਾਗ ਰੋਡ 'ਤੇ ਆਉਣ ਜਾਣ ਵਾਲੇ ਵਿਅਕਤੀਆਂ ਨੂੰ ਵੀ ਲਾਭ ਪਹੁੰਚੇਗਾ।

ਉਨ੍ਹਾਂ ਨੇ ਸੇਵਾ ਦਲ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਵੀ ਪ੍ਰਸੰਸਾ ਕੀਤੀ। ਇਸ ਮੌਕੇ ਮੈਡਮ ਇੰਦੂ ਸਿਮਕ ਨੇ ਕਿਹਾ ਜਿਥੇ ਸੇਵਾ ਦਲ ਸਿਵਲ ਹਸਪਤਾਲ ਵਿਖੇ ਮਰੀਜ਼ਾਂ ਲਈ ਖਾਣੇ ਦਾ ਪ੍ਰਬੰਧ ਕਰ ਰਿਹਾ ਹੈ, ਉਸ ਦੇ ਨਾਲ ਹੀ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਵਾਟਰ ਕੂਲਰ ਲਗਾ ਕੇ ਠੰਡਾ ਪਾਣੀ ਦੀ ਸੇਵਾ ਨਿਭਾਅ ਰਿਹਾ ਹੈ। ਇਸ ਮੌਕੇ ਸ੍ਰੀ ਦੁਰਗਾ ਸੇਵਾ ਦਲ ਦੇ ਪ੍ਰਧਾਨ ਅਰੂਪ ਸਿੰਗਲਾ ਨੇ ਦੱਸਿਆ ਕਿ ਇਸ ਵਾਟਰ ਕੂਲਰ 'ਤੇ 1,11000 ਰੁਪਏ ਖਰਚਾ ਆਇਆ ਹੈ, ਜਿਸ ਦੀ ਸੇਵਾ ਸੰਸਥਾਂ ਦੇ ਸੀਨੀਅਰ ਮੈਂਬਰ ਸ੍ਰੀ ਸੁਖਦਰਸ਼ਨ ਅਗਰਵਾਲ, ਸ਼੍ਰੀਮਤੀ ਤ੍ਰਿਪਤਾ ਗੋਇਲ ਨੇ ਆਪਣੇ ਮਾਤਾ-ਪਿਤਾ ਦੀ ਯਾਦ 'ਚ ਕੀਤੀ ਹੈ। ਇਸ ਮੌਕੇ ਸ੍ਰੀ ਦੇਵੀ ਸਿੰਗਲਾ, ਸ੍ਰੀ ਚਮਕੌਰ ਸਿੰਘ, ਸ਼੍ਰੀਮਤੀ ਆਸ਼ਾ ਰਾਣੀ, ਸ਼੍ਰੀਮਤੀ ਮੰਜੂ ਬਾਲਾ, ਰਜਨੀਸ਼ ਕੁਮਾਰ, ਪਵਨ ਕੁਮਾਰ, ਨਿਤਨ ਅਗਰਵਾਲ, ਨਰੇਸ਼ ਅਗਰਵਾਲ, ਅਮਰਜੀਤ ਸ਼ਰਮਾ, ਡਾ. ਅਸ਼ੋਕ ਗੋਇਲ, ਪਵਨ ਕੁਮਾਰ, ਮੰਗਲ ਸਿੰਘ ਰਾਣਾ, ਸੁਰਜੀਤ ਕੁਮਾਰ ਹਾਜ਼ਰ ਸਨ।



ਡਿਊਟੀ ਦੌਰਾਨ ਇਮਾਨਦਾਰੀ ਨਾਲ ਵਧੀਆ ਸੇਵਾਵਾਂ ਕਰਨ ਬਦਲੇ ਐੱਸ ਐੱਸ ਪੀ ਮੋਗਾ ਹੌਲਦਾਰ ਹਰਵਿੰਦਰ ਸਿੰਘ ਨੂੰ ਡੀਜੀਪੀ ਡਿਸਕ ਨਾਲ ਸਨਮਾਨਤ ਕਰਦੇ ਹੋਏ। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)

# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ ਜਾਰੀ

### ਬਿਨਾਂ ਪੇ ਸਕੇਲ, ਸੀ ਐੱਸ ਆਰ ਰੂਲ ਰੈਗੂਲਰ ਨਹੀਂ ਮਨਜ਼ੂਰ : ਜਨਕ ਸਿੰਘ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਅਤੇ ਆਈਈਆਰਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀਐੱਸਆਰ ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ, ਜੋ ਕਿ ਕੋਰਾ ਝੂਠ ਹੈ। ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਜਨਕ ਸਿੰਘ, ਸੁਨੀਲ ਕੁਮਾਰ, ਵਰਿੰਦਰ ਕੁਮਾਰ, ਪਵਨ ਕੁਮਾਰ, ਸੁਖਦੇਵ ਸਿੰਘ, ਦਵਿੰਦਰ ਸਿੰਘ, ਰਜੇਸ਼ ਕੁਮਾਰ, ਚਿੰਕੀ, ਕੁਲਬੀਰ, ਰੀਨਾ, ਰਿੰਪੀ ਤੇ ਰਾਜ ਪੁਰੀ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ।ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਵਾਰ ਵਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ।ਆਗੂਆਂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸੰਦੇਸ਼ ਰਾਹੀਂ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੰਦੇਸ਼ ਵਿੱਚ ਦਫਤਰੀ ਕਰਮਚਾਰੀਆ ਦਾ ਕੋਈ ਜ਼ਿਕਰ ਨਹੀਂ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ।ਆਗੂਆਂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ, ਪ੍ਰੰਤੂ ਉਸ ਸਮੇਂ ਵੀ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ।

# ਵਿਧਾਇਕ ਦੇਵ ਮਾਨ ਵੱਲੋਂ ਪ੍ਰਸ਼ਾਸਨ ਸਮੇਤ ਹਲਕੇ ਦੇ ਪਿੰਡਾਂ ਦਾ ਦੌਰਾ



**ਨਾਭਾ (ਵਰਿੰਦਰ ਵਰਮਾ)**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਿਰਦੇਸ਼ਾਂ ਤਹਿਤ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਤਰਸੇਮ ਚੰਦ ਐੱਸ ਡੀ ਐੱਮ ਨਾਭਾ ਨੇ ਪ੍ਰਸ਼ਾਸਨ ਨੂੰ ਨਾਲ ਲੈ ਕੇ ਹਲਕਾ ਨਾਭਾ ਦੇ ਪਿੰਡਾਂ ਦਾ ਦੌਰਾ ਕੀਤਾ। ਲਗਾਤਾਰ ਭਾਰੀ ਮੀਂਹ ਕਾਰਨ ਕਈ ਪਿੰਡਾਂ ਵਿੱਚ ਹੜ੍ਹਾਂ ਵਰਗੀ ਸਥਿਤੀ ਬਣ ਗਈ ਹੈ। ਹਲਕਾ ਨਿਵਾਸੀਆਂ ਦੀ ਸੁਰੱਖਿਆ ਲਈ ਪਿੰਡਾਂ ਦਾ ਦੌਰਾ ਕੀਤਾ ਗਿਆ ਹੈ। ਵਿਧਾਇਕ ਦੇਵ ਮਾਨ ਨੇ ਭੋੜੇ ਸੈਫਨ ਦਾ ਵੀ ਦੌਰਾ ਕੀਤਾ। ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਹਲਕਾ ਨਾਭਾ ਵਿੱਚ ਸਥਿਤੀ ਕੰਟਰੋਲ ਵਿੱਚ ਹੈ, ਮੈਂ ਹਲਕਾ ਨਿਵਾਸੀਆਂ ਨੂੰ ਅਪੀਲ ਕਰਦਾ ਹਾਂ ਕਿ ਆਪਣਾ ਤੇ ਆਪਣੇ ਪਰਿਵਾਰ ਦਾ ਖ਼ਿਆਲ ਰੱਖੋ। ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਪ੍ਰਸ਼ਾਸਨ ਤੁਹਾਡੀ ਸਹਾਇਤਾ ਲਈ ਤਿਆਰ ਹੈ। । ਵਿਧਾਇਕ ਦੇਵ ਮਾਨ ਨੇ ਹਲਕਾ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤਹਿਤ ਉਹ ਖ਼ੁਦ ਹਰ ਵੇਲੇ ਚੌਕਸ ਤੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ, ਜਿਸ ਕਰਕੇ ਆਮ ਲੋਕਾਂ ਦੀ ਜਾਨ-ਮਾਨ ਦੀ ਰਾਖੀ ਕੀਤੀ ਜਾਵੇਗੀ ਤੇ ਕਿਸੇ ਦਾ ਕੋਈ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਹਟ ਵਿੱਚ ਨਾ ਆਉਣ ਤੇ ਨਾ ਹੀ ਕਿਸੇ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਯਕੀਨ ਨਾ ਕਰਨ, ਪ੍ਰੰਤੂ ਲੋੜ ਪੈਣ 'ਤੇ ਫਲੱਡ ਕੰਟਰੋਲ ਰੂਮ ਨੰਬਰ 'ਤੇ ਹੀ ਸੰਪਰਕ ਕਰਕੇ ਪਾਣੀ ਆਉਣ ਦੀ ਪੁਸ਼ਟੀ ਕਰਨ। ਐੱਸ ਡੀ ਐੱਮ ਨਾਭਾ ਤਰਸੇਮ ਚੰਦ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪੂਰਾ ਪ੍ਰਸ਼ਾਸਨ ਹਲਕੇ ਦੇ ਪਿੰਡਾਂ ਵਿੱਚ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ। ਕਿਸੇ ਵੀ ਤ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਦਵਿੰਦਰ ਅੱਤਰੀ ਡੀ ਐੱਸ ਪੀ ਨਾਭਾ ਨੇ ਦੱਸਿਆ ਕਿ ਭੋੜੇ ਸੈਫਨ ਤੇ ਆਰਜੀ ਤੌਰ 'ਤੇ ਪੁਲਸ ਚੌਕੀ ਬਣਾ ਕੇ 24 ਘੰਟੇ ਪੂਰੇ ਸਥਿਤੀ ਨੂੰ ਦੇਖਿਆ ਜਾ ਰਿਹਾ ਹੈ।

ਇਸ ਮੌਕੇ ਗੁਰਪ੍ਰੀਤ ਸਿੰਘ ਭਿੰਡਰ ਐੱਸ ਐੱਚ ਓ ਸਦਰ ਨਾਭਾ, ਜੇ ਈ ਨਹਿਰੀ, ਜੈ ਦੀਪ ਚੌਕੀ ਇੰਚਾਰਜ ਰੋਹਟੀ ਪੁਲ, ਤੇਜਿੰਦਰ ਸਿੰਘ ਖਹਿਰਾ, ਦੀਪਾ ਰਾਮਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਭਾਦਸੋਂ, ਰੁਪਿੰਦਰ ਸਿੰਘ ਭਾਦਸੋਂ, ਰਵੀ ਨਾਭਾ, ਚਮਕੌਰ ਸਿੰਘ ਗੱਗੀ ਬਾਬਰਪੁਰ, ਬਿੱਟੂ ਬਾਬਰਪੁਰ, ਧਰਮਿੰਦਰ ਸਿੰਘ ਸੁਖੇਵਾਲ, ਭੁਪਿੰਦਰ ਸਿੰਘ ਕੱਲਰਮਾਜਰੀ, ਬਲਵਿੰਦਰ ਸਿੰਘ, ਬਲੂ ਕਮਾਰ, ਜਸਵੀਰ ਸਿੰਘ ਵਜੀਦਪੁਰ ਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਜੂਦ ਸਨ।

# ਪ੍ਰਿੰਸਪਾਲ ਨੇ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ ਪ੍ਰੀਖਿਆ ਕੀਤੀ ਪਾਸ

### ਪ੍ਰਿੰਸਪਾਲ ਦੀ ਲਗਨ, ਅਧਿਆਪਕਾਂ ਦੀ ਸਖ਼ਤ ਮਿਹਨਤ ਤੇ ਨਿਰੰਤਰ ਅਭਿਆਸ ਦਾ ਨਤੀਜਾ : ਸਕੂਲ ਮੁਖੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕੌਮੀ ਪੱਧਰ ਦੀ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ (ਐੱਨ ਐੱਮ ਐੱਮ ਐੱਸ) ਪ੍ਰੀਖਿਆ ਪਾਸ ਕਰਕੇ ਸਰਕਾਰੀ ਮਿਡਲ ਸਕੂਲ ਕਾਮਲ ਵਾਲਾ ਖੁਰਦ ਦੇ ਵਿਦਿਆਰਥੀ ਪ੍ਰਿੰਸਪਾਲ ਨੇ ਸਕੂਲ ਦੇ ਸਟਾਫ, ਮਾਪਿਆਂ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਹੈ ।ਇਸ ਮੌਕੇ ਸਕੂਲ ਮੁਖੀ ਅਵਤਾਰ ਸਿੰਘ ਪੁਰੀ ਤੇ ਗ੍ਰਾਮ ਪੰਚਾਇਤ ਦੇ ਸਰਪੰਚ ਸਰੋਜ ਰਾਣੀ, ਐੱਸ ਐੱਮ ਸੀ ਚੇਅਰਮੈਨ ਹਰਭਜਨ ਕੌਰ ਨੇ ਸਕੂਲ ਸਟਾਫ਼ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸਕੂਲ ਇੰਚਾਰਜ ਅਵਤਾਰ ਸਿੰਘ ਪੁਰੀ ਨੇ ਦੱਸਿਆ ਕਿ ਇਸ ਪਿੱਛੇ ਸਕੂਲ ਸਟਾਫ਼ ਸੀਮਾ ਜੈਨ, ਆਰਤੀ ਭੁਸਰੀ ਤੇ ਮੋਨਿਕਾ ਰਾਣੀ ਸਾਇੰਸ ਅਧਿਆਪਕਾ ਦੀ ਸਖ਼ਤ ਮਿਹਨਤ ਤੇ ਨਿਰੰਤਰ ਅਭਿਆਸ ਅਤੇ ਪ੍ਰਿੰਸਪਾਲ ਦੀ ਲਗਨ ਕਾਰਜਸ਼ੀਲ ਰਹੀ ਹੈ।ਪ੍ਰਿੰਸਪਾਲ ਨੇ ਸਵੇਰ ਦੀ ਸਭਾ ਵਿੱਚ ਗੱਲ ਕਰਦੇ ਹੋਏ ਵਿਦਿਆਰਥੀਆਂ ਨੂੰ ਕਿਹਾ ਕਿ ਅਗਲੀ ਵਾਰ ਪੰਜ ਵਿਦਿਆਰਥੀ ਇਹ ਪ੍ਰੀਖਿਆ ਪਾਸ ਕਰਨ ਤਾਂ ਗੱਲ ਬਨਦੀ ਹੈ।ਇਸ ਸਮੇਂ ਪ੍ਰਿੰਸਪਾਲ ਦੇ ਪਿਤਾ ਜੀ ਬਹੁਤ ਖੁਸ਼ ਸਨ।ਪ੍ਰਿੰਸਪਾਲ ਨੇ ਕਿਹਾ ਕਿ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ ਪ੍ਰੀਖਿਆ ਪਾਸ ਕਰਨ ਲਈ ਆਪਣੇ ਸਕੂਲ ਦੇ ਸਮੂਹ ਸਟਾਫ ਦੇ ਸਹਿਯੋਗ ਨਾਲ ਕਰੜੀ ਮਿਹਨਤ ਕੀਤੀ ਸੀ, ਜਿਸ ਦੇ ਸਿੱਟੇ ਵਜੋਂ ਉਹ ਅੱਜ ਇਹ ਪ੍ਰੀਖਿਆ ਪਾਸ ਕਰਨ ਵਿੱਚ ਸਫ਼ਲ ਹੋ ਸਕਿਆ ਹੈ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ, ਸਕੂਲ ਸਟਾਫ ਨੇ ਵਿਦਿਆਰਥੀ ਨੂੰ ਵਧਾਈ ਦਿੱਤੀ ਤੇ ਸਕੂਲ ਦੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਹੋਰ ਪ੍ਰੀਖਿਆਵਾਂ ਪਾਸ ਕਰਨ ਲਈ ਪ੍ਰੇਰਿਤ ਕੀਤਾ।

ਅੰਤ 'ਚ ਸਮੂਹ ਸਕੂਲ ਸਟਾਫ, ਸਕੂਲ ਮੈਨੇਜਮੈਂਟ ਕਮੇਟੀ ਤੇ ਪਤਵੰਤੇ ਸੱਜਣਾਂ ਵੱਲੋਂ ਪ੍ਰਿੰਸਪਾਲ ਦਾ ਮੂੰਹ ਮਿੱਠਾ ਕਰਵਾ ਕੇ ਉਸ ਦੀ ਸਫਲਤਾ ਲਈ ਕਾਮਨਾ ਕੀਤੀ।

# ਐੱਨ ਐੱਮ ਐੱਮ ਐੱਸ ਵਜ਼ੀਫਾ ਪ੍ਰੀਖਿਆ 'ਚ ਰੱਤੋਕੇ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪਿਛਲੇ ਦਿਨੀਂ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੰਜਾਬ ਦੇ ਸਕੂਲਾਂ ਦੇ ਵਿਦਿਆਰਥੀਆਂ ਦਾ ਐੱਨ ਐੱਮ ਐੱਮ ਐੱਸ ਵਜ਼ੀਫਾ ਟੈਸਟ ਲਿਆ ਗਿਆ, ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਦੇ ਵਿਦਿਆਰਥੀਆਂ ਨੇ ਸਕੂਲ ਅੱਪਗਰੇਡ ਹੋਣ ਤੋਂ ਬਾਅਦ ਦੂਸਰੀ ਵਾਰ ਭਾਗ ਲਿਆ। ਇਸ ਵਾਰ ਰੱਤੋਕੇ ਸਕੂਲ ਦੇ ਅੱਠ ਹੋਣਹਾਰ ਵਿਦਿਆਰਥੀਆਂ ਨੇ ਇਹ ਟੈਸਟ ਪਾਸ ਕੀਤਾ। ਪਿਛਲੇ ਸਾਲ ਵੀ 15 ਵਿਦਿਆਰਥੀਆਂ ਨੇ ਇਹ ਟੈਸਟ ਪਾਸ ਕੀਤਾ ਸੀ। ਰਿਜ਼ਲਟ ਦਾ ਪਤਾ ਲੱਗਣ 'ਤੇ ਸਕੂਲ ਵਿਦਿਆਰਥੀਆਂ ਤੇ ਅਧਿਆਪਕਾਂ 'ਚ ਖ਼ੁਸ਼ੀ ਦੀ ਲਹਿਰ ਦੌੜ ਗਈ। ਟੈਸਟ ਪਾਸ ਕਰਨ ਵਾਲਿਆਂ 'ਚ ਗੁਰਪ੍ਰੀਤ ਸਿੰਘ ਨੇ 127 ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਸੰਗਰੂਰ 'ਚ ਦੂਸਰਾ ਸਥਾਨ ਹਾਸਲ ਕੀਤਾ। ਪਾਸ ਕਰਨ ਵਾਲੇ ਵਿਦਿਆਰਥੀਆਂ 'ਚ ਗੁਰਪ੍ਰੀਤ ਸਿੰਘ, ਸਾਕਸ਼ੀ ਮਿੱਤਲ, ਸੁਖਮਨਦੀਪ ਕੌਰ, ਖੁਸਪ੍ਰੀਤ ਕੌਰ, ਨਵਦੀਪ ਕੌਰ, ਕੋਮਲਪ੍ਰੀਤ ਕੌਰ, ਅਰਸ਼ਦੀਪ ਸਿੰਘ, ਜੈਨਮ ਰਾਣੀ ਦਾ ਨਾਂਅ ਸ਼ਾਮਲ ਹੈ, ਜਿਨ੍ਹਾਂ ਨੇ ਟੈਸਟ ਪਾਸ ਕਰਕੇ ਆਪਣੇ ਮਾਪਿਆਂ, ਸਕੂਲ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਅਧਿਆਪਕ ਸੁਖਪਾਲ ਸਿੰਘ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨੂੰ ਉਨ੍ਹਾਂ ਦੀ ਸਖਤ ਮਿਹਨਤ ਤੇ ਅਧਿਆਪਕਾਂ ਦੀ ਯੋਜਨਾਬੰਦੀ ਦਾ ਸਿੱਟਾ ਦੱਸਿਆ। ਮੈਡਮ ਪ੍ਰਵੀਨ ਕੌਰ ਨੇ ਇਸ ਪ੍ਰਾਪਤੀ ਨੂੰ ਭਵਿੱਖ ਦੇ ਵਿਦਿਆਰਥੀਆਂ ਲਈ ਇੱਕ ਮੀਲ ਪੱਥਰ ਦੱਸਿਆ, ਜਿਸ ਤੋਂ ਉਹ ਸੇਧ ਲੈਣਗੇ। ਮੈਡਮ ਰੇਨੂੰ ਤੇ ਮੈਡਮ ਚਰਨਜੀਤ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਸਕੂਲ ਦੇ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਜ਼ਿਆਦਾ ਮਿਹਨਤ ਕਰਨ ਲਈ ਪ੍ਰੇਰਿਆ। ਸਰਪੰਚ ਕੁਲਦੀਪ ਕੌਰ ਤੇ ਸਕੂਲ ਕਮੇਟੀ ਪ੍ਰਧਾਨ ਬਲਜੀਤ ਬੱਲੀ ਨੇ ਸਮੂਹ ਸਟਾਫ ਨੂੰ ਸਾਬਾਸ਼ ਦਿੰਦਿਆਂ ਕਿਹਾ ਕਿ ਅੱਜ ਪੂਰੇ ਪਿੰਡ ਨੂੰ ਸਕੂਲ ਦੀਆਂ ਅਹਿਮ ਪ੍ਰਾਪਤੀਆਂ 'ਤੇ ਫਖਰ ਹੈ। ਅਧਿਆਪਕ ਪ੍ਰਦੀਪ ਸਿੰਘ ਨੇ ਆਉਣ ਵਾਲੇ ਸਾਲਾਂ 'ਚ ਸਕੂਲ ਵੱਲੋਂ ਵੱਡੇ ਟੀਚੇ ਪ੍ਰਾਪਤ ਕਰਨ ਦੀ ਵਚਨਬੱਧਤਾ ਦੁਹਰਾਈ। ਇਸ ਮੌਕੇ ਗੁਰਮੀਤ ਕੁੱਬੇ, ਕੁਲਦੀਪ ਕਾਲੀ, ਗੁਰਚਰਨ ਸਿੰਘ, ਸਲਵਿੰਦਰ ਸਿੰਘ, ਵੀਰਪਾਲ ਸਿੰਘ, ਜਥੇਦਾਰ ਬਲਦੇਵ ਸਿੰਘ ਤੇ ਗਿਆਨ ਸਿੰਘ ਭੁੱਲਰ ਹਾਜ਼ਰ ਸਨ।

# ਨਿੱਜੀ ਹਸਪਤਾਲ ਦੇ ਮੁਲਾਜ਼ਮ ਵੱਲੋਂ ਨਵਜਨਮੇ ਬੱਚੇ ਦੇ ਪਿਤਾ ਤੇ ਦਾਦੇ ਦੀ ਕੁੱਟਮਾਰ

**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਜੈਤੋ ਰੋਡ 'ਤੇ ਸਥਿਤ ਇੱਕ ਨਿੱਜੀ ਹਸਪਤਾਲ ਦੇ ਇੱਕ ਮੁਲਾਜ਼ਮ ਜਸਕਰਨ ਸਿੰਘ ਵੱਲੋਂ ਹਸਪਤਾਲ ਵਿੱਚ ਦਾਖਲ ਨਵਜਨਮੇ ਬੱਚੇ ਦੇ ਪਿਤਾ ਸਥਾਨਕ ਅਰਵਿੰਦ ਨਗਰ ਨਿਵਾਸੀ ਪਵਨੀਤ ਚਾਵਲਾ ਸਪੁੱਤਰ ਪ੍ਰੇਮ ਚਾਵਲਾ 'ਤੇ ਤੇਜ਼ਧਾਰ ਹਥਿਆਰ ਸ੍ਰੀ ਸਾਹਿਬ ਤੇ ਕੜੇ ਨਾਲ ਸਿਰ 'ਤੇ ਹਮਲਾ ਕਰਨ ਅਤੇ ਪ੍ਰੇਮ ਚਾਵਲਾ ਦੇ ਥਪੜ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਖਮੀ ਹਾਲਤ ਵਿੱਚ ਪਵਨੀਤ ਚਾਵਲਾ ਨੂੰ ਸਿਵਲ ਹਸਪਤਾਲ ਕੋਟਕਪੂਰਾ ਵਿਖੇ ਦਾਖਲ ਕਰਵਾਇਆ ਗਿਆ। ਹਸਪਤਾਲ 'ਚ ਮੌਜੂਦ ਡਾਕਟਰ ਸਾਹਿਬਾਨ ਵੱਲੋਂ ਵੱਜੀਆਂ ਸੱਟਾਂ ਦੇ ਆਧਾਰ 'ਤੇ ਤੁਰੰਤ ਮੈਡੀਕਲ ਲੀਗਲ ਰਿਪੋਰਟ ਆਨਲਾਈਨ ਸਿਸਟਮ ਤੇ ਹਾਰਡ ਕਾਪੀ ਦੇ ਰੂਪ ਵਿੱਚ ਥਾਣਾ ਸਿਟੀ ਕੋਟਕਪੂਰਾ ਵਿਖੇ ਭੇਜੀ ਗਈ। ਰਾਤ 11 ਵਜੇ ਦੇ ਕਰੀਬ ਪੁਲਸ ਮੁਲਾਜ਼ਮਾਂ ਵੱਲੋਂ ਜ਼ਖਮੀ ਪਵਨੀਤ ਚਾਵਲਾ ਦੇ ਬਿਆਨ ਲਏ ਗਏ। ਪਵਨੀਤ ਚਾਵਲਾ ਦੇ ਪਿਤਾ ਤੇ ਅਧਿਆਪਕ ਆਗੂ ਪ੍ਰੇਮ ਚਾਵਲਾ ਨੇ ਦੋਸ਼ ਲਾਇਆ ਕਿ ਪੁਲਸ ਵੱਲੋਂ ਡਾਕਟਰ ਰਵੀ ਬਾਂਸਲ ਦੇ ਪ੍ਰਭਾਵ ਹੇਠ ਆ ਕੇ ਨਾ ਤਾਂ ਸਹੀ ਰੂਪ ਵਿੱਚ ਬਿਆਨ ਕਲਮਬੰਦ ਕੀਤੇ। ਵਾਰ ਵਾਰ ਜ਼ੋਰ ਦੇਣ ਦੇ ਬਾਵਜੂਦ ਪੁਲਸ ਅਧਿਕਾਰੀ ਵੱਲੋਂ ਘਟਨਾ ਦੀ ਸੀ ਸੀ ਫੁਟੇਜ ਨੂੰ ਕਬਜ਼ੇ ਵਿੱਚ ਲੈਣ ਦੀ ਗੱਲ ਨੂੰ ਬਿਆਨ ਵਿੱਚ ਦਰਜ ਤੇ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਅਫਸੋਸ ਜ਼ਾਹਰ ਕੀਤਾ ਕਿ ਬਿਆਨ ਰਿਕਾਰਡ ਦੇ 15 ਘੰਟੇ ਬੀਤ ਜਾਣ ਦੇ ਬਾਵਜੂਦ ਥਾਣਾ ਸਿਟੀ ਕੋਟਕਪੂਰਾ ਵਿੱਚ ਇਸ ਹਸਪਤਾਲ ਦੇ ਨਾਕਸ ਪ੍ਰਬੰਧਾਂ ਵਿਰੁੱਧ ਤੇ ਦੋਸ਼ੀ ਵਿਅਕਤੀ ਜਸਕਰਨ ਸਿੰਘ ਖਿਲਾਫ ਬਣਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਨਹੀਂ ਕੀਤੀ ਗਿਆ।

ਉਨ੍ਹਾਂ ਕਿਹਾ ਕਿ ਇਹ ਸਾਰਾ ਮਾਮਲਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਧਿਆਨ 'ਚ ਲਿਆਉਣ ਦੇ ਬਾਵਜੂਦ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ। ਪੀੜਤ ਵਿਅਕਤੀ ਨੇ ਪੁਲਸ ਤੇ ਸਾਰੇ ਉੱਚ ਅਧਿਕਾਰੀਆਂ ਨੂੰ ਈਮੇਲ ਕਰਕੇ ਤੁਰੰਤ ਬਣਦੀ ਕਾਨੂੰਨੀ ਕਾਰਵਾਈ ਕਰਨ ਤੇ ਦੋਸ਼ੀ ਵਿਅਕਤੀ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਹ ਮਸਲਾ ਹੱਲ ਨਾ ਹੋਇਆ ਤਾਂ ਇਨਸਾਫ ਦੀ ਪ੍ਰਾਪਤੀ ਤੱਕ ਇਸ ਮਾਮਲੇ ਨੂੰ ਜਥੇਬੰਦਕ ਰੂਪ ਵਿੱਚ ਸੰਘਰਸ਼ ਕਰਕੇ ਹੱਲ ਕਰਵਾਇਆ ਜਾਵੇਗਾ।

## ...ਸ.ਫਾ 1 ਦੇ ਬਾਕੀ

### ਮੁੱਖ ਮੰਤਰੀ ਪੀੜਤਾਂ..

ਸ਼ਾਮਲ ਹਨ। ਉਨ੍ਹਾ ਕਿਹਾ ਕਿ ਸਾਡੀਆਂ ਟੀਮਾਂ ਐੱਨ ਡੀ ਆਰ ਐੱਫ, ਐੱਸ ਡੀ ਆਰ ਐੱਫ ਅਤੇ ਸੈਨਾ ਨਾਲ ਮਿਲ ਕੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਬੇਹੱਦ ਚੁਣੌਤੀਪੂਰਨ ਹਾਲਤਾਂ ਵਿੱਚ 24 ਘੰਟੇ ਕੰਮ ਕਰ ਰਹੀਆਂ ਹਨ।

ਇਸੇ ਦੌਰਾਨ ਪੰਜਾਬ ਸਰਕਾਰ ਨੇ ਸਕੂਲਾਂ 'ਚ 13 ਜੁਲਾਈ ਤੱਕ ਛੁੱਟੀਆਂ ਕਰ ਦਿੱਤੀਆਂ ਹਨ। ਇਸ ਤੋਂ ਪਹਿਲਾਂ ਮੀਂਹ ਕਾਰਨ ਸੋਮਵਾਰ ਨੂੰ ਛੁੱਟੀ ਦਾ ਐਲਾਨ ਕੀਤਾ ਸੀ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ—ਲਗਾਤਾਰ ਮੀਂਹ ਕਾਰਨ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲ 13 ਜੁਲਾਈ ਤੱਕ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਹੈ।

ਫਿਲੌਰ 'ਚ ਪੰਜਾਬ ਪੁਲਸ ਅਕੈਡਮੀ ਦੇ ਨੇੜੇ ਸਤਲੁਜ ਦਰਿਆ ਦਾ ਬੰਨ੍ਹ ਟੁੱਟ ਗਿਆ, ਜਿਸ ਕਾਰਨ ਅਕੈਡਮੀ ਦੇ ਟ੍ਰੇਨੀਆਂ ਦੀਆਂ ਗੱਡੀਆਂ ਡੁੱਬ ਗਈਆਂ। ਪੁਲਸ ਪਬਲਿਕ ਸਕੂਲ ਦੀ ਗਰਾਊਂਡ 'ਚ ਪਾਣੀ ਭਰ ਗਿਆ। ਰਾਤ ਭਰ ਬੰਨ੍ਹ ਨੂੰ ਬਚਾਉਣ ਦੇ ਯਤਨ ਕੀਤੇ ਗਏ। ਜੇ ਸੀ ਬੀ ਮਸ਼ੀਨ ਅਤੇ ਮਿੱਟੀ ਨਾਲ ਭਰੇ ਬੋਰੇ ਪਾ ਕੇ ਬੰਨ੍ਹ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ। ਨਵਾਂ ਖਹਿਰਾ ਬੇਟ 'ਚ ਦਰਿਆ ਦੇ ਅੰਦਰ ਰਿਹਾਇਸ਼ਾਂ 'ਤੇ ਕੁਝ ਵਸਨੀਕ ਛੱਤਾਂ 'ਤੇ ਚੜ੍ਹ ਕੇ ਆਪਣਾ ਬਚਾਅ ਕਰਕੇ ਬੈਠੇ ਹਨ।

ਪਟਿਆਲਾ ਸ਼ਹਿਰ ਦੇ ਬਾਹਰਵਾਰ ਪੈਂਦੀ ਜੇ ਪੀ ਕਲੋਨੀ ਦੇ ਸਾਹਮਣੇ ਖੇਤਾਂ ਵਿਚਲਾ ਬੰਨ੍ਹ ਟੁੱਟਣ ਨਾਲ ਸ਼ਹਿਰ ਦੀਆਂ ਕਈ ਕਲੋਨੀਆਂ ਖਤਰੇ ਵਿਚ ਆ ਗਈਆਂ ਹਨ। ਇਸ ਬੰਨ੍ਹ ਦੇ ਬਾਹਰਵਾਰ ਓਵਰਫਲੋਅ ਹੋਈ ਪਟਿਆਲਾ ਨਦੀ ਅਤੇ ਰਿਵਾਸ ਬ੍ਰਾਹਮਣਾਂ ਕੋਲੋਂ ਲੰਘਦੇ ਨਿਕਾਸੀ ਨਾਲੇ ਦਾ ਪਾਣੀ ਇਕਮਿਕ ਹੋ ਕੇ ਖੇਤਾਂ ਦੇ 'ਚ ਹੜ੍ਹ ਦਾ ਰੂਪ ਧਾਰਨ ਕਰ ਚੁੱਕਾ ਹੈ। ਪਟਿਆਲਾ ਵਾਲੇ ਪਾਸੇ ਸੁਰੱਖਿਆ ਪੱਖ ਲਈ ਬਣਿਆ ਖੇਤਾਂ ਵਿਚਲਾ ਬੰਨ੍ਹ ਸਵੇਰੇ 8 ਵਜੇ ਦੇ ਕਰੀਬ ਟੁੱਟ ਗਿਆ। ਭਾਵੇਂ ਇਲਾਕਾ ਵਾਸੀ ਆਪਣੇ ਤੌਰ 'ਤੇ ਬੰਨ੍ਹ ਪੂਰ ਰਹੇ ਸਨ, ਪਰ ਪਾਣੀ ਦਾ ਵਹਾਅ ਤੇਜ਼ੀ ਨਾਲ ਵਧ ਰਿਹਾ ਸੀ। ਇਲਾਕੇ ਦੀਆਂ ਕਈ ਨੇੜਲੀਆਂ ਕਲੋਨੀਆਂ ਮਹਾਰਾਜਾ ਕਲੋਨੀ, ਓਲਡ ਸੂਲਰ, ਗਰੀਨ ਐਨਕਲੇਵ, ਨਿਊ ਗਰੀਨ ਨਿਊਕਲੇਵ ਤੇ ਗਿਆਨ ਕਲੋਨੀ ਦੇ ਵਸਨੀਕ ਖੌਫਜ਼ਦਾ ਹਨ। ਰੈੱਡ ਸਟੋਨ ਕਲੋਨੀ ਦੇ ਲੋਕਾਂ ਨੂੰ ਅੱਧੀ ਰਾਤ ਨੂੰ ਘਰ ਛੱਡਣ ਲਈ ਮਜਬੂਰ ਹੋਣਾ ਪਿਆ। ਪਟਿਆਲਾ ਦੀ ਨਦੀ ਕੋਲ ਨਵੀਂ ਵਸੋਂ ਦਾ ਕਾਫੀ ਨੁਕਸਾਨ ਹੋਇਆ ਹੈ। ਲੋਕਾਂ ਦੇ ਘਰਾਂ ਵਿਚ ਪਾਣੀ ਦਾਖਲ ਹੋ ਗਿਆ, ਜਿਸ ਕਰਕੇ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੌਕੇ 'ਤੇ ਜਾ ਕੇ ਲੋਕਾਂ ਦੀ ਮਦਦ ਕੀਤੀ ਤੇ ਘਰਾਂ ਵਿਚੋਂ ਲੋਕਾਂ ਦਾ ਸਾਮਾਨ ਚੁੱਕ ਕੇ ਖੁਦ ਰਾਹਤ ਕੈਂਪ ਤੱਕ ਪਹੁੰਚਾਇਆ। ਕੋਹਲੀ ਨੇ ਇਸ ਸਮੇਂ ਲੋਕਾਂ ਨੂੰ ਪ੍ਰੇਮ ਬਾਗ ਤੱਕ ਪੁੱਜਣ ਵਿਚ ਮਦਦ ਕੀਤੀ, ਜਿਥੇ ਕਿ ਰਾਹਤ ਕੈਂਪ ਬਣਾਇਆ ਗਿਆ ਹੈ। ਚੰਡੀਗੜ੍ਹ ਪ੍ਰਸ਼ਾਸਨ ਨੇ ਸੁਖਨਾ ਝੀਲ ਰੈਗੂਲੇਟਰੀ ਐਂਡ ਦਾ ਦੂਜਾ ਫਲੱਡ ਗੇਟ ਖੋਲ੍ਹ ਦਿੱਤਾ ਹੈ ਅਤੇ ਸ਼ਹਿਰ ਵਾਸੀਆਂ ਨੂੰ ਸੁਖਨਾ ਚੋਅ ਅਤੇ ਨਦੀ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਹੈ, ਕਿਉਂਕਿ ਪਾਣੀ ਦਾ ਵਹਾਅ ਬਹੁਤ ਤੇਜ਼ ਹੋ ਰਿਹਾ ਹੈ।

### ਹੰਗਾਮੀ ਸਥਿਤੀ ਨਾਲ ..

ਡਿਪਟੀ ਕਮਿਸ਼ਨਰ, ਐੱਸ ਐੱਸ ਪੀ, ਐੱਸ ਡੀ ਐੱਮਜ਼, ਤਹਿਸੀਲਦਾਰ, ਬੀ ਡੀ ਪੀ ਓਜ਼, ਪਟਵਾਰੀ ਸਣੇ ਸੰਬੰਧਤ ਵਿਭਾਗਾਂ ਦੇ ਫੀਲਡ ਅਧਿਕਾਰੀ ਸ਼ਾਮਲ ਹਨ। ਉਨ੍ਹਾ ਕਿਹਾ ਕਿ ਫੀਲਡ ਅਧਿਕਾਰੀ ਲੋਕ ਨੁਮਾਇੰਦਿਆਂ ਅਤੇ ਆਮ ਲੋਕਾਂ ਨਾਲ ਤਾਲਮੇਲ ਬਿਠਾਉਂਦੇ ਹੋਏ ਨਿਰੰਤਰ ਰਾਬਤਾ ਬਣਾ ਕੇ ਰੱਖਣ। ਉਨ੍ਹੀ ਦੱਸਿਆ ਕਿ ਮੌਜੂਦਾ ਸਥਿਤੀ ਨਾਲ ਨਜਿੱਠਣ ਲਈ ਫੰਡਾਂ ਦੀ ਕੋਈ ਘਾਟ ਨਹੀਂ ਅਤੇ ਸੂਬੇ ਦੇ ਆਫ਼ਤ ਰਾਹਤ ਫੰਡ ਵਿੱਚੋਂ 33.50 ਕਰੋੜ ਰੁਪਏ ਤੁਰੰਤ ਜਾਰੀ ਕਰ ਦਿੱਤੇ ਗਏ ਹਨ। ਮੀਟਿੰਗ ਵਿੱਚ ਜਲ ਸਰੋਤ ਵਿਭਾਗ ਵੱਲੋਂ ਸੂਬੇ ਭਰ ਵਿੱਚ ਜਲ ਭੰਡਾਰਾਂ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ ਗਈ। ਭਾਖੜਾ ਡੈਮ ਵਿੱਚ ਇਸ ਵਾਲੇ ਪਾਣੀ ਦਾ ਪੱਧਰ 1614.89 ਫੁੱਟ ਹੈ, ਜਦੋਂ ਕਿ ਸਮਰੱਥਾ 1680 ਫੁੱਟ ਹੈ। ਇਸੇ ਤਰ੍ਹਾਂ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ 1350.63 ਫੁੱਟ ਹੈ, ਜਦੋਂ ਕਿ ਸਮਰੱਥਾ 1390 ਫੁੱਟ ਹੈ। ਰਣਜੀਤ ਸਾਗਰ ਡੈਮ ਵਿੱਚ ਪਾਣੀ ਦਾ ਪੱਧਰ 1706.26 ਫੁੱਟ ਹੈ, ਜਦੋਂ ਕਿ ਸਮਰੱਥਾ 1731.99 ਫੁੱਟ ਹੈ।

ਵਰਮਾ ਨੇ ਕਿਹਾ ਕਿ ਮਨੁੱਖੀ ਜਾਨਾਂ ਸਭ ਤੋਂ ਕੀਮਤੀ ਹਨ ਅਤੇ ਉਨ੍ਹਾਂ ਨੂੰ ਬਚਾਉਣਾ ਪ੍ਰਮੁੱਖ ਤਰਜੀਹ ਹੈ। ਨੀਵੇਂ ਪਾਣੀ ਵਾਲੇ ਖੇਤਰਾਂ ਅਤੇ ਹੜ੍ਹਾਂ ਦੇ ਸੰਭਾਵੀ ਖਤਰੇ ਵਾਲੇ ਇਲਾਕਿਆਂ ਵਿੱਚੋਂ ਲੋਕਾਂ ਨੂੰ ਸੁਰੱਖਿਅਤ ਕੱਢਣ ਨੂੰ ਪਹਿਲ ਦਿੱਤੀ ਜਾਵੇ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਇਸੇ ਤਰ੍ਹਾਂ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਨੂੰ ਲੋੜ ਪੈਣ ਉਤੇ ਖਾਣ ਵਾਲੇ ਪੈਕੇਟ ਤਿਆਰ ਕਰਨ ਲਈ ਕਿਹਾ। ਇਸ ਕੰਮ ਲਈ ਧਾਰਮਕ ਤੇ ਸਮਾਜਕ ਸੰਸਥਾਵਾਂ ਨਾਲ ਤਾਲਮੇਲ ਕਰਕੇ ਲੋੜੀਂਦੇ ਸਰਕਾਰੀ ਫੰਡਾਂ ਦੀ ਵਰਤੋਂ ਕੀਤੀ ਜਾਵੇ। ਬਿਜਲੀ ਤੇ ਟੈਲੀਕਾਮ ਵਿਭਾਗ ਨੂੰ ਆਪਣੀਆਂ ਸੇਵਾਵਾਂ ਨਿਰਵਿਘਨ ਜਾਰੀ ਰੱਖਣਾ ਯਕੀਨੀ ਬਣਾਉਣ ਲਈ ਕਿਹਾ। ਜਲ ਸਪਲਾਈ ਵਿਭਾਗ ਲੋਕਾਂ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣਾ ਵੀ ਯਕੀਨੀ ਬਣਾਵੇ। ਸਿਹਤ ਵਿਭਾਗ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਟਾਕਰੇ ਲਈ ਤਿਆਰ ਰਹੇ। ਇਸ ਮੌਕੇ ਕਲੋਰੀਨ ਦੀਆਂ ਗੋਲੀਆਂ ਲਈ ਤੁਰੰਤ ਫੰਡ ਜਾਰੀ ਕਰਨ ਲਈ ਕਿਹਾ। ਪਸ਼ੂ ਪਾਲਣ ਵਿਭਾਗਾਂ ਨੂੰ ਪਸ਼ੂ ਧਨ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਅਗਾਊਂ ਇੰਤਜ਼ਾਮ ਕਰਨ ਲਈ ਕਿਹਾ। ਪੇਂਡੂ ਵਿਕਾਸ ਤੇ ਪੰਚਾਇਤ ਅਤੇ ਸਥਾਨਕ ਸਰਕਾਰਾਂ ਵਿਭਾਗ ਨੂੰ ਆਪਣੇ ਨੁਮਾਇੰਦਿਆਂ ਨਾਲ ਸ਼ਹਿਰਾਂ ਤੇ ਪਿੰਡਾਂ ਵਿੱਚ ਲੋਕਾਂ ਦੀ ਮਦਦ ਲਈ ਤਿਆਰ-ਬਰ-ਤਿਆਰ ਰਹਿਣ ਲਈ ਕਿਹਾ। ਮੁੱਖ ਸਕੱਤਰ ਵੱਲੋਂ ਫੀਲਡ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ, ਜਿਸ ਵਿੱਚ ਐੱਸ ਏ ਐੱਸ ਨਗਰ, ਪਟਿਆਲਾ, ਰੂਪਨਗਰ ਤੇ ਸੰਗਰੂਰ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਦੱਸਿਆ ਗਿਆ ਕਿ ਉਨਾਂ ਦੇ ਜ਼ਿਲ੍ਹਿਆਂ ਵਿੱਚ ਕੁਝ ਥਾਵਾਂ ਉਤੇ ਸਥਿਤੀ ਗੰਭੀਰ ਹੈ, ਪਰ ਪ੍ਰਸ਼ਾਸਨ ਵੱਲੋਂ ਮੁਸਤੈਦੀ ਨਾਲ ਕੰਮ ਕੀਤਾ ਜਾ ਰਿਹਾ ਹੈ। ਮੁੱਖ ਸਕੱਤਰ ਨੇ ਸਾਰੇ ਜ਼ਿਲ੍ਹਿਆਂ ਨੂੰ ਆਖਿਆ ਕਿ ਆਪਣੀ ਤਰਜੀਹਾਂ ਨਿਰਧਾਰਤ ਕਰਦੇ ਹੋਏ, ਜੋ ਮਦਦ ਲੋੜੀਂਦੀ ਹੈ, ਉਸ ਤੋਂ ਜਾਣੂੰ ਕਰਵਾਇਆ ਗਿਆ। ਇਸ ਮੌਕੇ ਐੱਨ ਡੀ ਆਰ ਐੱਫ ਦੇ ਕਮਾਂਡੈਂਟ ਨੇ ਦੱਸਿਆ ਕਿ ਪੰਜਾਬ ਵਿੱਚ 14 ਐੱਨ ਡੀ ਆਰ ਐੱਫ ਟੀਮਾਂ ਤਾਇਨਾਤ ਹਨ। ਰੂਪਨਗਰ ਜਿੱਥੇ ਹੁਣ ਚਾਰ ਟੀਮਾਂ ਤਾਇਨਾਤ ਸਨ, ਡਿਪਟੀ ਕਮਿਸ਼ਨਰ ਵੱਲੋਂ ਮੰਗ ਕੀਤੇ ਜਾਣ ਉਤੇ ਇਕ ਹੋਰ ਟੀਮ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ।

### ਸੋਨੀ ਦੋ ਦਿਨ..

'ਚ ਪੇਸ਼ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਕਾਂਗਰਸੀ ਆਗੂ ਅਤੇ ਵਰਕਰ ਪੁੱਜੇ ਹੋਏ ਸਨ। ਉਧਰ, ਕਾਂਗਰਸ ਦੇ ਮੀਡੀਆ ਵਿਭਾਗ ਦੇ ਮੁਖੀ ਪਵਨ ਖੇੜਾ ਨੇ ਨਵੀਂ ਦਿੱਲੀ ਵਿਚ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਕੇਂਦਰ ਸਰਕਾਰ ਵਾਂਗ 'ਹੈੱਡਲਾਈਨ ਮੈਨੇਜਮੈਂਟ' 'ਚ ਲੱਗੀ ਹੋਈ ਹੈ। ਉਨ੍ਹਾ ਦੋਸ਼ ਲਗਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਸੂਬੇ 'ਚ ਕਾਂਗਰਸ ਦੀ ਹਿੰਦੂ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਰਚ ਰਹੇ ਹਨ ਅਤੇ ਭਾਜਪਾ ਦੀ ਮਦਦ ਕਰਨਾ ਚਾਹੁੰਦੇ ਹਨ।


**AXIS BANK**

**Retail Assets Center:** AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001.
**Corporate Office:** 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025.
**Registered Office:** 'Trishul', 3rd floor, Opposite Samartheswar Temple, Law Garden, Ellisbridge, Ahmedabad-380006.

**ਸਕਿਉਰਟਾਇਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਇਸ ਜਾਇਦਾਦ ਨਾਲ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਇਸ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਵਸੂਲੀ ਹੇਠ ਹੋਵੇਗੀ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ /ਕਾਨੂੰਨੀ ਵਾਰਸ/ਪਤਾ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਖੜ੍ਹੀ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|
| 1. | 1. ਮੈਸ. ਬੇਰੀ ਟ੍ਰੇਡਰਜ਼ ਰਾਹੀਂ ਇਸਦੇ ਭਾਈਵਾਲਾਂ ਸ੍ਰੀ ਹਰਪ੍ਰੀਤ ਸਿੰਘ, ਸ੍ਰੀ ਸਤਵਿੰਦਰ ਸਿੰਘ ਅਤੇ ਕੁਮਾਰੀ ਸੁਰਜੀਤ ਕੌਰ ਦੁਕਾਨ ਨੰ. 142, ਨੇੜੇ ਦਾਣਾ ਮਾਰਕੀਟ, ਗੁਰੂ ਹਰਸਹਾਏ-152022, ਨਾਲ ਹੀ : ਮਾਰਫਤ ਰਿਸ਼ੀ ਚੌਕ, ਗੁਰੂ ਹਰਸਹਾਏ, ਫਿਰੋਜ਼ਪੁਰ-152022<br>2. ਸ੍ਰੀ ਹਰਪ੍ਰੀਤ ਸਿੰਘ ਪੁੱਤਰ ਸ੍ਰੀ ਦਲੀਪ ਸਿੰਘ, ਪਿੰਡ ਗੁਰੂ ਹਰਸਹਾਏ (ਦਿਹਾਤੀ) ਦਰਮਿਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152022 ਨਾਲ ਹੀ : ਨੇੜੇ ਪੋਥੀ ਮਾਲਾ ਹੌਡਾ ਵਾਲੀ ਗਲੀ, ਗੁਰੂ ਹਰਸਹਾਏ, ਫਿਰੋਜ਼ਪੁਰ-152022 ਨਾਲ ਹੀ : ਮਕਾਨ ਨੰ. 45, ਡਾਕਖਾਨਾ ਗੁਰੂ ਹਰਸਹਾਏ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਿਰੋਜ਼ਪੁਰ-152022 ਨਾਲ ਹੀ : ਪਿੰਡ ਹੱਡੀਵਾਲ, ਤਹਿਸੀਲ ਗੁਰੂ ਹਰਸਹਾਏ, ਫਿਰੋਜ਼ਪੁਰ-152022, ਨਾਲ ਹੀ : ਦੁਕਾਨ ਨੰ. 142, ਨੇੜੇ ਦਾਣਾ ਮਾਰਕੀਟ, ਗੁਰੂ ਹਰਸਹਾਏ-152022<br>3. ਸ੍ਰੀ ਸਤਵਿੰਦਰ ਸਿੰਘ ਪੁੱਤਰ ਸ੍ਰੀ ਦਲੀਪ ਸਿੰਘ ਪਿੰਡ ਗੁਰੂ ਹਰਸਹਾਏ (ਦਿਹਾਤੀ) ਦਰਮਿਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152022, ਨਾਲ ਹੀ : ਪਿੰਡ ਹੱਡੀਵਾਲ, ਤਹਿਸੀਲ ਗੁਰੂ ਹਰਸਹਾਏ, ਫਿਰੋਜ਼ਪੁਰ-152022, ਨਾਲ ਹੀ ਮਕਾਨ ਨੰ. 2809, ਹਾਊਸਫੈੱਡ ਕੰਪਲੈਕਸ, ਸੈਕਟਰ 49 ਡੀ, ਜੀ ਫਲੋਰ, ਚੰਡੀਗੜ੍ਹ-160047 ਨਾਲ ਹੀ : ਦੁਕਾਨ ਨੰ. 142, ਨੇੜੇ ਦਾਣਾ ਮਾਰਕੀਟ, ਗੁਰੂ ਹਰਸਹਾਏ-152022<br>4. ਸ੍ਰੀਮਤੀ ਸੁਰਜੀਤ ਕੌਰ ਪਤਨੀ ਸ੍ਰੀ ਦਲੀਪ ਸਿੰਘ, ਪਿੰਡ ਗੁਰੂ ਹਰਸਹਾਏ (ਦਿਹਾਤੀ) ਦਰਮਿਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152022 ਨਾਲ ਹੀ : ਹੌਡਾ ਵਾਲੀ ਗਲੀ, ਗੁਰੂ ਹਰਸਹਾਏ, ਫਿਰੋਜ਼ਪੁਰ-152022, ਨਾਲ ਹੀ : ਦੁਕਾਨ ਨੰ. 142, ਨੇੜੇ ਦਾਣਾ ਮਾਰਕੀਟ, ਗੁਰੂ ਹਰਸਹਾਏ-152022, ਨਾਲ ਹੀ : ਪਿੰਡ ਹੱਡੀਵਾਲ, ਤਹਿਸੀਲ ਗੁਰੂ ਹਰਸਹਾਏ, ਫਿਰੋਜ਼ਪੁਰ-152022<br>5. ਸ੍ਰੀਮਤੀ ਜਸਵਿੰਦਰ ਕੌਰ ਪਤਨੀ ਸ੍ਰੀ ਸਤਵਿੰਦਰ ਸਿੰਘ, ਪਿੰਡ ਗੁਰੂ ਹਰਸਹਾਏ (ਦਿਹਾਤੀ) ਦਰਮਿਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152022, ਨਾਲ ਹੀ : ਮਕਾਨ ਨੰ. 45, ਡਾਕਖਾਨਾ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152022. ਨਾਲ ਹੀ : ਦੁਕਾਨ ਨੰ. 142, ਨੇੜੇ ਦਾਣਾ ਮਾਰਕੀਟ, ਗੁਰੂ ਹਰਸਹਾਏ-152022 ਨਾਲ ਹੀ : ਮਕਾਨ ਨੰ. 2809, ਹਾਊਸਫੈੱਡ ਕੰਪਲੈਕਸ, ਸੈਕਟਰ 49 ਡੀ, ਜੀ ਫਲੋਰ, ਚੰਡੀਗੜ੍ਹ-160047, ਨਾਲ ਹੀ : ਪਿੰਡ ਹੱਡੀਵਾਲ, ਤਹਿਸੀਲ ਗੁਰੂ ਹਰਸਹਾਏ, ਫਿਰੋਜ਼ਪੁਰ-152022<br>**ਕਰਜ਼ਾ ਖਾਤਾ ਨੰ. : 918030071523986** | 9 ਜੂਨ 2023 | 14 ਜੂਨ 2023 | ਰੂ. 51, 91,476/- (ਇਕਵੰਜਾ ਲੱਖ ਇਕਿਆਨਵੇਂ ਹਜ਼ਾਰ ਚਾਰ ਸੌ ਛਿੱਤਰ ਰੁਪਏ ਕੇਵਲ) ਰੂ. | 50,00,000/- (ਪੰਜਾਹ ਲੱਖ ਰੁਪਏ ਕੇਵਲ) | ਸਾਰਣੀ ਪਹਿਲੀ ਅਚੱਲ ਐੱਸਟਸ ਦਸਤਾਵੇਜ਼ਾਂ ਅਨੁਸਾਰ : ਵਪਾਰਕ ਜਾਇਦਾਦ, ਦੁਕਾਨ ਨੰ. 142 ਦਾ ਉਚਿਤ ਗਿਰਵੀਨਾਮਾ ਜੋ ਕਿ 16'6"× 50' ਹੈ, ਨਵੀਂ ਦਾਣਾ ਮਾਰਕੀਟ, ਨਿਰਮਤ ਖੇਤਰ 91.66 ਵਰਗ ਗਜ਼, ਮੰਡੀ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਮੈਸ. ਬੇਰੀ ਟ੍ਰੇਡਰਜ਼ ਰਾਹੀਂ ਇਸ ਦੇ ਭਾਈਵਾਲਾਂ ਸ੍ਰੀ ਹਰਪ੍ਰੀਤ ਸਿੰਘ, ਸ੍ਰੀ ਸਤਵਿੰਦਰ ਸਿੰਘ, ਕੁਮਾਰੀ ਸੁਰਜੀਤ ਕੌਰ ਦੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਖੇਤੀਬਾੜੀ ਵਾਲੀ ਜ਼ਮੀਨ, ਉੱਤਰ : ਪਲਾਟ ਮੰਡੀ ਬੋਰਡ, ਦੱਖਣ : ਜੈਨ ਚੰਦ ਓਮ ਪ੍ਰਕਾਸ਼<br>ਸਾਰਣੀ ਦੂਜੀ ਅਚੱਲ ਐੱਸਟਸ ਦਸਤਾਵੇਜ਼ਾਂ ਅਨੁਸਾਰ : ਰਿਹਾਇਸ਼ੀ ਮਕਾਨ ਰਕਬਾ 5 ਮਰਲੇ 4.50 ਸਰਸਾਈ, ਜੋ ਕਿ 33'×45' ਹੈ ਦਾ ਉਚਿਤ ਗਿਰਵੀਨਾਮਾ, ਵੇਰਵਾ ਹੇਠ ਅਨੁਸਾਰ (ਏ) ਰਕਬਾ 03 ਮਰਲੇ 6 ਸਰਸਾਈ ਜੋ ਕਿ ਜ਼ਮੀਨ ਰਕਬਾ 7 ਕਨਾਲ 4 ਮਰਲੇ ਦਾ 33/1296 ਹਿੱਸਾ ਹੈ, ਖਸਰਾ ਨੰ. 242 ਐੱਮ/12/2 (7-4) ਖੇਵਟ ਨੰ. 2431, ਖਾਤੌਨੀ ਨੰ. 3041 (ਬੀ) ਰਕਬਾ 01 ਮਰਲਾ, 7.50 ਸਰਸਾਈ ਜੋ ਕਿ ਜ਼ਮੀਨ ਰਕਬਾ 0 ਕਨਾਲ 15 ਮਰਲੇ ਦਾ 33/288 ਹਿੱਸਾ ਹੈ, ਖਸਰਾ ਨੰ. 242 ਐੱਮ/19/1 (0-16), ਖੇਵਟ ਨੰ. 2434, ਖਾਤੌਨੀ ਨੰ. 3044, ਪਿੰਡ ਗੁਰੂ ਹਰਸਹਾਏ, ਦਰਮਿਆਨੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਸ੍ਰੀਮਤੀ ਜਸਵਿੰਦਰ ਕੌਰ ਪਤਨੀ ਸਤਵਿੰਦਰ ਸਿੰਘਨ ਦੇ ਨਾਂਅ 'ਤੇ, ਹੱਦਾਂ : ਪੂਰਬ : ਸੋਹਣ ਲਾਲ, ਪੱਛਮ : ਸਤਵਿੰਦਰ ਭੰਡਾਰੀ, ਉੱਤਰ : ਗਲੀ, ਦੱਖਣ : ਰਾਜ ਕੁਮਾਰ |
| 2. | 1. ਤਜਿੰਦਰ ਸਿੰਘ ਪੁੱਤਰ ਦਲਬੀਰ ਸਿੰਘ, ਪਿੰਡ ਤੇ ਡਾਕਖਾਨਾ ਮਹਿਤਾ ਚੌਕ, ਮਹਿਤਾ, ਮਹਿਤਾ ਚੌਕ, ਸਕੂਲ, ਤਹਿਸੀਲ ਬਾਬਾ ਬਕਾਲਾ, ਅੰਮ੍ਰਿਤਸਰ (ਪੰਜਾਬ) 143114<br>2. ਗੁਰਮੀਤ ਕੌਰ ਪਤਨੀ ਤਜਿੰਦਰ ਸਿੰਘ (ਸਹਿ-ਬਿਨੈਕਾਰ), ਪਿੰਡ ਤੇ ਡਾਕਖਾਨਾ ਮਹਿਤਾ ਚੌਕ, ਮਹਿਤਾ, ਮਹਿਤਾ ਚੌਕ ਸਕੂਲ, ਤਹਿਸੀਲ ਬਾਬਾ ਬਕਾਲਾ, ਅੰਮ੍ਰਿਤਸਰ (ਪੰਜਾਬ) 143114<br>**ਕਰਜ਼ਾ ਖਾਤਾ ਨੰ. : 917030068803838** | 27 ਮਾਰਚ 2023 | ਇੱਕ ਜੂਨ 2023 | ਰੂ. 32,74, 249/- (ਬੱਤੀ ਲੱਖ ਚੁਹੱਤਰ ਹਜ਼ਾਰ ਦੋ ਸੌ ਉਨੰਜਾ ਰੁਪਏ ਕੇਵਲ) | ਰੂ. 25,50,000/- (ਪੱਚੀ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) | ਬੈਨਾਮਾ ਨੰ. 3086 ਮਿਤੀ 07-03-2008 ਅਨੁਸਾਰ ਗੁਰਮੀਤ ਕੌਰ ਪਤਨੀ ਤਜਿੰਦਰ ਸਿੰਘ, ਵਾਸੀ ਮਹਿਤਾ ਚੌਕ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਰਿਹਾਇਸ਼ੀ ਮਕਾਨ ਰਕਬਾ 0 ਕਨਾਲ-10 ਮਰਲੇ, ਜੋ ਕਿ ਖਸਰਾ ਨੰ. 20//22/1 (5-2), ਖੇਵਟ ਨੰ. 823 ਖਾਤੌਨੀ ਨੰ. 1352/1 ਦਾ 10/102 ਹਿੱਸਾ ਹੈ, ਜਮ੍ਹਾਂਬੰਦੀ ਸਾਲ 2003-2004 ਮੌਜੂਦਾ ਖੇਵਟ ਨੰ. 854 ਖਤੌਨੀ ਨੰ. 434 ਜਮ੍ਹਾਂਬੰਦੀ ਸਾਲ 2013-2014, ਪਿੰਡ ਮਹਿਤਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਹੋਰਨਾਂ ਦੀ ਜਾਇਦਾਦ, ਪੱਛਮ : ਸੜਕ, ਉੱਤਰ : ਪਿੰਕੀ ਜੈਨ ਦੀ ਜਾਇਦਾਦ, ਦੱਖਣ : ਖਾਲੀ ਪਲਾਟ। |

ਉਪਰੋਕਤ ਦਰਸਾਏ ਹਾਲਾਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। (ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 11-07-2023, ਸਥਾਨ : ਪੰਜਾਬ — ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**YES BANK**

**Regd. Office: YES BANK House,** Off Western Express Highway, Santacruz (East), Mumbai – 400055
**Branch Office: YES BANK LIMITED.**| B-XX 2427 – 928, 1st Floor, Gobind Nagar, Ferozepur Road, Ludhiana – 141001, website: www.yesbank.in

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਉਰਡ ਕ੍ਰੈਡਿਟਰ ਵੱਲੋਂ (1) ਮੈਸ. ਮਹਾਰਾਜਾ ਬੈਂਡ (ਕਰਜ਼ਦਾਰ ਅਤੇ ਰਹਿਣਕਾਰ), ਰਾਹੀਂ ਇਸ ਦੇ ਮਾਲਕ ਸ੍ਰੀ ਨਰਿੰਦਰ ਸਿੰਘ (2) ਸ੍ਰੀਮਤੀ ਅਰਵਿੰਦਰ ਕੌਰ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਤੋਂ 30 ਸਤੰਬਰ 2022 ਨੂੰ ਬਕਾਇਆ ਰਕਮ ਰੁ. 4,31,92, 379.25/-(ਚਾਰ ਕਰੋੜ, ਇਕੱਤੀ ਲੱਖ, ਬਾਨਵੇ ਹਜ਼ਾਰ, ਤਿੰਨ ਸੌ ਉਨਾਸੀ ਰੁਪਏ ਅਤੇ ਪੱਚੀ ਪੈਸੇ ਕੇਵਲ) ਸਮੇਤ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਚਾਰਜਿਜ਼ ਦੇ ਵਸੂਲ ਕਰਨ ਲਈ "ਜਿਵੇਂ ਹੈ ਜਿੱਥੇ ਹੈ" 'ਜੋ ਵੀ ਹੈ ਜਿਵੇਂ ਹੈ' ਦੇ ਆਧਾਰ 'ਤੇ 03 ਅਗਸਤ 2023 ਨੂੰ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਰੁ. 2,65,50,000/- (ਦੋ ਕਰੋੜ, ਪੈਂਹਠ ਲੱਖ, ਪੰਜਾਹ ਹਜ਼ਾਰ ਰੁਪਏ ਕੇਵਲ) ਅਤੇ ਬਿਆਨਾ ਰਕਮ ਰੁ. 26,55,000/-(ਛੱਬੀ ਲੱਖ, ਪਚਵੰਜਾ ਹਜ਼ਾਰ ਰੁਪਏ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

1. ਮਕਾਨ. ਨੰ. 6833/22, ਖਸਰਾ ਨੰ. 1989/1372-1987/1371, ਖੇਤਾ ਨੰ. 901/976-977-905/983 ਤੋਂ 985, ਜਮ੍ਹਾਂਬੰਦੀ ਸਾਲ 2002-03, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਮੋਹਰ ਸਿੰਘ ਨਗਰ ਵਜੋਂ ਜਾਣੀ ਜਾਂਦੀ ਅਬਾਦੀ, ਗਲੀ ਨੰ. 8, ਨੇੜੇ ਗੰਦਾ ਨਾਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਰਕਬਾ 192 ਵਰਗ ਗਜ਼ ਨਾਲ ਸੰਬੰਧਤ ਸਭ ਕੁਝ।

2. ਮਕਾਨ. ਨੰ. 6833/22, ਖਸਰਾ ਨੰ. 1989/1372-1987/1371, ਖੱਤਾ ਨੰ. 901/976-971-905/985, ਜਮ੍ਹਾਂਬੰਦੀ ਸਾਲ 2002-03, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਮੋਹਰ ਸਿੰਘ ਨਗਰ ਵਜੋਂ ਜਾਣੀ ਜਾਂਦੀ ਅਬਾਦੀ, ਗਲੀ ਨੰ. 8, ਨੇੜੇ ਗੰਦਾ ਨਾਲਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਰਕਬਾ ਕਰੀਬ 120 ਵਰਗ ਗਜ਼ ਨਾਲ ਸੰਬੰਧਤ ਸਭ ਕੁਝ।

3. ਜਾਇਦਾਦ ਐੱਮ ਸੀ ਬੀ-XXIII-3368/2 ਪੁਰਾਣਾ, ਐੱਮ ਸੀ ਨੰ. ਬੀ-XXIII-6833 (ਨਵਾਂ) ਅਤੇ ਪਲਾਟ ਨੰ. 4, ਮਿਨ, ਰਕਬਾ ਕਰੀਬ 126 ਵਰਗ ਗਜ਼, ਖੱਤਾ ਨੰ. 919/992, 993, ਖਸਰਾ ਨੰ. 1989/1372, ਜਮ੍ਹਾਂਬੰਦੀ ਸਾਲ 2007-2008, ਮਾਲੀਆ ਅਸਟੇਟ ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਅਬਾਦੀ ਮੋਹਰ ਸਿੰਘ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

4. ਜਾਇਦਾਦ ਖਸਰਾ ਨੰ. 473, ਖੱਤਾ ਨੰ. 64/85, ਜਮ੍ਹਾਂਬੰਦੀ ਸਾਲ 2004-2005 (ਖੱਤਾ ਨੰ. 65/82, ਜਮ੍ਹਾਂਬੰਦੀ ਸਾਲ 2009-2010) ਪਿੰਡ ਦਾਦ, ਹਦਬਸਤ ਨੰਬਰ 279 ਅਬਾਦੀ ਵਿਸ਼ਨੂੰ ਇਨਕਲੇਵ, ਨੇੜੇ ਟਾਪ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਰਕਬਾ ਕਰੀਬ 400 ਵਰਗ ਗਜ਼ ਨਾਲ ਸੰਬੰਧਤ ਸਭ ਕੁਝ।

ਈ-ਨਿਲਾਮੀ ਦੀ ਮਿਤੀ ਤੇ ਸਮਾਂ : 3 ਅਗਸਤ, ਸਵੇਰੇ 11.00 ਵਜੇ ਤੋਂ ਸ਼ਾਮ 2.00 ਵਜੇ ਤੱਕ ਹਰੇਕ 5 ਮਿੰਟ ਦੇ ਵਾਧੇ ਨਾਲ।

ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 1. ਅਗਸਤ 2023, ਸ਼ਾਮ ਦੇ 3.00 ਵਜੇ ਤੱਕ ।

ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 15 ਜੁਲਾਈ 2023, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਵਿਨੀਤ ਕੁਮਾਰ 91-9313576702 vineet.kumar12@yesbank.in ਅਤੇ ਮੈਸ. ਈ-ਪ੍ਰੋਕਿਊਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀ ਸਮਰਥਨ ਨੰ.+91 9265562821/18& 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 15 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 7 ਜੁਲਾਈ 2023 — ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫਸਰ



**ਨਵਾਂ ਜ਼ਮਾਨਾ** ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

11July-PAGE3.qxd 7/11/2023 1:03 AM Page 1



# ਪਾਣੀ ਨਾਲ ਪ੍ਰਭਾਵਿਤ ਬਮਿਆਲ ਖੇਤਰ ਦਾ ਕਟਾਰੂਚੱਕ ਵੱਲੋਂ ਦੌਰਾ

## ਪੰਜਾਬ ਸਰਕਾਰ ਵੱਲੋਂ ਹਰ ਤਰ੍ਹਾਂ ਦੀ ਸਹਾਇਤਾ ਦੇਣ ਲਈ ਲੋਕਾਂ ਨੂੰ ਦਿੱਤਾ ਭਰੋਸਾ

**ਪਠਾਨਕੋਟ (ਦਵਿੰਦਰ ਸਿੰਘ)**-ਐਤਵਾਰ ਨੂੰ ਜ਼ਿਲ੍ਹਾ ਪਠਾਨਕੋਟ ਦੇ ਨਾਲ ਲੱਗਦੇ ਬਮਿਆਲ ਖੇਤਰ ਅੰਦਰ ਉੱਜ ਦਰਿਆ ਵਿੱਚ ਜ਼ਿਆਦਾ ਪਾਣੀ ਆਉਂਣ ਕਰਕੇ ਬਮਿਆਲ ਖੇਤਰ ਅੰਦਰ ਹੜ੍ਹਾਂ ਅਜਿਹੀ ਸਥਿਤੀ ਬਣ ਗਈ ਅਤੇ ਬਮਿਆਲ ਖੇਤਰ ਉੱਜ ਦਰਿਆ ਦੇ ਪਾਣੀ ਨਾਲ ਪ੍ਰਭਾਵਿਤ ਵੀ ਹੋਇਆ ਜਿਸ ਦੇ ਚਲਦਿਆਂ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਪਾਣੀ ਨਾਲ ਪ੍ਰਭਾਵਿੱਤ ਖੇਤਰਾਂ ਦਾ ਦੌਰਾ ਕੀਤਾ ਗਿਆ। ਐਤਵਾਰ ਸਵੇਰੇ ਸਵੇਰੇ ਬਣੀ ਹੜ੍ਹਾਂ ਅਜਿਹੀ ਸਥਿਤੀ ਦਾ ਜਾਇਜ਼ਾ ਲੈਣ ਲਈ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਵੀ ਪਹੁੰਚੇ ਅਤੇ ਜ਼ਿਲ੍ਹਾ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ। ਲੋਕਾਂ ਨਾਲ ਮਿਲੇ ਅਤੇ ਮੌਕੇ 'ਤੇ ਅਧਿਕਾਰੀਆਂ ਨੂੰ ਪ੍ਰਭਾਵਿਤ ਖੇਤਰਾਂ ਅੰਦਰ ਲੋਕਾਂ ਦੀ ਸਹਾਇਤਾ ਕਰਨ ਲਈ ਆਦੇਸ਼ ਵੀ ਜਾਰੀ ਕੀਤੇ।



ਜਾਣਕਾਰੀ ਦਿੰਦਿਆਂ ਕਟਾਰੂਚੱਕ ਨੇ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਅੱਜ ਸਰਹੱਦੀ ਪਿੰਡ ਜੈਦਪੁਰ, ਖੋਜਕੀ ਚੱਕ, ਬਮਿਆਲ ਦਾ ਦੌਰਾ ਕੀਤਾ ਗਿਆ ਜੋ ਉੱਝ ਨਦੀ ਦੇ ਪਾਣੀ ਦੀ ਮਾਰ ਹੇਠਾ ਆ ਚੁੱਕੇ ਨੇ। ਲੋੜ ਅਨੁਸਾਰ ਰਾਹਤ ਪ੍ਰਦਾਨ ਕਰਨ ਲਈ ਜ਼ਿਲੇ ਦੇ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਜ ਦਰਿਆ ਦੇ ਨਾਲ ਨਾਲ ਰਹਿੰਦੇ ਲੋਕਾਂ ਨੂੰ ਬਚਾਉਣ ਦੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਲੋਕਾਂ ਨੂੰ ਆਈਟੀਆਈ ਬਮਿਆਲ ਵਿਖੇ ਪਹੁੰਚਾਇਆ ਜਾ ਰਿਹਾ ਹੈ ਜਿੱਥੇ ਬਚਾਓ ਕੇਂਦਰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਪਿਛਲੇ ਦਿਨ੍ਹਾਂ ਦੇ ਮੌਸਮ ਨੂੰ ਦੇਖਦਿਆਂ ਪੂਰੇ ਪੰਜਾਬ ਅੰਦਰ ਆਦੇਸ਼ ਜਾਰੀ ਕੀਤੇ ਗਏ ਹਨ ਕਿ ਜਿਹੜੇ ਖੇਤਰ ਬਾਰਿਸ਼ ਦੇ ਪਾਣੀ ਦੇ ਨਾਲ ਪ੍ਰਭਾਵਿਤ ਹੋਏ ਹਨ ਉਨ੍ਹਾਂ ਖੇਤਰਾਂ ਵਿੱਚ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਵੀ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਲੋਕਾਂ ਦੇ ਨਾਲ ਖੜੇ ਹਾਂ ਹਰ ਮੁਸੀਬਤ ਵਿੱਚ ਉਨ੍ਹਾਂ ਦਾ ਸਾਥ ਦੇਵਾਂਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਸਾਰੇ ਪ੍ਰਸ਼ਾਸਨਿਕ ਅਧਿਕਾਰੀ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਬਚਾਓ ਕਾਰਜਾਂ ਵਿੱਚ ਲੱਗੇ ਹੋਏ ਹਨ। ਅਗਰ ਕਿਸੇ ਵੀ ਤਰ੍ਹਾਂ ਨਾਲ ਖੇਤਰ ਅੰਦਰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਜ਼ਿਲ੍ਹਾ ਪੱਧਰ ਤੇ ਕੰਟਰੋਲ ਰੂਮ ਪਹਿਲਾਂ ਹੀ ਸਥਾਪਤ ਕਰ ਦਿੱਤੇ ਗਏ ਹਨ। ਲੋਕ ਉਨ੍ਹਾਂ ਕੰਟਰੋਲ ਰੂਮਾਂ 'ਤੇ ਸਹਾਇਤਾਂ ਪ੍ਰਾਪਤ ਕਰਨ ਦੇ ਲਈ ਤਾਲਮੇਲ ਕਰ ਸਕਦੇ ਹਨ।

ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਕਿਹਾ ਕਿ ਉਜ ਦਰਿਆ ਵਿੱਚ ਜ਼ਿਆਦਾ ਪਾਣੀ ਆਉਣ ਕਰਕੇ ਹੜ੍ਹਾਂ ਵਾਲੀ ਸਥਿਤੀ ਬਣ ਗਈ ਸੀ, ਪਰ ਸਥਿਤੀ ਕੰਟਰੋਲ ਵਿੱਚ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹਾਂ ਤੋਂ ਬਚਾਓ ਲਈ ਸਾਰੀ ਤਿਆਰੀ ਪਹਿਲਾ ਤੋਂ ਹੀ ਕਰ ਲਈ ਗਈ ਸੀ। ਉਨ੍ਹਾਂ ਖੇਤਰ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਦਰਿਆ ਦੇ ਪਾਣੀ ਨਾਲ ਬਮਿਆਲ ਦੇ ਨਾਲ ਲਗਦੇ ਖੇਤਰਾਂ ਦੀਆਂ ਪੁਰਾਣੀਆਂ ਪੁਲੀਆਂ ਅਤੇ ਪੁਲ ਪ੍ਰਭਾਵਿਤ ਹੋਏ ਹਨ। ਇਸ ਲਈ ਲੋਕਾਂ ਨੂੰ ਅਪੀਲ ਹੈ ਕਿ ਉਹ ਬਿਨ੍ਹਾਂ ਕਿਸੇ ਕਾਰਨ ਤੋਂ ਬਮਿਆਲ ਖੇਤਰ ਅੰਦਰ ਨਾ ਫਿਰਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।

# ਕੈਬਨਿਟ ਮੰਤਰੀ ਭੁੱਲਰ ਨੇ ਹਲਕਾ ਪੱਟੀ ਦੇ ਹੜ੍ਹ ਮਾਰੇ ਇਲਾਕਿਆਂ ਦਾ ਲਿਆ ਜਾਇਜ਼ਾ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੰਜਾਬ ਦੇ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪੱਟੀ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਸਥਿਤੀ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਕੈਬਨਿਟ ਮੰਤਰੀ ਭੁੱਲਰ ਅਤੇ ਡਿਪਟੀ ਕਮਿਸ਼ਨਰ ਬਲਦੀਪ ਕੌਰ ਨੇ ਹੋਰਨਾਂ ਜ਼ਿਲ੍ਹਾ ਅਧਿਕਾਰੀਆਂ ਨਾਲ ਪਿੰਡ ਕੋਟ ਬੁੱਢਾ, ਮੁੱਠਿਆਂਵਾਲਾ, ਸੀਤੋ ਮਹਿ ਝੁੱਗੀਆਂ, ਰਾਦਲਕੇ, ਭੰਗਾਲਾ, ਤੂਤ, ਝੁੱਗੀਆਂ ਪੀਰਬਖ਼ਸ਼, ਰਾਮ ਸਿੰਘ ਵਾਲਾ, ਝੁੱਗੀਆਂ ਨੱਥਾ ਸਿੰਘ ਅਤੇ ਝੁੱਗੀਆਂ ਨੂਰ ਮੁਹੰਮਦ ਆਦਿ ਪਿੰਡਾਂ ਦਾ ਦੌਰਾ ਕੀਤਾ ਅਤੇ ਪਾਣੀ ਨਾਲ ਪ੍ਰਭਾਵਿਤ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਉਨ੍ਹਾਂ ਜ਼ਿਲ੍ਹਾ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਅਤੇ ਕਿਸਾਨਾਂ ਦੀ ਹਰ ਪੱਖੋਂ ਮਦਦ ਯਕੀਨੀ ਬਣਾਉਣ ਲਈ ਕਿਹਾ।

ਉਨ੍ਹਾਂ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਖੇਤਾਂ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਜਮ੍ਹਾਂ ਹੋਏ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਹਿਲ ਦੇ ਆਧਾਰ 'ਤੇ ਪ੍ਰਬੰਧ ਕੀਤੇ ਜਾਣ। ਟਰਾਂਸਪੋਰਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇ ਹੜ੍ਹਾਂ ਦੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਸਾਰੇ ਪ੍ਰਬੰਧ ਕੀਤੇ ਹੋਏ ਹਨ।

ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਤੋਂ ਮੈਦਾਨੀ ਅਤੇ ਪਹਾੜੀ ਖੇਤਰਾਂ ਵਿੱਚ ਪੈ ਰਹੀ ਭਾਰੀ ਬਾਰਸ਼ ਕਾਰਨ ਜ਼ਿਲ੍ਹਾ ਤਰਨ ਤਾਰਨ ਵਿਚੋਂ ਲੰਘਦੇ ਦਰਿਆਵਾਂ ਅਤੇ ਨਾਲਿਆਂ ਦੇ ਪਾਣੀ ਦਾ ਪੱਧਰ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਅਜੇ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਪ੍ਰਸ਼ਾਸਨ ਵੱਲੋਂ ਪੂਰੀ ਚੌਕਸੀ ਵਰਤੀ ਜਾ ਰਹੀ ਹੈ। ਉਨ੍ਹਾਂ ਪਾਣੀ ਨਾਲ ਪ੍ਰਭਾਵਿਤ ਪਿੰਡਾਂ ਦੇ ਵਸਨੀਕਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਕਿਸੇ ਵੀ ਹੰਗਾਮੀ ਹਾਲਤ ਦਾ ਸਾਹਮਣਾ ਕਰਨ ਲਈ ਪੂਰੀ ਤਰਾਂ ਤਿਆਰ ਹੈ।



ਇਸ ਮੌਕੇ ਡੀਸੀ ਬਲਦੀਪ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਕਿਹਾ ਕਿ ਉਹ ਚੌਕਸੀ ਰੱਖਣ ਅਤੇ ਜਦੋਂ ਵੀ ਕਿਤੇ ਉਨ੍ਹਾਂ ਨੂੰ ਪਾਣੀ ਦਾ ਪੱਧਰ ਵੱਧਦਾ ਦਿਖਾਈ ਦੇਵੇ ਤਾਂ ਉਹ ਤੁਰੰਤ ਜ਼ਿਲ੍ਹਾ ਪੱਧਰੀ ਫਲੱਡ ਕੰਟਰੋਲ ਰੂਮ 01852-224107 ਨਾਲ ਸੰਪਰਕ ਕਰਨ। ਇਸ ਮੌਕੇ ਐਸਪੀ ਵਿਸ਼ਾਲਜੀਤ ਸਿੰਘ, ਚੇਅਰਮੈਨ ਦਿਲਬਾਗ ਸਿੰਘ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋ, ਅਸ਼ਵਨੀ ਕੁਮਾਰ ਪ੍ਰਧਾਨ ਤੂਤ, ਗੁਰਪਰਿੰਦਰ ਸਿੰਘ ਉਪਲ, ਗੁਰਨਾਮ ਸਿੰਘ ਬੱਬੀ ਬਾਠ ਸਰਪੰਚ ਬੂਹ ਹਵੇਲੀਆਂ, ਸ਼ੇਰ ਸਿੰਘ ਸਰਪੰਚ ਕੋਟਬੁੱਢਾ, ਜੇਈ ਗੁਰਮੀਤ ਸਿੰਘ, ਵਿਨੋਦ ਕੁਮਾਰ, ਗੁਰਸੇਵਕ ਸਿੰਘ, ਹਰਜਿੰਦਰ ਸਿੰਘ ਥਾਣਾ ਮੁਖੀ, ਤਰਸੇਮ ਤੂਤ, ਅੰਮ੍ਰਿਤ ਤੂਤ, ਜੋਗਾ ਤੂਤ, ਕਾਰਜ ਨੰਬਰਦਾਰ, ਚਮਕੌਰ ਸਿੰਘ, ਜੁਗਰਾਜ ਸਿੰਘ, ਸੁੱਖ ਬਾਠ, ਜਸਬੀਰ ਸਿੰਘ ਧਾਰੀਵਾਲ, ਸਾਬ ਠੱਕਰਪੁਰਾ, ਬਾਜ ਰੱਤਾ ਗੁੱਦਾ, ਗੁਰਬਿੰਦਰ ਸਿੰਘ ਕਾਲੇਕੇ ਅਤੇ ਲਖਵਿੰਦਰ ਸਿੰਘ ਸਭਰਾ ਆਦਿ ਹਾਜ਼ਰ ਸਨ।

# ਸੜਕ ਹਾਦਸੇ ਦਾ ਸ਼ਿਕਾਰ ਹੋਏ ਜ਼ਖਮੀ ਨੇ ਪੁਲਸ ਪ੍ਰਸ਼ਾਸਨ 'ਤੇ ਲਾਏ ਬਣਦੀ ਕਾਰਵਾਈ ਨਾ ਕਰਨ ਦੇ ਦੋਸ਼

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਭਜਨ ਸਿੰਘ ਵਾਸੀ ਜੰਡਿਆਲਾ ਗੁਰੂ ਨੇ ਦੱਸਿਆ ਕਿ ਮੇਰਾ ਬੇਟਾ ਪਰਸ਼ੋਤਮ ਸਿੰਘ ਰਈਆ ਵਿਖੇ ਪ੍ਰਾਈਵੇਟ ਹਸਪਤਾਲ 'ਚ ਡਿਊਟੀ ਕਰਦਾ ਹੈ ਅਤੇ ਬੀਤੇ ਸ਼ੁੱਕਰਵਾਰ 30 ਜੂਨ ਨੂੰ ਉਹ ਰਾਤ ਦੀ ਡਿਊਟੀ ਕਰਕੇ ਸਵੇਰੇ ਆਪਣੇ ਘਰ ਆ ਰਿਹਾ ਸੀ। 8 ਵੱਜ ਕੇ 30 ਮਿੰਟ ਦੇ ਕਰੀਬ ਟਾਂਗਰਾ ਵਿਖੇ ਪਹੁੰਚਿਆ ਤਾਂ ਉਸਨੂੰ ਰੌਂਗ ਸਾਈਡ ਤੇ ਤੇਜ਼ ਰਫਤਾਰ ਆ ਰਹੀ ਕਾਰ ਨੇ ਸਾਹਮਣੇ ਤੋਂ ਜ਼ਬਰਦਸਤ ਟੱਕਰ ਮਾਰ ਦਿਤੀ। ਜਦੋਂ ਇਸ ਬਾਰੇ ਸਾਨੂੰ ਪਤਾ ਚੱਲਿਆ ਤਾਂ ਅਸੀਂ ਐਕਸੀਡੈਂਟ ਵਾਲੀ ਜਗ੍ਹਾ ਪਹੁੰਚੇ। ਟੱਕਰ ਇੰਨੀ ਭਿਆਨਕ ਸੀ ਕਿ ਲੜਕਾ ਕਰੀਬ ਦਸ ਫੁੱਟ ਦੂਰ ਜਾ ਕੇ ਡਿੱਗਾ ਜਿਸ ਨਾਲ ਰਗੜਾਂ ਤੇ ਉਸ ਦੇ ਸਿਰ ਵਿੱਚ ਕਾਫੀ ਗੰਭੀਰ ਸੱਟ ਲੱਗ ਗਈ ਜਿਸ ਨੂੰ ਹਸਪਤਾਲ ਰਈਆ ਵਿਖੇ ਦਾਖਲ ਕਰਵਾਇਆ ਗਿਆ ਜਿਸ ਦੀ ਲਿਖਤੀ ਰਿਪੋਰਟ ਉਸੇ ਦਿਨ 30 ਜੂਨ ਨੂੰ ਪੁਲਸ ਚੌਕੀ ਟਾਂਗਰਾ ਅੰਮ੍ਰਿਤਸਰ ਨੂੰ ਕਰ ਦਿੱਤੀ ਗਈ। 9 ਦਿਨ ਬੀਤ ਜਾਣ 'ਤੇ ਵੀ ਪੁਲਸ ਪ੍ਰਸ਼ਾਸਨ ਵੱਲੋਂ ਸਾਡੇ ਬੇਟੇ ਦੇ ਨਾ ਤਾਂ ਬਿਆਨ ਲਏ ਅਤੇ ਨਾ ਹੀ ਸਾਡੀ ਕੋਈ ਸੁਣਵਾਈ ਹੋ ਰਹੀ ਹੈ।

ਸਾਨੂੰ ਸ਼ੱਕ ਹੈ ਕਿ ਪੁਲਸ ਚੌਕੀ ਇੰਚਾਰਜ ਨੇ ਕਾਰ ਚਾਲਕ ਕੋਲੋਂ ਪੈਸੇ ਲੈ ਲਏ ਹੋਣੇ ਜੋ ਸਾਡੀ ਸੁਣਵਾਈ ਨਹੀਂ ਹੋ ਰਹੀ। ਇਸ ਸਬੰਧੀ ਜਦੋਂ ਪੁਲਸ ਚੌਕੀ ਟਾਂਗਰਾ ਇੰਚਾਰਜ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦਾ ਕਹਿਣਾ ਹੈ ਕਿ ਇਹ ਦੋਵੇਂ ਪਾਰਟੀਆਂ ਅਤੇ ਮੋਹਤਬਰ ਲੋਕ ਪੁਲਸ ਚੌਕੀ ਟਾਂਗਰਾ ਵਿਖੇ ਬੈਠੇ ਸਨ ਲੇਕਿਨ ਇਸ ਸਬੰਧੀ ਇਨ੍ਹਾਂ ਦੀ ਕੀ ਗੱਲ ਹੋਈ, ਬਾਰੇ ਸਾਨੂੰ ਨਹੀਂ ਦੱਸਿਆ ਗਿਆ।

ਮੈਂ ਪੁਲਸ ਚੌਕੀ ਨਹੀਂ ਹਾਂ, ਕੱਲ੍ਹ ਇਨ੍ਹਾਂ ਦੇ ਬਿਆਨ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਡੀ ਐਸ ਪੀ ਕੁਲਦੀਪ ਸਿੰਘ ਥਾਣਾ ਜੰਡਿਆਲਾ ਗੁਰੂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਮੈਨੂੰ ਕੋਈ ਜਾਣਕਾਰੀ ਨਹੀਂ। ਘਟਨਾ ਦੀ ਜਾਂਚ ਕਰਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨਤਾਰਨ ਵਿਖੇ ਤਿੰਨ ਰੋਜ਼ਾ ਸੈਮੀਨਾਰ ਸਮਾਪਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨਤਾਰਨ ਵਿਖੇ ਤਿੰਨ ਰੋਜ਼ਾ ਸੈਮੀਨਾਰ ਦਾ ਆਯੋਜਨ ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਵਧੀਕ ਆਨਰੇਰੀ ਸਕੱਤਰ, ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਸਕੂਲ ਹਰਜੀਤ ਸਿੰਘ ਅਤੇ ਮੀਤ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਸਕੂਲ ਗੁਰਿੰਦਰ ਸਿੰਘ, ਮੈਂਬਰ ਇੰਚਾਰਜ ਰਣਦੀਪ ਸਿੰਘ ਅਤੇ ਸਕੂਲ ਪ੍ਰਿੰਸੀਪਲ ਅਤੇ ਹਬ ਲੀਡਰ ਰਣਜੀਤ ਭਾਟੀਆ ਦੀ ਅਗਵਾਈ ਹੇਠ ਆਪਣੇ ਅੰਤਿਮ ਪੜਾਅ 'ਤੇ ਪਹੁੰਚੇ ਜਿਸ ਦੇ ਅੰਤਰਗਤ ਚੀਫ ਖਾਲਸਾ ਦੀਵਾਨ ਦੇ ਤੇਰਾਂ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਅਤੇ ਲਗਭਗ 350 ਅਧਿਆਪਕਾਂ ਨੇ ਭਾਗ ਲੈ ਕੇ ਆਪਣੇ ਅਧਿਆਪਨ ਕਲਾ ਵਿੱਚ ਵਾਧਾ ਕੀਤਾ। ਇਹ ਸੈਮੀਨਾਰ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੇ ਅਧਿਆਪਕਾਂ ਲਈ ਹਿੰਦੀ ਪੰਜਾਬੀ, ਅੰਗਰੇਜ਼ੀ, ਵਿਗਿਆਨ, ਸੋਸ਼ਲ ਸਾਇੰਸ ਅਤੇ ਗਣਿਤ ਤੋਂ ਇਲਾਵਾ ਧਾਰਮਿਕ ਸਿੱਖਿਆ ਲਈ ਲਗਾਏ ਗਏ ਸਨ। ਵੱਖ-ਵੱਖ ਸਕੂਲਾਂ ਤੋਂ ਆਏ ਹੋਏ ਪ੍ਰਿੰਸੀਪਲ ਸਾਹਿਬਾ ਨੇ ਹੱਬ ਲੀਡਰ ਰਣਜੀਤ ਭਾਟੀਆ ਸਮੇਤ ਚੀਫ ਖਾਲਸਾ ਦੀਵਾਨ ਅੰਮ੍ਰਿਤਸਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੈਮੀਨਾਰਾਂ ਨਾਲ ਅਧਿਆਪਕਾਂ ਨੂੰ ਬਹੁਤ ਕੁੱਝ ਵੱਖਰਾ ਸਿੱਖਣ ਦਾ ਮੌਕਾ ਮਿਲਦਾ ਹੈ ਜੋ ਕਿ ਉਹ ਰੋਜ਼ਾਨਾ ਜੀਵਨ ਵਿੱਚ ਇਸਤੇਮਾਲ ਕਰਕੇ ਵਿਦਿਆਰਥੀਆਂ ਵਿਦਿਆਰਥੀਆਂ ਦਾ ਸਹੀ ਮਾਰਗ ਦਰਸ਼ਨ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਅੰਗਰੇਜ਼ੀ ਵਿਸ਼ੇ ਵਿੱਚ ਐਨਈਪੀ.2020 ਲੈਸਨ ਪਲਾਨ, ਹੈਪੀ ਕਲਾਸ ਰੂਮ, ਸਾਇੰਸ ਵਿਸ਼ੇ ਵਿਚ, ਕਲਾਸ ਮੈਨੇਜਮੈਂਟ, ਜੁਆਇਫੁਲ ਲਰਨਿੰਗ, ਕੇਸ ਸਟੱਡੀ, ਗਣਿਤ ਵਿੱਚ ਲਰਨਿੰਗ ਆਫ ਮੈਥ, ਲਾਂਗ ਡਵੀਜ਼ਨ ਮੈਥਡ, ਐਕਸਪੈਰੀਮੈਂਟ ਲਰਨਿੰਗ, ਮਾਈਕਰੋ ਅਧਿਐਨ ਸੋਸ਼ਲ ਸਾਇੰਸ ਵਿੱਚ ਵਿਸ਼ੇ ਦੀ ਮਹੱਤਤਾ, ਪੁਲੀਟਿਕਲ ਡਿਵੈਲਪਮੈਂਟ, ਰੋਲ ਪਲੇ, ਹਿੰਦੀ ਵਿਚ ਕਵਿਤਾ ਉਚਾਰਨ, ਸੰਧੀ ਵਿਸ਼ੇਧ, ਸਮਾਸ, ਪੰਜਾਬੀ ਵਿੱਚ ਵਿਆਕਰਣ, ਮੁਹਾਰਨੀ ,ਟੀਚਿੰਗ ਲਰਨਿੰਗ ਮਟੀਰੀਅਲ, ਲਰਨਿੰਗ ਆਊਟ ਕਮਜ਼, ਕਿੰਡਰਗਾਰਟਨ ਵਿੱਚ ਐਫ ਐੱਲ-ਐੱਨ, ਪਪੇਟ ਸੋ, 21 ਸੈਂਚਰੀ ਸਕਿਲ, ਇਫੈਕਟਿਵ ਕਲਾਸਰੂਮਜ਼ ਮੈਨੇਜਮੈਂਟ ਆਦਿ ਉਪਰ ਵਿਚਾਰ ਚਰਚਾ ਕੀਤੀ ਗਈ। ਜਿਸ ਦੀ ਸਮੂਹ ਅਧਿਆਪਕ ਸਾਹਿਬਾਨ ਵੱਲੋਂ ਬਹੁਤ ਪ੍ਰਸ਼ੰਸਾ ਕੀਤੀ ਗਈ। ਸਕੂਲ ਪ੍ਰਿੰਸੀਪਲ ਰਣਜੀਤ ਭਾਟੀਆ ਨੇ ਕਿਹਾ ਕਿ ਇੱਕ ਅਧਿਆਪਕ ਦਾ ਦਰਜਾ ਬਹੁਤ ਉੱਚਾ ਹੈ ਅਤੇ ਹਰੇਕ ਵਿਦਿਆਰਥੀ ਦਾ ਭਵਿੱਖ ਸੁਆਰਨ ਵਿੱਚ ਅਧਿਆਪਕ ਬਹੁਤ ਵੱਡਾ ਰੋਲ ਅਦਾ ਕਰਦਾ ਹੈ। ਇਹ ਜ਼ਰੂਰੀ ਹੈ ਕਿ ਵਿੱਦਿਆ ਦਾ ਮਿਆਰ ਉੱਚਾ ਚੁੱਕਣ ਲਈ ਉਨਾਂ ਨੂੰ ਸਿੱਖਿਆ ਦੀਆਂ ਨਵੀਆਂ ਤਕਨੀਕਾਂ ਨਾਲ ਰੂ-ਬ-ਰੂ ਕਰਵਾਇਆ ਜਾਂਦਾ ਰਹੇ ਅਤੇ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਚੀਫ ਖਾਲਸਾ ਦੀਵਾਨ ਦਾ ਧੰਨਵਾਦ ਕੀਤਾ। ਚੀਫ ਖਾਲਸਾ ਦੀਵਾਨ ਦੇ ਵੱਖ ਵੱਖ ਸਕੂਲਾਂ ਤੋਂ ਆਏ ਹੋਏ ਪ੍ਰਿੰਸੀਪਲ ਸਾਹਿਬਾਨ ਨੇ ਸੀਕੇਡੀ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਅਧਿਆਪਕਾਂ ਨੂੰ ਇਕ ਅਜਿਹਾ ਪਲੇਟਫਾਰਮ ਮਿਲਿਆ ਹੈ ਜਿਸ ਨਾਲ ਸਾਰਿਆਂ ਨੂੰ ਇਕ ਲੈਵਲ ਤੇ ਸਿੱਖਣ ਅਤੇ ਅਧਿਆਪਨ ਕਲਾ ਦਾ ਮਿਆਰ ਉੱਚਾ ਚੁੱਕਣ ਵਿੱਚ ਕਾਫੀ ਮੌਕੇ ਮਿਲੇ ਹਨ। ਇਸ ਮੌਕੇ ਤਰਨਤਾਰਨ, ਪੱਟੀ, ਸੁਰ ਸਿੰਘ, ਬੁਰਜ ਮਰਹਾਣਾ, ਝਬਾਲ, ਕਸੇਲ, ਪਿੱਦੀ, ਕਪੂਰਥਲਾ, ਉੱਚਾ ਪਿੰਡ, ਆਸਲ ਉਤਾੜ, ਨੌਸ਼ਹਿਰਾ ਢਾਲਾ, ਨੌਸ਼ਹਿਰਾ ਪੰਨੂਆਂ ਅਤੇ ਘਸੀਟਪੁਰਾ ਦੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਅਤੇ ਅਧਿਆਪਕ ਹਾਜ਼ਰ ਸਨ।



# 10 ਹਜ਼ਾਰ ਦੀ ਨਕਦੀ ਤੇ ਐੱਲ ਸੀ ਡੀ ਚੋਰੀ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ 'ਚ ਚੋਰੀ ਦੀਆਂ ਘਟਨਾਵਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਚੋਰ ਆਏ ਦਿਨ ਬੰਦ ਘਰਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਅਜਿਹਾ ਹੀ ਇਕ ਮਾਮਲਾ ਗੁਰਦਾਸਪੁਰ-ਬਹਿਰਾਮਪੁਰ ਰੋਡ 'ਤੇ ਸਥਿਤ ਮੁਹੱਲਾ ਗੋਪਾਲ ਨਗਰ 'ਚ ਸਾਹਮਣੇ ਆਇਆ ਹੈ ਜਿਥੋਂ ਚੋਰ ਇਕ ਘਰ ਦੇ ਤਾਲੇ ਤੋੜ ਕੇ ਇਕ ਐਲਸੀਡੀ ਅਤੇ 10 ਹਜ਼ਾਰ ਦੀ ਨਕਦੀ ਚੋਰੀ ਕਰਕੇ ਲੈ ਗਏ। ਜਾਣਕਾਰੀ ਦਿੰਦਿਆਂ ਘਰ ਦੇ ਮਾਲਕ ਰਣਜੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਉਹ ਕਿਸੇ ਰਿਸ਼ਤੇਦਾਰ ਨੂੰ ਮਿਲਣ ਲਈ ਸ਼ਹਿਰ ਤੋਂ ਬਾਹਰ ਗਿਆ ਸੀ, ਅੱਜ ਜਦੋਂ ਵਾਪਸ ਆਇਆ ਤਾਂ ਦੇਖਿਆ ਕਿ ਘਰ ਦੇ ਤਾਲੇ ਟੁੱਟੇ ਹੋਏ ਸਨ ਅਤੇ ਕਮਰਿਆਂ 'ਚ ਸਾਰਾ ਸਾਮਾਨ ਖਿਲਰਿਆ ਪਿਆ ਸੀ। ਚੋਰ ਘਰ ਵਿਚ ਲੱਗੀ ਐਲਸੀਡੀ ਅਤੇ 10 ਹਜ਼ਾਰ ਰੁਪਏ ਚੋਰੀ ਕਰਕੇ ਲੈ ਗਏ। ਚੋਰੀ ਦੀ ਇਸ ਘਟਨਾ ਸਬੰਧੀ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ ਅਤੇ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਵਰ੍ਹਦੇ ਮੀਂਹ 'ਚ ਨਗਰ ਕੌਂਸਲ ਦੇ ਕਰਮਚਾਰੀਆਂ ਪਾਣੀ ਦੀ ਨਿਕਾਸੀ ਕੀਤੀ

**ਗੁਰਦਾਸਪੁਰ, (ਜਨਕ ਮਹਾਜਨ)**-ਸ਼ਹਿਰ ਅੰਦਰ ਹੋਈ ਭਾਰੀ ਬਾਰਸ਼ ਦੌਰਾਨ ਵੀ ਨਗਰ ਕੌਂਸਲ ਗੁਰਦਾਸਪੁਰ ਦੇ ਕਰਮਚਾਰੀਆਂ ਆਪਣੀ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਂਦੇ ਰਹੇ। ਨਗਰ ਕੌਂਸਲ ਗੁਰਦਾਸਪੁਰ ਦੇ ਸਫ਼ਾਈ ਕਰਮੀ ਵਰ੍ਹਦੇ ਮੀਂਹ ਦੌਰਾਨ ਸ਼ਹਿਰ ਦੇ ਨੀਵੇਂ ਇਲਾਕਿਆਂ ਵਿਚੋਂ ਬਰਸਾਤੀ ਪਾਣੀ ਦੀ ਨਿਕਾਸ ਕਰਨ ਵਿੱਚ ਲੱਗੇ ਰਹੇ। ਸਫ਼ਾਈ ਕਰਮਚਾਰੀਆਂ ਵਲੋਂ ਸ਼ਹਿਰ ਦੇ ਨੀਵੇਂ ਇਲਾਕਿਆਂ ਵਿੱਚ ਸਵਿਰੇਜ ਦੇ ਢੱਕਣ ਖੋਲ੍ਹਣ ਤੋਂ ਇਲਾਵਾ ਨਾਲਿਆਂ ਦੀਆਂ ਪੁਲੀਆਂ ਨੂੰ ਸਾਫ਼ ਕੀਤਾ ਗਿਆ ਅਤੇ ਜਿਥੇ ਕਿਤੇ ਵੀ ਪਾਣੀ ਦੀ ਨਿਕਾਸੀ ਵਿੱਚ ਅੜਚਣ ਆ ਰਹੀ ਸੀ ਉਸ ਨੂੰ ਠੀਕ ਕੀਤਾ ਗਿਆ। ਸਫ਼ਾਈ ਕਰਮਚਾਰੀਆਂ ਦੀ ਇਸ ਮਿਹਨਤ ਨਾਲ ਸ਼ਹਿਰ ਦੇ ਨੀਵੇਂ ਇਲਾਕਿਆਂ ਵਿਚੋਂ ਪਾਣੀ ਦੀ ਨਿਕਾਸੀ ਸੰਭਵ ਹੋ ਸਕੀ ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ। ਇਨ੍ਹਾਂ ਸਫ਼ਾਈ ਕਰਮਚਾਰੀਆਂਦੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਡਿਊਟੀ ਪੂਰੀ ਸਮਰਪਣ ਨਾਲ ਨਿਭਾਉਣ ਲਈ ਸ਼ਾਬਾਸ਼ੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਵਰ੍ਹਦੇ ਮੀਂਹ ਵਿੱਚ ਵੀ ਜਿਸ ਜਜ਼ਬੇ ਨਾਲ ਸਫ਼ਾਈ ਕਰਮਚਾਰੀਆਂ ਨੇ ਆਪਣੀਆਂ ਸੇਵਾਵਾਂ ਨਿਭਾ ਕੇ ਸ਼ਹਿਰ ਦੇ ਨੀਵੇਂ ਇਲਾਕਿਆਂ ਵਿਚੋਂ ਪਾਣੀ ਦੀ ਨਿਕਾਸੀ ਨੂੰ ਸੰਭਵ ਬਣਾਇਆ ਹੈ ਉਹ ਕਾਬਲੇ ਤਰੀਫ਼ ਹੈ।



# ਡੀਸੀ ਵੱਲੋਂ ਖੇਤੀਬਾੜੀ ਵਿਭਾਗ ਦੀਆਂ 5 ਜਾਗਰੂਕਤਾ ਵੈਨਾਂ ਰਵਾਨਾ

## ਪਰਾਲੀ ਨੂੰ ਅੱਗ ਨਾ ਲਗਾਉਣ ਲਈ ਹੁਣ ਤੋਂ ਹੀ ਕਿਸਾਨਾਂ ਨੂੰ ਕੀਤਾ ਜਾਵੇਗਾ ਜਾਗਰੂਕ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਆਪਣੇ ਦਫ਼ਤਰ ਤੋਂ ਖੇਤੀਬਾੜੀ ਵਿਭਾਗ ਦੀਆਂ 5 ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਮੁੱਖ ਖੇਤੀਬਾੜੀ ਅਧਿਕਾਰੀ ਡਾ. ਕ੍ਰਿਪਾਲ ਸਿੰਘ ਢਿਲੋਂ, ਖੇਤੀਬਾੜੀ ਅਫ਼ਸਰ ਪ੍ਰਭਜੋਤ ਸਿੰਘ ਅਤੇ ਹੋਰ ਖੇਤੀਬਾੜੀ ਅਫ਼ਸਰ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਗਰੂਕਤਾ ਵੈਨਾਂ ਰਵਾਨਾ ਕਰਨ ਮੌਕੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਾਸਮਤੀ ਹੇਠ ਰਕਬਾ ਵਧਾਉਣ ਲਈ ਯਤਨ ਕੀਤੇ ਜਾ ਰਹੇ ਹਨ ਜਿਸ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਨੂੰ ਬਾਸਮਤੀ ਜ਼ੋਨ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਇਹ ਪ੍ਰਚਾਰ ਵੈਨਾਂ ਜ਼ਿਲ੍ਹੇ ਦੇ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਬਾਸਮਤੀ ਦੀ ਕਾਸ਼ਤ ਕਰਨ ਲਈ ਪ੍ਰੇਰਿਤ ਕਰਨਗੀਆਂ। ਉਨ੍ਹਾਂ ਕਿਹਾ ਕਿ ਬਾਸਮਤੀ ਦੀ ਕਾਸ਼ਤ ਨੂੰ ਵਧਾਉਣ ਲਈ ਜ਼ਿਲ੍ਹੇ ਵਿੱਚ ਪਿੰਡ ਪੱਧਰ 'ਤੇ 355 ਕਿਸਾਨ ਮਿੱਤਰ ਅਤੇ 33 ਸੁਪਰਵਾਈਜ਼ਰ ਵੀ ਨਿਯੁਕਤ ਕੀਤੇ ਗਏ ਹਨ ਜੋ ਕਿਸਾਨਾਂ ਨੂੰ ਬਾਸਮਤੀ ਦੀ ਕਾਸ਼ਤ ਲਈ ਉਤਸ਼ਾਹਤ ਕਰਨ ਦੇ ਨਾਲ ਪਾਬੰਦੀਸ਼ੁਦਾ ਪੈਸਟੀਸਾਈਡ ਦੇ ਉਪਯੋਗ ਨਾ ਕਰਨ ਸਬੰਧੀ ਜਾਗਰੂਕ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਐਸੀਫੇਟ, ਕਲੋਰੋਪਾਈਰੀਫਾਸ, ਥਾਇਆਮਿਥੋਕਸਮ, ਕਾਰਬੈਂਡਾਜਿਮ, ਟ੍ਰਾਈਸਾਈਕਲਾਜ਼ੋਲ, ਬੁਪਰੋਫੇਜਿਨ, ਪ੍ਰੋਫਿਨੋਫੋਸ, ਪ੍ਰੋਪੀਕੋਨਾਜ਼ੋਲ, ਆਈਸੋਪ੍ਰੋਥਾਇਓਲੇਨ ਅਤੇ ਮੀਥਾਮੀਡੋਫੋਸ ਦਵਾਈਆਂ ਉੱਪਰ ਪਾਬੰਦੀ ਲਗਾਈ ਗਈ ਹੈ ਅਤੇ ਕਿਸਾਨਾਂ ਨੂੰ ਇਨ੍ਹਾਂ ਦਵਾਈਆਂ ਦੀ ਬਿਲਕੁਲ ਵਰਤੋਂ ਨਹੀਂ ਕਰਨੀ ਚਾਹੀਦੀ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜਾਗਰੂਕਤਾ ਵੈਨਾਂ ਰਾਹੀਂ ਕਿਸਾਨ ਭਰਾਵਾਂ ਨੂੰ ਇਹ ਵੀ ਅਪੀਲ ਕੀਤੀ ਜਾਵੇਗੀ ਕਿ ਉਹ ਇਸ ਵਾਰ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ ਅਤੇ ਪਰਾਲੀ ਪ੍ਰਬੰਧਨ ਕਰਨ ਲਈ ਮਹਿਕਮੇ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨ ਲਈ ਸਬਸਿਡੀ 'ਤੇ ਖੇਤੀਬਾੜੀ ਮਸ਼ੀਨਰੀ ਉਪਲੱਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਖੇਤੀਬਾੜੀ ਮਸ਼ੀਨਰੀ ਲੈਣ ਲਈ 'ਤੇ ਆਨ ਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅਰਜ਼ੀਆਂ ਅਪਲਾਈ ਕਰਨ ਦੀ ਆਖਰੀ ਮਿਤੀ 20 ਜੁਲਾਈ 2023 ਹੈ।

# ਨਰੇਗਾ ਮਜ਼ਦੂਰ ਯੂਨੀਅਨ ਵੱਲੋਂ 20 ਨੂੰ ਅਲਗੋਂ ਕੋਠੀ ਵਿਖੇ ਰੋਸ ਪ੍ਰਦਰਸ਼ਨ ਦਾ ਐਲਾਨ

**ਭਿੱਖੀਵਿੰਡ (ਨਜ਼ਸ)**—ਸੀਪੀਆਈ ਬਲਾਕ ਭਿੱਖੀਵਿੰਡ ਦੇ ਮੀਤ ਸਕੱਤਰ ਰਛਪਾਲ ਸਿੰਘ ਬਾਠ ਤੇ ਟਹਿਲ ਸਿੰਘ ਲੱਧੂ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾਈ ਆਗੂ ਸੁਖਦੇਵ ਸਿੰਘ ਕਾਲਾ, ਇਸਤਰੀ ਸਭਾ ਦੀ ਜ਼ਿਲ੍ਹਾ ਸਕੱਤਰ ਰੁਪਿੰਦਰ ਕੌਰ ਮਾੜੀਮੇਘਾ ਤੇ ਸੀਪੀਆਈ ਭਿੱਖੀਵਿੰਡ ਅੱਡੇ ਦੇ ਸਕੱਤਰ ਬਲਦੇਵ ਰਾਜ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਬਲਾਕ ਭਿੱਖੀਵਿੰਡ ਵੱਲੋਂ ਬੁਟਕੇਸ਼ਵਰ ਦੱਤ (ਬੀ. ਕੇ. ਦੱਤ) ਤੇ ਭਗਤ ਸਿੰਘ ਦੇ ਚਾਚੇ ਸ਼ਹੀਦ ਸਵਰਨ ਸਿੰਘ ਦੇ ਦਿਵਸ 'ਤੇ 20 ਜੁਲਾਈ ਨੂੰ ਅਲਗੋਂ ਕੋਠੀ ਵਿਖੇ ਗੁੰਡਾਗਰਦੀ ਤੇ ਪੁਲਸ ਪ੍ਰਸ਼ਾਸਨ ਦੀ ਢਿੱਲ-ਮੱਠ ਵਿਰੁੱਧ ਰੋਹ ਪ੍ਰਦਰਸ਼ਨ ਕੀਤਾ ਜਾਵੇਗਾ। ਹਾਲਾਤ ਇਹ ਹਨ ਕਿ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਅਲਗੋਂ ਨੂੰ ਪਿਛਲੇ ਦਿਨੀਂ ਗੁੰਡਿਆਂ ਨੇ ਘੇਰ ਕੇ ਅਪਸ਼ਬਦ ਬੋਲੇ ਤੇ ਧਮਕੀਆਂ ਦਿੱਤੀਆਂ। ਇਨ੍ਹਾਂ ਗੁੰਡਿਆਂ ਦੀ ਮਿਲੀਭੁਗਤ ਨਾਲ ਖਰੜ ਦੇ ਵਿਅਕਤੀ ਹਰਜਿੰਦਰ ਸਿੰਘ ਹਨੀ ਨੇ ਖਰੜ ਅਦਾਲਤ ਵਿੱਚ ਕੇਸ ਦਰਜ ਕਰਵਾ ਦਿੱਤਾ ਜਿਸ ਦੀ 8 ਅਗਸਤ ਤਾਰੀਖ ਪਈ ਹੈ। ਇਹ ਸਾਰੀ ਰਿਪੋਰਟ ਲਿਖਤੀ ਤੌਰ 'ਤੇ ਨਰਿੰਦਰ ਸਿੰਘ ਨੇ ਅਲਗੋਂ ਪੁਲਸ ਚੌਕੀ ਵਿਖੇ ਦਿੱਤੀ ਹੋਈ ਹੈ ਪਰ ਕੋਈ ਵੀ ਕਾਰਵਾਈ ਨਹੀਂ ਹੋ ਰਹੀ। ਹਕੀਕਤ ਇਹ ਹੈ ਕਿ ਨਰਿੰਦਰ ਸਿੰਘ ਨੇ ਇੱਕ ਅਫਿਲੀਏਟਡ ਮਾਡਰਨ ਹਾਈ ਸਕੂਲ ਦੇ ਮਾਲਕ ਦੀ ਸ਼ਿਕਾਇਤ ਕੀਤੀ ਹੈ ਕਿ ਉਹ ਦਸ-ਦਸ ਹਜ਼ਾਰ ਰੁਪਏ ਲੈ ਕੇ 10ਵੀਂ ਦੇ ਸਰਟੀਫਿਕੇਟ ਦਿੰਦਾ ਹੈ ਜਦੋਂਕਿ ਪੜ੍ਹਨ ਵਾਲੇ ਬੱਚਿਆਂ ਨੇ ਸਕੂਲ ਦੀ ਸਾਰਾ ਸਾਲ ਫੀਸ ਦਿੱਤੀ ਹੁੰਦੀ ਹੈ। ਸਕੂਲ ਦੇ ਮਾਲਕ ਦਾ ਹਰਜਿੰਦਰ ਸਿੰਘ ਰਿਸ਼ਤੇਦਾਰ ਹੈ। ਇਸੇ ਤਰ੍ਹਾਂ ਪਤਾ ਲੱਗਾ ਹੈ ਕਿ ਉਹ ਪੰਚਾਇਤ ਦੀ ਪੈਲੀ ਵੀ ਦੱਬੀ ਬੈਠਾ ਹੈ। ਨਰਿੰਦਰ ਸਿੰਘ ਨੇ ਪਹਿਲਾਂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੁੱਖੀ ਨੂੰ ਸ਼ਿਕਾਇਤ ਵੀ ਕੀਤੀ ਸੀ ਤੇ ਉਹ ਪੜਤਾਲ ਕਰਨ ਦੀ ਡਿਊਟੀ ਮਹਿਕਮੇ ਨੇ ਮਾੜੀਮੇਘਾ ਸਕੂਲ ਦੇ ਪ੍ਰਿੰਸੀਪਲ ਦੀ ਲਾ ਦਿੱਤੀ। ਉਹ ਵੀ ਅਲਗੋਂ ਸਕੂਲ ਦੇ ਮਾਲਕ ਨਾਲ ਰਲ ਗਿਆ ਤੇ ਸ਼ਿਕਾਇਤ ਦਾ ਕੁਝ ਨਾ ਬਣਿਆਂ। ਹੁਣ ਸ਼ਿਕਾਇਤ ਵਿਜੀਲੈਂਸ ਕੋਲ ਹੈ। ਇਸ ਪ੍ਰਸਥਿਤੀ ਵਿੱਚ ਨਰੇਗਾ ਦੀ ਯੂਨੀਅਨ ਵੱਲੋਂ ਬਲਾਕ ਪੱਧਰ 'ਤੇ 20 ਜੁਲਾਈ ਨੂੰ ਅਲਗੋਂ ਕੋਠੀ ਵਿਖੇ ਪੁਲਸ ਪ੍ਰਸ਼ਾਸਨ ਖਿਲਾਫ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ।



# ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਨਿਸ਼ਕਾਮ ਸੇਵਾ ਦੀ ਇਕ ਹੋਰ ਮਿਸਾਲ ਪੇਸ਼

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਰਜਿ: ਪੱਟੀ ਵੱਲੋਂ ਸਥਾਨਕ ਸ਼ਹਿਰ ਨਿਵਾਸੀ ਸੰਗਤ ਅਤੇ ਐੱਨਆਰਆਈ ਸੰਗਤ ਦੇ ਪੂਰਨ ਸਹਿਯੋਗ ਨਾਲ ਪਿਛਲੇ ਅਠਾਰਾਂ ਸਾਲ ਤੋਂ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ। ਟਰੱਸਟ ਦੇ ਮੁੱਖ ਪ੍ਰਬੰਧਕ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਵੇਲ ਸਿੰਘ ਵਾਸੀ ਪਿੰਡ ਸੋਹਾਵਾ ਜੋ ਕਿ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਸੀ, ਕੁਝ ਮਹੀਨਿਆਂ ਤੋਂ ਖੱਬੀ ਬਾਂਹ ਤਿੰਨ ਜਗ੍ਹਾ ਤੋਂ ਟੁੱਟ ਜਾਣ ਕਰਕੇ ਕੰਮ-ਕਾਰ ਕਰਨ ਤੋਂ ਅਸਮਰੱਥ ਹੋ ਗਿਆ ਸੀ। ਘਰ ਦੀ ਆਰਥਿਕ ਸਥਿਤੀ ਇੰਨੀ ਮਾੜੀ ਕਿ ਰੋਟੀ-ਟੁੱਕ ਤੋਂ ਵੀ ਔਖਾ ਹੋ ਗਿਆ ਸੀ। ਪਰਿਵਾਰ ਵੱਲੋਂ ਟਰੱਸਟ ਪਾਸ ਗੁਰਵੇਲ ਸਿੰਘ ਦੇ ਇਲਾਜ ਵਾਸਤੇ ਬੇਨਤੀ ਕੀਤੀ ਗਅਈ ਸੀ, ਟਰੱਸਟ ਵੱਲੋਂ ਜਾਂਚ-ਪੜਤਾਲ ਉਪਰੰਤ ਸੰਗਤ ਦੇ ਸਹਿਯੋਗ ਨਾਲ ਗੁਰਵੇਲ ਸਿੰਘ ਦੇ ਇਲਾਜ ਦੀ ਜ਼ਿੰਮੇਵਾਰੀ ਲਈ ਗਈ। ਗੁਰੂ ਸਾਹਿਬ ਦੀ ਕ੍ਰਿਪਾ ਅਤੇ ਸੰਗਤ ਦੇ ਸਹਿਯੋਗ ਨਾਲ ਪਝੰਤਰ ਹਜ਼ਾਰ ਰੁਪਏ ਖਰਚ ਕਰਕੇ ਗੁਰਵੇਲ ਸਿੰਘ ਦਾ ਅਪ੍ਰੇਸ਼ਨ ਕਰਵਾਇਆਂ ਗਿਆ! ਪਰਿਵਾਰ ਵੱਲੋਂ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਰਜਿ: ਪੱਟੀ ਅਤੇ ਸਹਿਯੋਗ ਕਰਨ ਵਾਲੀ ਸੰਗਤ ਦਾ ਧੰਨਵਾਦ ਕੀਤਾ ਗਿਆ! ਇਸ ਮੌਕੇ ਟਰੱਸਟ ਦੇ ਸਰਪ੍ਰਸਤ ਰਜਿੰਦਰ ਸਿੰਘ, ਮੀਤ ਪ੍ਰਧਾਨ ਬਲਬੀਰ ਸਿੰਘ, ਹਰਚਰਨ ਸਿੰਘ, ਜਗਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਅਮਨਦੀਪ ਸਿੰਘ, ਸੁਖਮੀਤ ਸਿੰਘ, ਸੁਖਪਾਲ ਸਿੰਘ ਡਿਪਟੀ ਹਾਜ਼ਰ ਸਨ।

# ਭਾਰੀ ਵਰਖਾ ਕਾਰਨ ਸ਼ਹਿਰ ਜਲ-ਥਲ, ਸਰਹੱਦੀ ਖੇਤਰ ਦੇ ਲੋਕਾਂ ਨੂੰ ਉੱਚੀਆਂ ਥਾਵਾਂ 'ਤੇ ਜਾਣ ਦੇ ਆਦੇਸ਼

**ਗੁਰਦਾਸਪੁਰ, (ਜਨਕ ਮਹਾਜਨ)**–ਜਿਲ੍ਹਾ ਗੁਰਦਾਸਪੁਰ ਅਤੇ ਆਸ-ਪਾਸ ਦੇ ਖੇਤਰ ਅੰਦਰ ਬੀਤੇ ਦਿਨੀਂ ਪਈ ਭਾਰੀ ਵਰਖਾ ਨੇ ਹਰ ਪਾਸੇ ਜਲ-ਥਲ ਕਰਕੇ ਰੱਖ ਦਿੱਤਾ ਹੈ। ਗੁਰਦਾਸਪੁਰ ਜ਼ਿਲ੍ਹੇ ਦੇ ਬੇਟ ਅਤੇ ਸਰਹੱਦੀ ਖੇਤਰ ਦੇ ਲੋਕਾਂ ਨੂੰ ਪ੍ਰਸ਼ਾਸਨ ਵਲੋਂ ਉਚੀਆਂ ਥਾਵਾਂ 'ਤੇ ਜਾਣ ਦੇ ਆਦੇਸ਼ ਕਰ ਦਿੱਤੇ ਗਏ ਹਨ। ਬੇਟ ਖੇਤਰ ਨਾਲ ਲੱਗਦੇ ਦਰਿਆ ਬਿਆਸ ਦਾ ਪਾਣੀ ਦਰਿਆ ਦੇ ਕੰਢਿਆਂ ਦੇ ਬਰਾਬਰ ਚੱਲਣ ਕਾਰਨ ਲੋਕਾਂ ਵਿਚ ਚਿੰਤਾ ਦਿਖਾਈ ਦਿੱਤੀ। ਬੇਟ ਖੇਤਰ ਦੇ ਪਿੰਡ ਜਗਤਪੁਰ, ਦਊਵਾਲ, ਰਸੂਲਪੁਰ ਆਦਿ ਪਿੰਡਾਂ ਦੀਆਂ ਜ਼ਮੀਨਾਂ ਵਿਚ ਅਤੇ ਕਈ ਹੋਰ ਥਾਵਾਂ 'ਤੇ ਮੀਂਹ ਦਾ ਪਾਣੀ ਖੜਾ ਹੋਣ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ।



ਜਾਣਕਾਰੀ ਅਨੁਸਾਰ ਮੀਂਹ ਦਾ ਪਾਣੀ ਵੱਡੀ ਮਾਤਰਾ 'ਚ ਸੜਕਾਂ ਉਪਰ ਖੜਾ ਹੋਣ ਕਰਕੇ ਵਾਹਨਾਂ ਦਾ ਲੰਘਣਾ ਔਖਾ ਹੋਇਆ ਪਿਆ। ਜਿਥੇ ਝੋਨੇ ਦੀ ਫ਼ਸਲ ਪਾਣੀ 'ਚ ਡੁੱਬੀ ਨਜ਼ਰ ਆਈ ਉਥੇ ਹੀ ਵਰਖਾ ਦਾ ਪਾਣੀ ਖੇਤਾਂ ਵਿਚੋਂ ਨਿਕਲ ਕੇ ਸੜਕਾਂ ਉਪਰੋਂ ਦੀ ਜਾਂਦਾ ਦਿਖਾਈ ਦਿੱਤਾ। ਸੜਕ ਤੋਂ ਪਾਣੀ ਵੱਡੀ ਮਾਤਰਾ ਵਿਚ ਗੁਜ਼ਰਨ ਕਾਰਨ ਆਵਾਜਾਈ ਵਿਚ ਕਾਫ਼ੀ ਵਿਘਨ ਪਿਆ। ਕਿਸਾਨਾਂ ਨੇ ਦੱਸਿਆ ਕਿ ਮਹਿੰਗੇ ਭਾਅ ਦੀ ਲੇਬਰ, ਡੀਜ਼ਲ, ਖਾਦਾਂ ਅਤੇ ਦਵਾਈਆਂ ਪਾ ਕੇ ਲਗਾਈ ਝੋਨੇ ਦੀ ਫ਼ਸਲ ਖ਼ਰਾਬ ਹੋਣ ਨਾਲ ਉਨ੍ਹਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋਵੇਗਾ। ਇਸੇ ਤਰ੍ਹਾਂ ਭਾਰੀ ਵਰਖਾ ਪੈਣ ਨਾਲ ਜਿਲ੍ਹੇ ਅੰਦਰ ਪੈਂਦੇ ਸ਼ਹਿਰ ਬਹਿਰਾਮਪੁਰ ਨਜ਼ਦੀਕ ਖੇਤਾਂ ਵਿਚ ਪਾਣੀ ਹੀ ਪਾਣੀ ਨਜ਼ਰ ਆਉਣ ਲੱਗਾ। ਲੋਕਾਂ ਨੇ ਕਿਹਾ ਕਿ ਵਿਭਾਗ ਵਲੋਂ ਬਰਸਾਤਾਂ ਤੋਂ ਪਹਿਲਾਂ ਕਸਬਾ ਬਹਿਰਾਮਪੁਰ ਨਜ਼ਦੀਕ ਲੰਘਦੇ ਸੇਮ ਨਾਲੇ ਦੀ ਸਫ਼ਾਈ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ ਜਿਸ ਕਾਰਨ ਵੱਡੀ ਮਾਤਰਾ ਵਿਚ ਬਰਸਾਤੀ ਪਾਣੀ ਲੋਕਾਂ ਦੀਆਂ ਜ਼ਮੀਨਾਂ ਵਿਚ ਖੜ ਜੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸੇਮ ਨਾਲੇ ਵਿਚ ਵੱਡੀ-ਵੱਡੀ ਘਾਹ ਬੂਟੀ ਉੱਗੀ ਹੋਣ ਕਾਰਨ ਪਾਣੀ ਦਾ ਨਿਕਾਸ ਨਹੀਂ ਹੁੰਦਾ। ਲੋਕਾਂ ਨੇ ਚਿੰਤਾ ਜ਼ਾਹਿਰ ਕੀਤੀ ਕਿ ਜੇਕਰ ਆਉਣ ਵਾਲੇ ਦਿਨਾਂ ਵਿਚ ਇਸੇ ਤਰ੍ਹਾਂ ਬਰਸਾਤ ਹੁੰਦੀ ਰਹੀ ਤਾਂ ਬਰਸਾਤ ਦਾ ਪਾਣੀ ਉਨ੍ਹਾਂ ਦੇ ਘਰਾਂ ਅੰਦਰ ਵੀ ਵੜ ਸਕਦਾ ਹੈ ਅਤੇ ਸੜਕਾਂ ਤੋਂ ਲੰਘਣਾ ਹੋਰ ਵੀ ਮੁਸ਼ਕਿਲ ਹੋ ਜਾਵੇਗਾ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਬਹਿਰਾਮਪੁਰ ਨਜ਼ਦੀਕ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਪਹਿਲ ਦੇ ਆਧਾਰ 'ਤੇ ਕਰਵਾ ਕੇ ਇਸ ਉਪਰ ਲੋਕਾਂ ਵਲੋਂ ਕੀਤੇ ਨਜਾਇਜ਼ ਕਬਜ਼ੇ ਛੁਡਵਾਏ ਜਾਣ ਤਾਂ ਜੋ ਵਰਖਾ ਹੋਣ ਨਾਲ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਪੰਜਾਬ 'ਚ ਵਿਗੜਦੀ ਜਾ ਰਹੀ ਅਮਨ-ਕਾਨੂੰਨ ਦੀ ਸਥਿਤੀ ਗਹਿਰੀ ਚਿੰਤਾ ਦਾ ਵਿਸ਼ਾ : ਬੱਖਤਪੁਰਾ

**ਬਟਾਲਾ (ਤਰਲੋਕ ਬੱਗਾ)**-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਪੰਜਾਬ ਵਿੱਚ ਲਗਾਤਾਰ ਬਦਤਰ ਹੋ ਰਹੀ ਅਮਨ ਕਾਨੂੰਨ ਦੀ ਸਥਿਤੀ ਉਪਰ ਗਹਿਰੀ ਚਿੰਤਾ ਦਾ ਇਜ਼ਹਾਰ ਕਰਦਿਆਂ ਭਗਵੰਤ ਮਾਨ ਸਰਕਾਰ ਨੂੰ ਦੋਸ਼ੀ ਦੱਸਿਆ ਹੈ। ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਲੁਧਿਆਣੇ ਵਿੱਚ ਹੋਏ ਸਮੂਹਿਕ ਕਤਲ, ਬਠਿੰਡਾ ਜ਼ਿਲ੍ਹੇ ਦੇ ਪਿੰਡ ਪਥਰਾਏ ਵਿਚ ਇਕ ਧਨਾਢ ਪਰਿਵਾਰ ਵਲੋਂ ਅੰਗਰੇਜ਼ ਸਿੰਘ ਦਲਿਤ ਨੌਜਵਾਨ ਨੂੰ ਕੁੱਟ-ਕੁੱਟ ਕੇ ਜਾਨੋਂ ਮਾਰ ਦੇਣਾ, ਥਾਣਾ ਸਿਟੀ ਗੁਰਦਾਸਪੁਰ ਵਿੱਚ ਦਲਿਤ ਬੱਚੀ ਮਮਤਾ ਉਪਰ ਬੇਤਹਾਸ਼ਾ ਪੁਲਸ ਤਸ਼ੱਦਦ, ਡਾਕੇ, ਖੋਹਾਂ ਅਤੇ ਨਿਤ ਨੌਜਵਾਨਾਂ ਦੀਆਂ ਨਸ਼ਿਆਂ ਨਾਲ ਹੋ ਰਹੀਆਂ ਮੌਤਾਂ ਸਾਬਤ ਕਰਦੀਆਂ ਹਨ ਕਿ ਪੰਜਾਬ ਸਰਕਾਰ ਅਤੇ ਉਸ ਦੀ ਪੁਲਸ ਪੰਜਾਬ ਵਿੱਚ ਕਾਨੂੰਨ ਦਾ ਰਾਜ ਚਲਾਉਣ ਵਿਚ ਪੂਰੀ ਤਰ੍ਹਾਂ ਅਸਮਰਥ ਹੈ।

ਚੋਣਾਂ ਦੌਰਾਨ ਤਿੰਨ ਮਹੀਨਿਆਂ ਵਿਚ ਪੰਜਾਬ ਤੋਂ ਨਸ਼ੇ ਖਤਮ ਕਰਨ ਅਤੇ ਲੋਕਾਂ ਦੀ ਜਾਨ ਮਾਲ ਦੀ ਰੱਖਿਆ ਕਰਨ ਦੀਆਂ ਗਰੰਟੀਆਂ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਪੰਜਾਬ ਦੇ ਅਮਨ-ਕਾਨੂੰਨ ਨੂੰ ਸੰਭਾਲਣ ਅਤੇ ਪੁਲਸ ਨੂੰ ਪੰਜਾਬੀਆਂ ਦੀ ਰਾਖੀ ਲਈ ਜੁਆਬਦੇਹ ਬਣਾਉਣ ਦੀ ਬਜਾਏ ਵਿਰੋਧੀ ਧਿਰਾਂ ਨਾਲ ਵਿਅਕਤੀਵਾਦੀ ਦੂਸ਼ਣਬਾਜ਼ੀ ਵਿਚ ਉਲਝੀ ਪਈ ਹੈ। ਬੱਖਤਪੁਰਾ ਨੇ ਕਿਹਾ ਕਿ ਪੰਜਾਬ ਵਿੱਚ ਤਗੜੇ ਦਾ ਸੱਤੀਂ ਵੀਹੀਂ ਸੌ ਵਰਗੇ ਹਾਲਾਤ ਹਨ ਪਰ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪੰਜਾਬ ਦੇ ਜਹਾਜ਼ ਉਪਰ ਆਪਣੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਨੂੰ ਰਾਜਸਥਾਨ, ਮੱਧ ਪ੍ਰਦੇਸ ਅਤੇ ਛੱਤੀਸਗੜ੍ਹ ਆਦਿ ਸੂਬਿਆਂ ਦੇ ਚੋਣ ਪ੍ਰਚਾਰ ਵਿਚ ਘੁਮਾਇਆ ਜਾ ਰਿਹਾ ਹੈ।

ਬਾਲਗ ਔਰਤਾਂ ਨੂੰ 1000 ਰੁਪਏ ਦੇਣ ਦੀ ਗਰੰਟੀ ਸਮੇਤ ਹੋਰ ਗਰੰਟੀਆਂ ਪੂਰੀਆਂ ਕਰਨ ਦੀ ਬਜਾਏ ਸਰਕਾਰ ਜਨਤਾ ਦਾ ਕਰੋੜਾਂ ਰੁਪਏ ਆਪਣੀ ਮਸ਼ਹੂਰੀ ਕਰਨ ਦੇ ਇਸ਼ਤਿਹਾਰਾਂ ਉਪਰ ਉਡਾ ਰਹੀ ਹੈ। ਸਰਕਾਰ ਦਾ 15 ਮਹੀਨੇ ਦੇ ਰਾਜ ਨੂੰ ਕਾਰਖਾਨਿਆਂ ਦੀ ਤਬਾਹੀ, ਕਿਸਾਨਾਂ ਦੀ ਮੂੰਗੀ, ਮੱਕੀ ਦੀ ਫਸਲ ਦੀ ਐਮਐਸਪੀ ਦਾ ਨਾ ਮਿਲਣਾ, ਕਿਸਾਨਾਂ ਤੇ ਮਜ਼ਦੂਰਾਂ ਦੀਆਂ ਖੁਦਕੁਸ਼ੀਆਂ, ਮੁਲਾਜ਼ਮਾਂ, ਕਿਸਾਨਾਂ ਅਤੇ ਮਜ਼ਦੂਰਾਂ ਉੱਪਰ ਲਾਠੀਚਾਰਜ, ਆਈਏਐਸ, ਪੀਸੀਐਸ ਅਤੇ ਤਹਿਸੀਲਦਾਰ ਦੇ ਭ੍ਰਿਸ਼ਟਾਚਾਰ ਮੋਹਰੇ ਗੋਡੇ ਟੇਕਣ ਅਤੇ ਪੁਲਸ ਦੀ ਆਪਣੇ ਸਿਆਸੀ ਹਿੱਤਾਂ ਲਈ ਵਰਤੋਂ ਦਾ ਰਾਜ ਕਹਿਣਾ ਠੀਕ ਹੋਵੇਗਾ।

# ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ : ਧਾਲੀਵਾਲ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਪਿੰਡ ਘੋਨੇਵਾਲ ਜੋ ਕਿ ਰਾਵੀ ਦਰਿਆ ਦੇ ਕੰਢੇ ਅੰਮ੍ਰਿਤਸਰ ਜ਼ਿਲ੍ਹੇ ਦਾ ਆਖਰੀ ਪਿੰਡ ਹੈ, ਵਿਖੇ ਦਰਿਆ ਦੇ ਪਾਣੀ ਦੇ ਪੱਧਰ ਅਤੇ ਸੰਭਾਵੀ ਹੜ੍ਹ ਸਬੰਧੀ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਪੁੱਜੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸਾਡੀ ਸਰਕਾਰ ਲੋਕਾਂ ਦੀ ਸਰਕਾਰ ਹੈ ਅਤੇ ਕੁਦਰਤੀ ਆਫਤ ਨਾਲ ਪ੍ਰਭਾਵਿਤ ਹਰੇਕ ਵਿਅਕਤੀ ਦੀ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਵੇਰੇ ਉੱਜ ਦਰਿਆ ਵਿੱਚ 2 ਲੱਖ ਕਿਊਸਿਕ ਪਾਣੀ ਛੱਡਣ ਤੋਂ ਬਾਅਦ ਮਕੌੜਾ ਪੱਤਣ ਕੋਲ ਉੱਜ ਦਰਿਆ ਦਾ ਪਾਣੀ ਰਾਵੀ ਦਰਿਆ ਵਿੱਚ ਆ ਕੇ ਮਿਲ ਗਿਆ ਹੈ। ਰਾਵੀ ਵਿੱਚ ਉੱਜ ਦਰਿਆ ਦਾ ਪਾਣੀ ਮਿਲਣ ਤੋਂ ਬਾਅਦ ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਹੈ। ਅਜਿਹੇ ਵਿੱਚ ਰਾਵੀ ਦਰਿਆ ਦੇ ਕੰਢੇ ਦੇ ਕੋਲ ਜਾਣਾ ਖਤਰਨਾਕ ਸਾਬਤ ਹੋ ਸਕਦਾ ਹੈ। ਉਨ੍ਹਾਂ ਰਾਵੀ ਦਰਿਆ ਦੇ ਕੋਲ ਰਹਿੰਦੀ ਵਸੋਂ ਨੂੰ ਅਪੀਲ ਕੀਤੀ ਹੈ ਕਿ ਉਹ ਰਾਵੀ ਦਰਿਆ ਤੋਂ ਦੂਰ ਸੁਰੱਖਿਅਤ ਥਾਵਾਂ 'ਤੇ ਚਲੇ ਜਾਣ। ਇਸੇ ਦੌਰਾਨ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਰਾਵੀ ਦੇ ਨਾਲ ਲੱਗਦੇ ਪਿੰਡਾਂ ਨੂੰ ਵੀ ਚੌਕਸ ਰਹਿਣ ਲਈ ਕਿਹਾ ਹੈ ਅਤੇ ਕਿਸੇ ਵੀ ਹੜ੍ਹ ਵਰਗੀ ਸਥਿਤੀ ਪੈਦਾ ਹੋਣ 'ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ 01832229125 ਦੇ ਨੰਬਰ ਉੱਪਰ ਸੰਪਰਕ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਕੋਈ ਖਤਰੇ ਵਾਲੀ ਸਥਿਤੀ ਨਹੀਂ ਹੈ, ਪਰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਸੀਂ ਕਿਸੇ ਵੀ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹਾਂ। ਇਸ ਮੌਕੇ ਐਸਡੀਐਮ ਅਰਵਿੰਦਰਪਾਲ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਅਕਾਲੀ ਦਲ ਤੇ ਕਾਂਗਰਸ ਨੂੰ ਵੱਡਾ ਝਟਕਾ, ਮਨਜਿੰਦਰ ਬਿੱਟੂ ਕਈ ਪਰਿਵਾਰਾਂ ਸਮੇਤ ਆਪ' 'ਚ ਸ਼ਾਮਲ

**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**-ਤਰਨਤਾਰਨ ਦੀ ਵਾਰਡ ਨੰਬਰ 18 ਵਿੱਚ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਉਸ ਵੇਲੇ ਭਾਰੀ ਝਟਕਾ ਲੱਗਾ ਜਦੋਂ ਆਪ ਆਗੂ ਗੁਰਵੰਤ ਸਿੰਘ ਰੋੜਾਵਾਲੀਏ ਦੀ ਪ੍ਰੇਰਨਾ ਸਦਕਾ ਅਕਾਲੀ ਦਲ ਦੇ ਆਗੂ ਮਨਜਿੰਦਰ ਸਿੰਘ ਬਿੱਟੂ ਰੋੜਾਵਾਲੀਏ ਆਪਣੇ ਸਾਥੀਆਂ ਅਤੇ 100 ਦੇ ਕਰੀਬ ਪਰਿਵਾਰਾਂ ਸਮੇਤ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਸ਼ਾਮਲ ਹੋਏ ਪਰਿਵਾਰਾਂ ਨੂੰ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਜੀ ਆਇਆਂ ਕਿਹਾ।

ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਸੋਹਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ ਲੋਕ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ ਤੇ ਮਨਜਿੰਦਰ ਸਿੰਘ ਬਿੱਟੂ ਰੋੜਾਵਾਲੀਏ ਦੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਵਾਰਡ ਨੰਬਰ 18 ਤੇ ਤਰਨ ਤਾਰਨ ਸ਼ਹਿਰ ਵਿੱਚ ਪਾਰਟੀ ਨੂੰ ਵੱਡਾ ਬਲ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਹਰੇਕ ਵਲੰਟੀਅਰ ਨੂੰ ਉਸ ਦਾ ਬਣਦਾ ਮਾਣ-ਸਨਮਾਨ ਜ਼ਰੂਰ ਦਿੱਤਾ ਜਾਵੇਗਾ। ਪਾਰਟੀ ਵਿੱਚ ਸ਼ਾਮਿਲ ਹੋਏ ਮਨਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਅੱਜ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ ਆਪ ਵਿਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਸੋਹਲ ਵੱਲੋਂ ਹਲਕੇ ਦਾ ਵਿਕਾਸ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਇਆ ਜਾ ਰਿਹਾ ਹੈ ਜਿਸ ਕਾਰਨ ਹਲਕੇ ਦੇ ਲੋਕ ਉਨ੍ਹਾਂ ਦੀ ਬਹੁਤ ਪ੍ਰਸ਼ੰਸਾ ਕਰ ਰਹੇ ਹਨ। ਸਾਨੂੰ ਆਸ ਹੈ ਕਿ ਵਿਧਾਇਕ ਸੋਹਲ ਆਉਣ ਵਾਲੇ ਸਮੇਂ ਵਿਚ ਵੀ ਹਲਕੇ ਦਾ ਵਿਕਾਸ ਇਸੇ ਤਰ੍ਹਾਂ ਜੰਗੀ ਪੱਧਰ ਤੇ ਕਰਵਾਉਣਗੇ।

ਇਸ ਮੌਕੇ ਐਡਵੋਕੇਟ ਕੋਮਲਪ੍ਰੀਤ ਸਿੰਘ ਪੀਏ, ਗੁਰਮਿੰਦਰ ਸਿੰਘ ਵਾਲੀਆ, ਮਾਸਟਰ ਤਸਵੀਰ ਸਿੰਘ, ਮਾਸਟਰ ਸ਼ਿੰਗਾਰਾ ਸਿੰਘ, ਗੁਰਵੰਤ ਸਿੰਘ ਰੋੜਾਂਵਾਲੀਆ, ਬਲਵਿੰਦਰ ਕੌਰ ਕਲਿਆਣ, ਸੁਸ਼ਮਾ ਅਰੋੜਾ, ਰਿੰਕੂ ਕਲਿਆਨ, ਮਨਜਿੰਦਰ ਸਿੰਘ ਬਿੱਟੂ ਰੋੜਾਂਵਾਲੀਆ, ਹਰਦੇਵ ਸਿੰਘ ਪਟਵਾਰੀ, ਬਗੀਚਾ ਸਿੰਘ, ਜਲੰਧਰ ਸਿੰਘ, ਮਾਸਟਰ ਪ੍ਰਗਟ ਸਿੰਘ, ਪ੍ਰਭਜੋਤ ਸਿੰਘ, ਗੁਰਪ੍ਰੀਤ ਸਿੰਘ, ਕੇਵਲ ਸਿੰਘ, ਬਿਕਰਮਜੀਤ ਸਿੰਘ, ਮਲਕੀਤ ਸਿੰਘ ਲਾਡੀ ਰੋੜਾਂਵਾਲੀਆ, ਅਕਾਸ਼ਦੀਪ ਸਿੰਘ ਚੀਮਾ, ਸ਼ਮਸ਼ੇਰ ਸਿੰਘ, ਗੁਰਜੀਤ ਸਿੰਘ ਔਲਖ, ਗੁਰਤਾਜ ਸਿੰਘ, ਸ਼ਿਵਾ ਪਹਿਲਵਾਨ, ਤੇਜਬੀਰ ਸਿੰਘ, ਸਤਨਾਮ ਸਿੰਘ, ਬਾਬਾ ਬਲਦੇਵ ਸਿੰਘ, ਨਿਰਮਲ ਸਿੰਘ, ਰੇਸ਼ਮ ਸਿੰਘ, ਤਰਸੇਮ ਸਿੰਘ, ਹੀਰਾ ਸਿੰਘ ਠੇਕੇਦਾਰ, ਹੀਰਾ ਸਿੰਘ ਕੋਹਾੜਕਾ, ਔਲਖ ਸਿੰਘ ਫੌਜੀ, ਮਨਦੀਪ ਸਿੰਘ ਉਰਫ, ਦਲਜੀਤ ਸਿੰਘ, ਅਕਾਸ਼ਦੀਪ ਉਰਫ, ਪਰਮਿੰਦਰ ਕੌਰ ਸੰਧੂ, ਤਰਸੇਮ ਕੌਰ, ਰਮਨ ਕੌਰ, ਰਾਜਵਿੰਦਰ ਕੌਰ, ਨਿਰਮਲ ਕੌਰ, ਜਸਵਿੰਦਰ ਕੌਰ ਅਤੇ ਰਣਜੀਤ ਕੌਰ ਆਦਿ ਹਾਜ਼ਰ ਸਨ।

# ਰੋਪੜ ਹੈੱਡ ਵਰਕਸ ਤੋਂ ਪਾਣੀ ਛੱਡਣ ਮਗਰੋਂ ਹਰੀਕੇ ਦੇ ਗੇਟ ਖੋਲ੍ਹੇ, ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧਾਂ ਦਾ ਦਾਅਵਾ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**–ਦੋ ਦਰਿਆਵਾਂ ਦੇ ਸੰਗਮ ਹਰੀਕੇ ਹੈੱਡ ਵਰਕਸ ਦੇ ਚਾਰ ਗੇਟ ਖੋਲ੍ਹਣ ਮਗਰੋਂ ਡਾਊਨ ਸਟਰੀਮ ਪਾਣੀ ਦਾ ਅੰਕੜਾ 40 ਹਜ਼ਾਰ ਨੂੰ ਪਾਰ ਕਰ ਗਿਆ। ਨਹਿਰੀ ਵਿਭਾਗ ਦੇ ਉਪ ਮੰਡਲ ਅਫਸਰ ਨਵੀਨ ਗੁਪਤਾ ਦੇ ਮੁਤਾਬਿਕ ਪਾਣੀ ਦੀ ਆਮਦ 34 ਹਜ਼ਾਰ ਹੈ ਪਰ ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਡਾਊਨ ਸਟਰੀਮ ਨੂੰ ਵੱਧ ਪਾਣੀ ਰਿਲੀਜ਼ ਕਰਕੇ ਪੁਲ ਦਾ ਪੌਂਡ ਖੇਤਰ ਖਾਲੀ ਕੀਤਾ ਜਾ ਰਿਹਾ ਹੈ ਜਦੋਂਕਿ ਰਾਜਸਥਾਨ ਤੇ ਫਿਰੋਜ਼ਪੁਰ ਫੀਡਰ ਨੂੰ ਨਾਮਾਤਰ ਪਾਣੀ ਦਿੱਤਾ ਜਾ ਰਿਹਾ। ਇਸ ਤੋਂ ਇਲਾਵਾ ਮਖੂ ਕੈਨਾਲ ਦਾ ਗੇਟ ਟੁੱਟ ਜਾਣ ਕਾਰਨ ਮੁਕੰਮਲ ਬੰਦ ਕਰ ਦਿੱਤਾ ਅਤੇ ਬਚਾਅ ਕਾਰਜ ਜਾਰੀ ਰੱਖਦਿਆਂ ਮਿੱਟੀ ਦੇ ਬੋਰੇ ਲਗਾਏ ਜਾ ਰਹੇ ਹਨ। ਵਿਭਾਗੀ ਅਫਸਰਾਂ ਵੱਲੋਂ ਜਾਨੀ ਮਾਲੀ ਨੁਕਸਾਨ ਤੋਂ ਬਚਾਅ ਲਈ ਪੁਖਤਾ ਪ੍ਰਬੰਧਾਂ ਦਾ ਦਾਅਵਾ ਕਰਦਿਆਂ ਕੱਲ੍ਹ ਤੱਕ ਪਾਣੀ ਦੀ ਆਮਦ ਸਵਾ ਲੱਖ ਕਿਊਸਿਕ ਦੱਸੀ ਜਾ ਰਹੀ ਹੈ। ਸੂਤਰਾਂ ਦੀ ਮੰਨੀਏ ਤਾਂ ਰੋਪੜ ਹੈੱਡ ਵਰਕਸ 'ਚ ਨਹਿਰੀ ਪਾਣੀ ਦੀ ਆਮਦ ਜ਼ਿਆਦਾ ਹੋਣ ਕਾਰਨ 1 ਲੱਖ 68 ਹਜ਼ਾਰ ਕਿਊਸਿਕ ਪਾਣੀ ਛੱਡਿਆ ਜਾ ਚੁੱਕਾ ਹੈ ਜੋ 10 ਜੁਲਾਈ ਨੂੰ ਹਰੀਕੇ ਦਸਤਕ ਦੇਵੇਗਾ। ਛੱਡੇ ਪਾਣੀ ਤੋਂ ਬਾਅਦ ਹੇਠਲੇ ਪਿੰਡਾਂ ਦਾ ਜਾਇਜ਼ਾ ਲਿਆ ਤਾਂ ਕਿਸਾਨਾਂ ਦੀਆਂ ਫਸਲਾਂ ਅਤੇ ਪਸ਼ੂ ਧਨ ਪ੍ਰਭਾਵਿਤ ਹੋਣ ਦੇ ਨਾਲ-ਨਾਲ ਹੋਰ ਖਤਰਿਆਂ ਦੇ ਬੱਦਲ ਮੰਡਰਾਉਂਦੇ ਦਿਖਾਈ ਦਿੱਤੇ।

ਗੌਰਤਲਬ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਿਰਦੇਸ਼ ਜਾਰੀ ਕਰਦਿਆਂ ਵਿਧਾਇਕਾਂ ਅਤੇ ਮੰਤਰੀਆਂ ਦੇ ਨਾਲ ਨਾਲ ਥਾਪੇ ਗਏ ਚੇਅਰਮੈਨਾਂ ਨੂੰ ਆਪਣੇ ਅਧਿਕਾਰਤ ਖੇਤਰਾਂ ਵਿਚ ਜਾ ਕੇ ਹੜ੍ਹ ਪੀੜਤਾਂ ਦੀ ਸਾਰ ਲੈਣ ਦੀ ਗੱਲ ਆਖੀ। ਇਸ ਸਮੇਂ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੀ ਹਾਜ਼ਰੀ ਵੀ ਯਕੀਨੀ ਹੋਵੇਗੀ ਪਰ ਅਫਸੋਸ ਪਰਸੋਂ ਤੋਂ ਲਗਾਤਾਰ ਪੈ ਰਹੀ ਬਾਰਸ਼ ਅਤੇ ਪਹਾੜੀ ਖੇਤਰਾਂ ਦੇ ਪਾਣੀ ਦੀ ਆਮਦ ਦੇ ਕੇਵਲ ਅੰਕੜੇ ਹੀ ਇਕੱਠੇ ਕੀਤੇ ਜਾ ਰਹੇ ਹਨ ਜਦੋਂਕਿ ਲੋਕ ਪ੍ਰਸ਼ਾਸਨ ਤੋਂ ਵੱਡੀ ਉਮੀਦ ਲਾਈ ਬੈਠੇ ਹਨ। ਇਸ ਤੋਂ ਇਲਾਵਾ ਡਾਊਨ ਸਟਰੀਮ ਧੁੱਸੀ ਬੰਨ੍ਹ ਦੇ ਬਾਹਰ ਬਹਿਕਾਂ ਤੇ ਵੱਸਦੇ ਲੋਕ ਵੀ ਪਾਣੀ ਦੀ ਮਾਰ ਝੱਲ ਰਹੇ ਹਨ। ਕੌਮੀ ਸ਼ਾਹ ਰਾਹ 'ਤੇ ਬਣੇ ਸੈਫਲ ਨੂੰ ਅੱਜ ਵੀ ਪ੍ਰਸ਼ਾਸਨ ਨਹੀਂ ਖੁਲ੍ਹਵਾ ਸਕਿਆ ਜਿਸ ਤੋਂ ਬਾਅਦ ਪੰਚਾਇਤੀ ਜ਼ਮੀਨ ਦੇ ਕਾਸ਼ਤਕਾਰਾਂ ਨੂੰ ਪਾਣੀ ਦੀ ਨਿਕਾਸੀ ਵਿਚ ਕੋਈ ਰਾਹਤ ਨਹੀਂ ਮਿਲੀ। ਇਸ ਸਬੰਧੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨੁਮਾਇੰਦੇ ਲੋਕਾਂ ਦੇ ਨੁਕਸਾਨ ਤੇ ਵੀ ਸਿਆਸੀ ਰੋਟੀਆਂ ਸੇਕ ਰਹੇ ਹਨ ਜੋ ਕਿ ਰਾਜ ਦੇ ਅੰਨਦਾਤੇ ਨਾਲ ਮਜ਼ਾਕ ਤੋਂ ਘੱਟ ਨਹੀਂ। ਉਨ੍ਹਾਂ ਕਿਹਾ ਕਿ ਹਰੀਕੇ ਹੈੱਡ ਵਰਕਸ ਤੋਂ ਪਾਣੀ ਛੱਡਣ ਤੋਂ ਪਹਿਲਾਂ ਹੜ੍ਹ ਪੀੜਤਾਂ ਦੇ ਰੈਣ ਬਸੇਰੇ, ਪਸ਼ੂ ਚਾਰੇ ਘਰਾਂ ਤੋਂ ਸਾਮਾਨ ਕੱਢਣ ਦਾ ਪ੍ਰਬੰਧ, ਬੇੜੀਆਂ, ਰੱਸੇ ਤਰਪਾਲਾਂ ਅਤੇ ਡਾਕਟਰੀ ਸਹੂਲਤਾਂ ਦਾ ਪ੍ਰਬੰਧ ਕਰੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਬਕਾਇਆ ਮੁਆਵਜ਼ੇ 'ਤੇ ਵੀ ਝਾਤ ਪਾਈ ਜਾਵੇ। ਜ਼ਿਲ੍ਹਾ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਬਲਦੀਪ ਕੌਰ ਨੇ ਕਿਹਾ ਕਿ ਸਿਵਲ ਪ੍ਰਸ਼ਾਸਨ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਹਰੇਕ ਸਬ ਡਵੀਜ਼ਨ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦੇ ਕੇ ਲੋਕਾਂ ਦੇ ਜਾਨ ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਿਹਾ ਜਾ ਚੁੱਕਾ ਹੈ। ਜਲਦੀ ਹੀ ਫਲੱਡ ਕੰਟਰੋਲ ਰੂਮ ਸਥਾਪਿਤ ਕਰ ਦਿੱਤਾ ਜਾਵੇਗਾ ਜਿਸ ਤੋਂ ਹਰੇਕ ਜਾਣਕਾਰੀ ਮੁਹੱਈਆ ਹੋਵੇਗੀ।

# ਸਿੱਕੀ ਵੱਲੋਂ ਕਿਸਾਨਾਂ ਨੂੰ ਨੁਕਸਾਨੇ ਝੋਨੇ ਦਾ ਪੰਜਾਹ ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦੇਣ ਦੀ ਮੰਗ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਮੌਨਸੂਨ ਦੇ ਮੌਸਮ ਵਿਚ ਇਸ ਵਾਰ ਹੋਈ ਰਿਕਾਰਡ ਤੋੜ ਬਾਰਿਸ਼ ਨੇ ਜਨਜੀਵਨ ਨੂੰ ਬੁਰੀ ਤਰਾਂ ਪ੍ਰਭਾਵਿਤ ਕੀਤਾ ਹੈ। ਜਿਥੇ ਬਾਰਿਸ਼ ਦੇ ਪਾਣੀ ਨੇ ਝੋਨੇ ਦੀ ਫਸਲ ਨੂੰ ਪ੍ਰਭਾਵਿਤ ਕੀਤਾ ਹੈ ਉਥੇ ਹੀ ਪਿੰਡਾਂ ਵਿਚਲੇ ਛੱਪੜ ਭਰ ਜਾਣ ਕਾਰਨ ਪਾਣੀ ਲੋਕਾਂ ਦੇ ਘਰਾਂ ਤੱਕ ਆ ਗਿਆ ਹੈ। ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਹਲਕਾ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਹੁਤ ਭਾਰੀ ਮੀਂਹ ਕਾਰਨ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਇਲਾਕੇ ਦਾ ਬਹੁਤ ਨੁਕਸਾਨ ਹੋ ਗਿਆ ਹੈ। ਉਨ੍ਹਾਂ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਜਾ ਕੇ ਨੁਕਸਾਨੀ ਗਈ ਝੋਨੇ ਦੀ ਫਸਲ ਦਾ ਜਾਇਜ਼ਾ ਲਿਆ। ਸਿੱਕੀ ਨੇ ਕਿਹਾ ਝੋਨੇ ਦੀ ਫਸਲ ਬਿੱਲਕੁਲ ਬਰਬਾਦ ਹੋ ਗਈ ਹੈ, ਕਈ ਪਿੰਡਾਂ ਦੇ ਮਕਾਨ ਢਹਿ ਗਏ। ਪਸ਼ੂਆਂ ਦਾ ਚਾਰਾ ਬਰਬਾਦ ਹੋ ਗਿਆ ਹੈ। ਸਿੱਕੀ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਮੰਡ ਏਰੀਆ ਝੋਨੇ ਦੇ ਨੁਕਸਾਨ ਦਾ ਜਾਇਜ਼ਾ ਲਏ ਤੇ ਸਰਕਾਰ ਦੇ ਧਿਆਨ 'ਚ ਲਿਆ ਕੇ ਪ੍ਰਤੀ ਏਕੜ ਪੰਜਾਹ ਹਜ਼ਾਰ ਰੁਪਏ ਮੁਆਵਜ਼ਾ ਦਿਵਾਇਆ ਜਾਵੇ। ਓਨਾ ਸਰਕਾਰ ਨੂੰ ਅਪੀਲ ਕੀਤੀ ਕਿ ਮੁਆਵਜੇ ਤੋਂ ਇਲਾਵਾ ਸਰਕਾਰ ਆਪਣੇ ਸਹਾਇਤਾ ਖਾਤੇ ਚੋ ਤੁਰੰਤ ਰਾਸ਼ੀ ਕਿਸਾਨਾਂ ਤੱਕ ਪਹੁੰਚਾਵੇ ਤਾਂ ਜੋ ਕਿਸਾਨ ਮਾਝੇ ਦੀ ਜ਼ਮੀਨ 'ਚ ਦੁਬਾਰਾ ਝੋਨਾ ਲਾ ਸਕਣ ਤੇ ਢਹਿ ਚੁੱਕੇ ਮਕਾਨ ਬਣਾ ਸਕਣ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਹਰੀਕੇ ਦਰਿਆ 'ਤੇ ਬਣਾਏ ਬੰਨ੍ਹ ਦੇ ਦਰ ਚੁੱਕੇ ਜਾਣ ਤਾਂ ਜੋ ਪਿੱਛੇ ਕੋਈ ਰਾਹਤ ਮਿਲ ਸਕੇ। ਸਿੱਕੀ ਨੇ ਮੌਕੇ ਦੇ ਪ੍ਰਸ਼ਾਸਨ ਨਾਲ ਗੱਲ ਕਰਕੇ ਅਪੀਲ ਕੀਤੀ ਕਿ ਲੋਕਾਂ ਦੀ ਸਹਾਇਤਾ ਲਈ ਹਰ ਤਰ੍ਹਾਂ ਦੇ ਪੁਖਤਾ ਪ੍ਰਬੰਧ ਕੀਤੇ ਜਾਣ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਖਡੂਰ ਸਾਹਿਬ ਦੇ ਮੋਹਤਬਰ, ਸਰਪੰਚ -ਪੰਚ ਹਾਜ਼ਰ ਸਨ।

11-JULY-PAGE-5.qxd 7/10/2023 10:47 PM Page 1



# ਪਾਵਰਕਾਮ ਪੈਨਸ਼ਨਰਾਂ ਵੱਲੋਂ ਵਰ੍ਹਦੇ ਮੀਂਹ 'ਚ ਵਿਕਾਸ ਟੈਕਸ ਵਿਰੁੱਧ ਅਰਥੀ ਫੂਕ ਮੁਜ਼ਾਹਰਾ


ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਮੰਡਲ ਸਮਰਾਲਾ ਅਰਥੀ ਫੂਕਣ ਦੌਰਾਨ।

**ਸਮਰਾਲਾ (ਸੁਰਜੀਤ ਸਿੰਘ)**-ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਰਾਜ ਪਾਵਰਕਾਮ ਮੰਡਲ ਸਮਰਾਲਾ ਦੇ ਪਾਵਰਕਾਮ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਤੇ ਮੈਨੇਜਮੈਂਟ ਵੱਲੋਂ ਮੰਨੀਆਂ ਗਈਆਂ ਮੰਗਾਂ ਲਾਗੂ ਨਾ ਕਰਨ ਤੇ ਜਬਰੀ 200 ਰੁਪਏ ਵਿਕਾਸ ਫੰਡ ਇਕੱਠਾ ਕਰਨ ਦੇ ਰੋਸ ਵਜੋਂ ਖਰਾਬ ਮੌਸਮ ਦੇ ਬਾਵਜੂਦ ਮੰਡਲ ਸਮਰਾਲਾ-ਘੁਲਾਲ ਵਿਖੇ ਵਿਸ਼ਾਲ ਰੋਸ ਧਰਨਾ ਮੰਡਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਦਿੱਤਾ ਗਿਆ ਅਤੇ ਪੰਜਾਬ ਸਰਕਾਰ, ਮੈਨੇਜਮੈਂਟ ਦੀ ਅਰਥੀ ਫੂਕੀ ਗਈ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਹੋਏ ਮੰਡਲ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ/ਮੈਨੇਜਮੈਂਟ ਮੀਟਿੰਗਾਂ ਵਿੱਚ ਤਾਂ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਸਬੰਧੀ ਆਪਣੀ ਸਹਿਮਤੀ ਪ੍ਰਗਟ ਕਰਦੀ ਹੈ ਤੇ ਫਿਰ ਉਨ੍ਹਾਂ ਨੂੰ ਲਮਕ ਅਵਸਥਾ ਵਿੱਚ ਰੱਖੀ ਰੱਖਦੀ ਹੈ। ਮੰਗਾਂ ਲਾਗੂ ਕਰਨ ਦੀ ਬਜਾਏ 200 ਰੁਪਏ ਦਾ ਜਬਰੀ ਵਿਕਾਸ ਫੰਡ 60 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਉੱਪਰ ਵੀ ਥੋਪ ਦਿੱਤਾ ਗਿਆ ਹੈ। ਪੰਜਾਬ ਸਰਕਾਰ ਖਜ਼ਾਨਾ ਭਰੇ ਹੋਣ ਦੇ ਦਗਮਜੇ ਤਾਂ ਬਹਤ ਮਾਰਦੀ ਹੈ, ਪ੍ਰੰਤੂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਮੰਨ ਕੇ ਲਾਗੂ ਨਹੀਂ ਕਰਦੀ। ਸਰਕਾਰ ਵੱਲੋਂ ਜਹਾਜ਼ਾਂ ਦੇ ਝੂਟੇ ਲੈਣ ਲਈ 200 ਰੁਪਏ ਜਬਰੀ ਵਿਕਾਸ ਫੰਡ ਦੀ ਕਟੌਤੀ ਲਈ ਆਰਡਰ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪੇ ਕਮਿਸ਼ਨ ਦੀਆਂ ਰਿਪੋਰਟ ਅਨੁਸਾਰ ਪੈਨਸ਼ਨਰਾਂ ਨੂੰ ਵੀ 2.59 ਦੇ ਫਾਰਮੂਲੇ ਨਾਲ ਪੇ ਸਕੇਲ ਸੋਧਣੇ ਹਨ, ਜੋ ਅਜੇ ਤੱਕ ਲਾਗੂ ਨਹੀਂ ਕੀਤੇ ਗਏ ਅਤੇ ਨਾ ਹੀ ਡੀ. ਏ. ਦੇ ਬਕਾਏ ਤੇ ਬਾਕੀ ਰਹਿੰਦੇ ਡੀ. ਏ. ਦੀਆਂ ਦੋ ਕਿਸ਼ਤਾਂ ਦਿੱਤੀਆਂ ਹਨ। ਅਜੇ ਪਾਵਰਕਾਮ ਦੇ ਪੈਨਸ਼ਨਰਾਂ ਨੂੰ ਬਿਜਲੀ ਵਿੱਚ ਵਰਤੋਂ ਦੀ ਛੋਟ ਵੀ ਨਹੀਂ ਦਿੱਤੀ ਗਈ ਅਤੇ ਨਾ ਹੀ ਇਲਾਜ ਲਈ ਕੈਸ਼ਲੈਸ ਸਕੀਮ ਲਾਗੂ ਕੀਤੀ ਗਈ ਹੈ। ਇਸ ਤੋਂ ਇਲਾਵਾ ਮੈਡੀਕਲ ਬਿੱਲ ਵੀ ਸਾਲਾਂਬੱਧੀ ਪਾਸ ਨਹੀਂ ਕੀਤੇ ਜਾਂਦੇ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੈਨਸ਼ਨਰਾਂ ਦੀ ਉਪਰੋਕਤ ਮੰਗਾਂ ਸਬੰਧੀ ਜਲਦੀ ਹੋਈ ਫੈਸਲਾ ਨਾ ਲਿਆ ਗਿਆ ਤਾਂ 9 ਅਗਸਤ ਨੂੰ ਰੋਪੜ ਸਰਕਲ ਵਿਖੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਤੇ ਸੰਘਰਸ਼ ਨੂੰ ਤਿੱਖਾ ਕਰਦੇ ਹੋਏ ਸਤੰਬਰ ਮਹੀਨੇ ਵਿੱਚ ਹੈੱਡ ਆਫਿਸ ਪਟਿਆਲਾ ਵਿਖੇ ਪੰਜਾਬ ਪੱਧਰੀ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਖਰਾਬ ਮੌਸਮ ਨੂੰ ਦੇਖਦੇ ਹੋਏ ਸਕੱਤਰ ਸੁਖਦਰਸ਼ਨ ਸਿੰਘ ਵੱਲੋਂ ਸਿਰਫ ਦੋ ਬੁਲਾਰਿਆਂ ਨੂੰ ਹੀ ਬੋਲਣ ਦਾ ਸਮਾਂ ਦਿੱਤਾ ਗਿਆ, ਜਿਨ੍ਹਾਂ 'ਚ ਭਰਪੂਰ ਸਿੰਘ ਮਾਂਗਟ ਸਾਬਕਾ ਸੂਬਾ ਪ੍ਰਧਾਨ ਟੀ. ਐੱਸ. ਯੂ. ਤੇ ਸਿਕੰਦਰ ਸਿੰਘ ਪ੍ਰਧਾਨ ਸਮਰਾਲਾ ਸਨ।

ਰੋਸ ਧਰਨੇ ਵਿੱਚ ਔਰਤਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਤੇ ਖਰਾਬ ਮੌਸਮ ਦੇ ਬਾਵਜੂਦ ਵੱਡੀ ਗਿਣਤੀ ਪੈਨਸ਼ਨਰਾਂ ਦਾ ਜੋਸ਼ ਤੇ ਜਜ਼ਬਾ ਦੇਖਣ ਲਾਇਕ ਸੀ। ਅੱਜ ਦੇ ਧਰਨੇ ਵਿੱਚ ਉਪਰੋਕਤ ਤੋਂ ਇਲਾਵਾ ਇੰਜ. ਪ੍ਰੇਮ ਸਿੰਘ ਸਾਬਕਾ ਐੱਸ.ਡੀ.ਓ., ਇੰਜ: ਜੁਗਲ ਕਿਸ਼ੋਰ ਸਾਹਨੀ, ਇੰਜ: ਹਰਚਰਨ ਸਿੰਘ ਸਾਬਕਾ ਐੱਸ. ਡੀ. ਓ., ਰਾਜਿੰਦਰਪਾਲ ਵਡੇਰਾ ਡਿਪਟੀ ਸੀ.ਏ.ਓ., ਜਗਤਾਰ ਸਿੰਘ ਪ੍ਰੈੱਸ ਸਕੱਤਰ, ਭੁਪਿੰਦਰ ਸਿੰਘ ਚਹਿਲਾਂ, ਪ੍ਰੇਮ ਕੁਮਾਰ ਸਰਕਲ ਆਗੂ, ਸੁਰਜੀਤ ਵਿਸ਼ਾਦ, ਇੰਜ: ਦਰਸ਼ਨ ਸਿੰਘ ਖਜ਼ਾਨਚੀ, ਦਰਸ਼ਨ ਸਿੰਘ ਕੋਟਾਲਾ, ਕੁਲਵੰਤ ਸਿੰਘ ਜੱਗੀ, ਅਮਰਜੀਤ ਸਿੰਘ, ਰਾਕੇਸ਼ ਕੁਮਾਰ ਆਦਿ ਹਾਜ਼ਰ ਸਨ।

# ਐੱਸ.ਡੀ.ਐੱਮ. ਵੱਲੋਂ ਲੋਕਾਂ ਨੂੰ ਦਰਿਆ ਨੇੜਿਓਂ ਉੱਠ ਕੇ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਅਪੀਲ



**ਜ਼ੀਰਾ (ਨਰਿੰਦਰ ਅਨੇਜਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਹੜ੍ਹਾਂ ਦੀ ਸਥਿਤੀ ਨੂੰ ਮੱਦੇਨਜ਼ਰ ਰੱਖਦੇ ਹੋਏ ਤੇ ਭਾਖੜਾ ਡੈਮ ਤੋਂ ਦਰਿਆ ਵਿੱਚ ਜ਼ਿਆਦਾ ਪਾਣੀ ਕਰਕੇ ਦਰਿਆ ਹੜ੍ਹ ਪ੍ਰਭਾਵਿਤ ਏਰੀਏ ਦਾ ਜਾਇਜ਼ਾ ਲੈਣ ਸਬੰਧੀ ਸ੍ਰੀ ਗਗਨਦੀਪ ਸਿੰਘ, ਪੀ.ਸੀ.ਐੱਸ., ਉਪ ਮੰਡਲ ਮੈਜਿਸਟ੍ਰੇਟ ਜ਼ੀਰਾ ਵੱਲੋਂ ਸਬ ਡਵੀਜ਼ਨ ਜ਼ੀਰਾ ਦੇ ਹੜ੍ਹ ਪ੍ਰਭਾਵਿਤ ਏਰੀਏ ਵਿੱਚ ਜਾ ਕੇ ਬੰਨ੍ਹਾਂ ਤੇ ਰਾਹਤ ਕੈਂਪਾਂ ਦਾ ਨਰੀਖਣ ਕੀਤਾ ਗਿਆ। ਉਨ੍ਹਾ ਕੁੱਲੂਵਾਲਾ ਮੋੜ, ਗੱਟਾ ਬਾਦਸ਼ਾਹ, ਜੋਗੇਵਾਲਾ, ਰੁਕਨੇਵਾਲਾ, ਹਰੀਕੇ ਹੈੱਡ ਵਕਰਸ ਆਦਿ ਦਾ ਨਰੀਖਣ ਕੀਤਾ ਗਿਆ ਤੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਪਿੰਡ ਦੇ ਸਪੀਕਰਾਂ ਵਿੱਚ ਵੀ ਮੁਨਾਦੀ ਕਰਾਉਣ ਦੀ ਹਦਾਇਤ ਕੀਤੀ ਗਈ ਕਿ ਭਾਖੜਾ ਡੈਮ ਤੋਂ ਪਾਣੀ ਬਹੁਤ ਜ਼ਿਆਦਾ ਛੱਡਿਆ ਗਿਆ ਹੈ, ਜਿਸ ਕਰਕੇ ਦਰਿਆ ਵਿੱਚ ਪਾਣੀ ਚੜ੍ਹਨ ਕਰਕੇ ਜਾਨੀ-ਮਾਲੀ ਨੁਕਸਾਨ ਤੋਂ ਬਚਾਓ ਕਰਨ ਲਈ ਲੋਕਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਦਰਿਆ ਵਿੱਚੋਂ ਉੱਠ ਕੇ ਬਾਹਰ ਕਿਸੇ ਸੁਰੱਖਿਅਤ ਜਗ੍ਹਾ 'ਤੇ ਆ ਜਾਣ ਤਾਂ ਜੋ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਨਾ ਹੋ ਸਕੇ। ਇਸ ਤੋਂ ਇਲਾਵਾ ਹੜ੍ਹ ਪ੍ਰਭਾਵਿਤ ਏਰੀਏ ਤੋਂ ਉੱਠ ਕੇ ਆਏ ਲੋਕਾਂ ਲਈ 07 ਰਿਲੀਫ ਕੈਂਪ ਵੀ ਤਿਆਰ ਕੀਤੇ ਗਏ ਹਨ। ਜੇਕਰ ਹੜ੍ਹਾਂ ਦੀ ਸਥਿਤੀ ਬਣਦੀ ਹੈ ਤਾਂ ਲੋਕਾਂ ਨੂੰ ਰਿਲੀਫ ਕੈਂਪ ਵਿੱਚ ਠਹਿਰਾਉਣ ਦੇ ਵੀ ਪ੍ਰਬੰਧ ਕੀਤੇ ਗਏ ਹਨ। ਇਸ ਸਮੇਂ ਐੱਸ.ਡੀ.ਓ. ਡਰੇਨਜ਼, ਨਾਇਬ ਤਹਿਸੀਲਦਾਰ ਮੱਖੂ, ਕਾਨੂੰਗੋ ਤੇ ਪਟਵਾਰੀ ਆਦਿ ਹਾਜ਼ਰ ਸਨ।

# ਭਾਰੀ ਮੀਂਹ ਕਾਰਨ ਜ਼ਿਲ੍ਹੇ ਦੇ ਕਈ ਪਿੰਡਾਂ, ਸ਼ਹਿਰਾਂ 'ਚ ਬਣੀ ਹੜ੍ਹ ਵਰਗੀ ਸਥਿਤੀ



ਪੱਤਰਕਾਰਾਂ ਨੂੰ ਪਾਣੀ 'ਚ ਡੁੱਬੀਆਂ ਝੁੱਗੀਆਂ ਦਿਖਾਉਂਦੇ ਮਜ਼ਦੂਰ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ਼ਨੀਵਾਰ ਸਵੇਰ ਤੋਂ ਹੋ ਰਹੀ ਬਾਰਿਸ਼ ਕਾਰਨ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਘਰਾਂ 'ਚ ਪਾਣੀ ਦਾ ਪੱਧਰ ਲਗਾਤਾਰ ਵਧ ਰਿਹਾ ਹੈ, ਜਿਸ ਕਾਰਨ ਕਈ ਥਾਵਾਂ 'ਤੇ ਪਾਣੀ ਲੋਕਾਂ ਦੇ ਘਰਾਂ 'ਚ ਦਾਖਲ ਹੋ ਜਾਣ ਤੇ ਫਸਲਾਂ ਡੁੱਬ ਜਾਣ ਦੀਆਂ ਸੂਚਨਾਵਾਂ ਸਾਹਮਣੇ ਆ ਰਹੀਆਂ ਹਨ। ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੇ ਸਰਹਿੰਦ ਸ਼ਹਿਰ ਦੀ ਸੰਘਣੀ ਆਬਾਦੀ ਵਾਲੇ ਇਲਾਕੇ ਕੋਲੋਂ ਲੰਘ ਰਹੇ ਚੋਅ 'ਚ ਪਾਣੀ ਦਾ ਪੱਧਰ ਇੱਕਦਮ ਵੱਧ ਜਾਣ ਕਾਰਨ ਚੋਅ ਉੱਪਰ ਤੱਕ ਭਰ ਕੇ ਵਗਣ ਲੱਗਾ ਹੈ, ਜਿਸ ਕਾਰਨ ਨੇੜਲੇ ਇਲਾਕੇ ਦੇ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਕਈ ਇਲਾਕਾ ਵਾਸੀਆਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਵੱਲੋਂ ਸਮਾਂ ਰਹਿੰਦੇ ਇਸ ਚੋਅ ਦੀ ਸਫਾਈ ਨਹੀਂ ਕਰਵਾਈ ਗਈ, ਜਿਸ ਦਾ ਖਮਿਆਜ਼ਾ ਇੱਥੋਂ ਦੇ ਵਸਨੀਕਾਂ ਨੂੰ ਭੁਗਤਣਾ ਪੈ ਸਕਦਾ ਹੈ। ਅੱਜ ਫ਼ਤਹਿਗੜ੍ਹ ਸਾਹਿਬ ਨੇੜਲੇ ਪਿੰਡ ਆਲੀਆਂ ਦੇ ਵਸਨੀਕਾਂ ਵੱਲੋਂ ਕੁਝ ਚਿਰ ਲਈ ਸਰਹਿੰਦ-ਮੋਰਿੰਡਾ ਸੜਕ ਜਾਮ ਕਰ ਦਿੱਤੀ ਗਈ। ਪਿੰਡ ਵਾਸੀਆਂ ਦਾ ਦੋਸ਼ ਸੀ ਕਿ ਮੀਂਹ ਦਾ ਪਾਣੀ ਘਰਾਂ 'ਚ ਦਾਖਲ ਹੋ ਜਾਣ ਕਾਰਨ ਉਨ੍ਹਾਂ ਦੇ ਘਰਾਂ 'ਚ ਪਿਆ ਅਨਾਜ ਤੇ ਹੋਰ ਸਾਮਾਨ ਖਰਾਬ ਹੋ ਰਿਹਾ ਹੈ ਤੇ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਸਾਰ ਨਹੀਂ ਲਈ ਜਾ ਰਹੀ, ਜਿਸ ਉਪਰੰਤ ਮੌਕੇ 'ਤੇ ਪਹੁੰਚੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਸਮਝਾ ਬੁਝਾ ਕੇ ਜਾਮ ਖੁੱਲ੍ਹਵਾਇਆ ਗਿਆ। ਇਸੇ ਤਰ੍ਹਾਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ 'ਚ ਮੀਂਹ ਦੇ ਪਾਣੀ ਕਾਰਨ ਖੇਤਾਂ 'ਚ ਖੜੀਆਂ ਫਸਲਾਂ ਪੂਰੀ ਤਰ੍ਹਾਂ ਡੁੱਬੀਆਂ ਹੋਈਆਂ ਨਜ਼ਰ ਆ ਰਹੀਆਂ ਹਨ। ਪ੍ਰਬੰਧਕੀ ਕੰਪਲੈਕਸ ਕੋਲ ਖੜ ਕੇ ਵਿਲਕ ਰਹੇ ਇੱਕ ਮਜ਼ਦੂਰ ਨੇ ਮਦਦ ਦੀ ਗੁਹਾਰ ਲਗਾਉਂਦਿਆਂ ਦੱਸਿਆ ਕਿ ਉਹ ਪੰਜ ਧੀਆਂ ਦਾ ਪਿਤਾ ਹੈ, ਜਿਨਾਂ ਲਈ ਜੋੜੇ ਕੁਝ ਪੈਸੇ, ਘਰ ਦਾ ਸਾਮਾਨ, ਝੁੱਗੀ ਤੇ ਉਸ ਦੀਆਂ ਬੱਕਰੀਆਂ ਮੀਂਹ ਦਾ ਪਾਣੀ ਹੜ੍ਹਾ ਕੇ ਲੈ ਗਿਆ। ਇਸੇ ਤਰ੍ਹਾਂ ਪਿੰਡ ਮਹੱਦੀਆਂ ਨੇੜੇ ਦੋ ਰਾਹਗੀਰਾਂ ਦੇ ਮੋਟਰਸਾਈਕਲ ਮੀਂਹ ਦੇ ਪਾਣੀ 'ਚ ਹੜ੍ਹ ਜਾਣ ਦੀ ਸੂਚਨਾ ਹੈ। ਬੇਸ਼ੱਕ ਹਲਕਾ ਵਿਧਾਇਕ ਲਖਵੀਰ ਸਿੰਘ ਰਾਏ, ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ, ਡਿਪਟੀ ਕਮਿਸ਼ਨਰ ਪ੍ਰਨੀਤ ਸ਼ੇਰਗਿੱਲ ਸਮੇਤ ਵੱਖ-ਵੱਖ ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਵੱਲੋਂ ਪਿੰਡਾਂ, ਸ਼ਹਿਰਾਂ ਦੇ ਲਗਾਤਾਰ ਦੌਰੇ ਕਰਕੇ ਲੋਕਾਂ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ ਜਾ ਰਿਹਾ ਹੈ, ਪਰ ਇਲਾਕੇ 'ਚ ਲਗਾਤਾਰ ਵਧ ਰਹੇ ਪਾਣੀ ਦੇ ਪੱਧਰ ਕਾਰਨ ਲੋਕਾਂ 'ਚ ਡਰ ਦਾ ਮਾਹੌਲ ਹੈ।

# ਹੁਸੈਨੀਵਾਲਾ ਤੋਂ ਸਤਲੁਜ 'ਚ ਛੱਡਿਆ 55 ਹਜ਼ਾਰ ਕਿਊਸਿਕ ਪਾਣੀ

## ਸਤਲੁਜ ਦੇ ਕਰੀਕ ਪਾਰਲੇ ਪਿੰਡਾਂ ਦੇ ਲੋਕਾਂ ਨੂੰ ਸੁਰੱਖਿਅਤ ਥਾਂਵਾਂ 'ਤੇ ਪਹੁੰਚਣ ਦੀ ਸਲਾਹ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਦੇ ਉਪਰਲੇ ਹਿੱਸਿਆਂ ਵਿੱਚ ਪੈ ਰਹੀ ਭਾਰੀ ਬਾਰਿਸ਼ ਕਾਰਨ ਸਲਤੁਜ ਦਰਿਆ ਵਿੱਚ ਆ ਰਿਹਾ ਵੱਡੀ ਮਾਤਰਾ ਵਿਚ ਪਾਣੀ ਅੰਤਮ ਰੂਪ ਵਿੱਚ ਹੁਸੈਨੀਵਾਲਾ ਹੈਡ ਵਰਕਸ ਰਾਹੀਂ ਫਾਜ਼ਿਲਕਾ ਜ਼ਿਲ੍ਹੇ ਦੇ ਖੇਤਰਾਂ ਵਿੱਚ ਪੁੱਜੇਗਾ। ਇਸ ਲਈ ਅਗੇਤੇ ਪ੍ਰਬੰਧਾਂ ਤਹਿਤ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਤੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਸਰੱਹਦੀ ਪਿੰਡਾਂ ਦੇ ਲੋਕਾਂ ਨਾਲ ਮਹਾਤਮ ਨਗਰ ਵਿੱਚ ਬੈਠਕ ਕਰਕੇ ਉਨ੍ਹਾਂ ਨੂੰ ਰਾਹਤ ਕੈਂਪਾਂ ਵਿੱਚ ਜਾਣ ਲਈ ਕਿਹਾ ਤੇ ਨਾਲ ਹੀ ਉਨ੍ਹਾਂ ਨੇ ਸਤਲੁਜ ਦੇ ਬੰਧਾਂ ਤੇ ਅੰਤਰ ਰਾਸ਼ਟਰੀ ਸਰਹੱਦ ਦੇ ਨਾਲ ਸੰਭਾਵਿਤ ਹੜ੍ਹ ਪ੍ਰਬੰਧਾਂ ਦੀ ਸਮੀਖਿਆ ਲਈ ਵੀ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐਸਐਸਪੀ ਅਵਨੀਤ ਕੌਰ ਸਿੱਧੂ, ਏਡੀਸੀ ਜਨਰਲ ਅਵਨੀਤ ਕੌਰ, ਏਡੀਸੀ ਵਿਕਾਸ ਸ੍ਰੀ ਅਮਿਤ ਪੰਚਾਲ, ਐਸਡੀਐਮ ਸ੍ਰੀ ਅਕਾਸ ਬਾਂਸਲ ਵੀ ਹਾਜ਼ਰ ਸਨ।

ਇਸ ਮੌਕੇ ਡਿਪਟੀ ਕਮਿਸਨਰ ਨੇ ਦੱਸਿਆ ਕਿ ਹੁਸੈਨੀਵਾਲਾ ਹੈਡਵਰਕਸ ਤੋਂ 55 ਹਜ਼ਾਰ ਕਿਉਸਿਕ ਪਾਣੀ ਛੱਡਿਆ ਗਿਆ ਹੈ ਤੇ ਇਹ ਫਾਜ਼ਿਲਕਾ ਜ਼ਿਜਲ੍ਹੇ ਵਿਚ ਪਹੁੰਚਣਾ ਸ਼ੁਰੂ ਹੋ ਗਿਆ ਹੈ, ਪਰ ਵੱਡਾ ਖਤਰਾ ਉਹ ਪਾਣੀ ਬਣੇਗਾ ਜੋ ਰੋਪੜ ਹੈੱਡ ਵਰਕਸ ਤੋਂ ਆ ਰਿਹਾ ਹੈ ਤੇ ਹਰੀਕੇ ਅਤੇ ਹੁਸੈਨੀਵਾਲਾ ਹੁੰਦੇ ਹੋਏ ਮੰਗਲਵਾਰ ਤੱਕ ਫਾਜ਼ਿਲਕਾ ਵਿੱਚ ਪੁੱਜੇਗਾ। ਇਸ ਲਈ ਉਨ੍ਹਾਂ ਨੇ ਸਤਲੁਜ ਦੇ ਲਹਿੰਦੇ ਪਾਸੇ ਵਾਲੇ ਪਿੰਡਾਂ ਦੇ ਲੋਕਾਂ ਨੂੰ ਸੁਰੱਖਿਅਤ ਥਾਂਵਾਂ 'ਤੇ ਬਣਾਏ ਰਾਹਤ ਕੈਂਪਾਂ ਵਿੱਚ ਜਾਣ ਦੀ ਅਪੀਲ ਕੀਤੀ। ਇਸ ਮੌਕੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਹਤ ਕੈਂਪਾਂ ਵਿਚ ਹਰ ਪ੍ਰਕਾਰ ਦੀ ਵਿਵਸਥਾ ਕੀਤੀ ਜਾ ਰਹੀ ਹੈ ਤੇ ਲੋਕਾਂ ਦੀ ਇਸ ਔਖੀ ਘੜੀ ਵਿੱਚ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਹਾਤਮ ਨਗਰ ਵਿੱਚ ਇਨ੍ਹਾਂ ਸਰਹੱਦੀ ਪਿੰਡਾਂ ਲਈ ਹੜ੍ਹ ਕੰਟਰੋਲ ਰੂਮ ਬਣਾਇਆ ਗਿਆ ਹੈ, ਜਿੱਥੇ ਸਾਰੇ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਰਹਿਣਗੇ ਤੇ ਪਿੰਡਾਂ ਦੇ ਲੋਕ ਕਿਸੇ ਵੀ ਮਦਦ ਲਈ ਇੱਥੇ ਸੰਪਰਕ ਕਰਨ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਵਿਚ 17 ਰਾਹਤ ਕੈਂਪ ਬਣਾਏ ਗਏ ਹਨ ਤੇ ਲੋਕ ਇਨ੍ਹਾਂ ਵਿਖੇ ਆ ਸਕਦੇ ਹਨ। ਇਸ ਮੌਕੇ ਉਨ੍ਹਾਂ ਨੇ ਮਹਾਤਮ ਨਗਰ ਵਿਖੇ ਹੀ ਸਾਰੇ ਵਿਭਾਗਾਂ ਨਾਲ ਬੈਠਕ ਕੀਤੀ ਤੇ ਹਦਾਇਤ ਕੀਤੀ ਕਿ ਰਾਹਤ ਕੈਂਪਾਂ ਵਿਚ ਬਿਜਲੀ ਪਾਣੀ, ਰਾਸ਼ਨ, ਪਸ਼ੂਆਂ ਲਈ ਚਾਰਾ, ਤਰਪਾਲਾਂ ਆਦਿ ਪ੍ਰਬੰਧ ਕੀਤੇ ਜਾਣ। ਉਨ੍ਹਾ ਨੇ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਮੈਡੀਕਲ ਟੀਮਾਂ ਸਮੇਤ ਸਾਰੇ ਵਿਭਾਗਾਂ ਦੀਆਂ ਟੀਮਾਂ ਤਾਇਨਾਤ ਕਰ ਦਿੱਤੀਆਂ ਗਈਆਂ ਹਨ। ਉਨ੍ਹਾ ਕਿਹਾ ਕਿ ਹੜ੍ਹਾਂ ਸਬੰਧੀ ਕਿਸੇ ਵੀ ਸਹਾਇਤਾਂ ਲਈ 24 ਘੰਟੇ ਚੱਲਣ ਵਾਲੇ ਜ਼ਿਲ੍ਹਾ ਪੱਧਰੀ ਹੜ੍ਹ ਕੰਟਰੋਲ ਰੂਮ 'ਤੇ ਫੋਨ ਨੰਬਰ 01638262153 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਠਾਠਾਂ ਮਾਰਦੇ ਘੱਗਰ ਨੇ ਲੋਕਾਂ ਦੇ ਸਾਹ ਸੂਤੇ, ਲਗਾਤਾਰ ਵਧ ਰਿਹੈ ਪਾਣੀ ਦਾ ਪੱਧਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਨੀਮ ਪਹਾੜੀ ਇਲਾਕਿਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਪੈ ਰਹੀ ਭਾਰੀ ਬਾਰਿਸ਼ ਮਗਰੋਂ ਸੋਮਵਾਰ ਸਵੇਰੇ ਤਰਕਸਾਰ ਇਲਾਕੇ ਵਿੱਚ ਪਈ ਭਰੀ ਬਾਰਿਸ਼ ਤੇ ਘੱਗਰ ਦਰਿਆ ਵਿੱਚ ਲਗਾਤਾਰ ਵਧ ਰਹੇ ਪਾਣੀ ਦੇ ਪੱਧਰ ਨੇ ਘੱਗਰ ਕੰਡੇ ਵਸੇ ਲੋਕਾਂ ਦੇ ਸਾਹ ਸੂਤ ਕੇ ਰੱਖ ਦਿੱਤੇ ਹਨ। ਸੰਭਾਵੀ ਹੜ੍ਹਾਂ ਦਾ ਖਤਰਾ ਲਗਾਤਾਰ ਬਣਿਆ ਹੋਇਆ ਹੈ। ਬਾਅਦ ਦੁਪਹਿਰ 4 ਵਜੇ ਤੱਕ ਆਰ ਡੀ 460 ਤੇ ਪਾਣੀ ਦਾ ਪੱਧਰ 742 ਫੁੱਟ ਦੇ ਕਰੀਬ ਸੀ, ਜੋ ਖਤਰੇ ਦੇ ਨਿਸ਼ਾਨ ਤੋਂ 9 ਫੁੱਟ ਹੇਠਾਂ ਚੱਲ ਰਿਹਾ ਹੈ, ਪਰ ਪਾਣੀ ਦੇ ਵਹਾਅ ਵਿੱਚ ਲਗਾਤਾਰ ਹੋ ਰਿਹਾ ਵਾਧਾ ਪ੍ਰਸ਼ਾਸਨ ਲਈ ਸਿਰਦਰਦੀ ਬਣਿਆ ਹੋਇਆ ਹੈ। ਸਬ ਡਵੀਜ਼ਨ ਪਾਤੜਾਂ ਵਿੱਚ ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਸੰਭਾਵੀ ਹੜ੍ਹਾਂ ਦੇ ਖਤਰੇ ਨੂੰ ਦੇਖਦਿਆਂ ਫੌਜ ਦੀ ਮਦਦ ਮੰਗ ਲਈ ਗਈ ਹੈ।

ਇਸ ਦੌਰਾਨ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਇਲਾਕੇ ਵਿੱਚ ਘੱਗਰ ਦਰਿਆ ਦੇ ਕੰਢੇ ਦੀਆਂ ਨਾਜ਼ੁਕ ਥਾਵਾਂ ਦੀ ਨਿਸ਼ਾਨਦੇਹੀ ਕਰਕੇ ਬੰਨਿਆਂ ਨੂੰ ਮਜ਼ਬੂਤ ਕਰਨ ਲਈ ਪ੍ਰਭਾਵਿਤ ਕਿਸਾਨਾਂ ਦੀ ਮਦਦ ਕੀਤੀ ਜਾ ਰਹੀ ਹੈ। ਪਿੰਡ ਹਰਚੰਦਪੁਰਾ, ਬਾਦਸ਼ਾਹਪੁਰ ਤੇ ਸ਼ੁਤਰਾਣਾ ਨੇੜੇ ਘੱਗਰ ਦਰਿਆ ਵਿੱਚ ਨਾਜ਼ੁਕ ਥਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰਸ਼ਾਸਨ ਵੱਲੋਂ ਖਾਲੀ ਥੈਲੇ ਲੋਕਾਂ ਨੂੰ ਮੁਹੱਈਆ ਕਰਵਾਏ ਗਏ ਹਨ।

ਇਸ ਦੌਰਾਨ ਐੱਸ ਡੀ ਐੱਮ ਨਵਦੀਪ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਸੰਭਾਵੀ ਖਤਰੇ ਨਾਲ ਨਜਿੱਠਣ ਲਈ ਤਿਆਰੀਆਂ ਪੂਰੀ ਤਰ੍ਹਾਂ ਕੀਤੀਆਂ ਗਈਆਂ ਹਨ। ਇਸ ਦੌਰਾਨ ਤਹਿਸੀਲਦਾਰ ਪਾਤੜਾਂ ਮਨਦੀਪ ਕੌਰ, ਨਾਇਬ ਤਹਿਸੀਲਦਾਰ ਭੀਮ ਸੈਨ, ਤੇ ਬੀਡੀਪੀਓ ਪਾਤੜਾਂ ਪਰਮਜੀਤ ਕੌਰ ਦੀ ਅਗਵਾਈ ਵਿੱਚ ਟੀਮਾਂ ਦਾ ਗਠਨ ਕਰਕੇ ਸਥਿਤੀ 'ਤੇ ਨਿਗ੍ਹਾ ਰੱਖਣ ਦੇ ਨਾਲ ਨਾਲ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਅਫਵਾਹਾਂ 'ਤੇ ਯਕੀਨ ਨਾ ਕੀਤਾ ਜਾਵੇ, ਸਗੋਂ ਕਿਤੇ ਵੀ ਸਥਿਤੀ ਗੰਭੀਰ ਹੋਣ ਦੀ ਸੂਰਤ ਵਿੱਚ ਤੁਰੰਤ ਪ੍ਰਸ਼ਾਸਨ ਨੂੰ ਸੂਚਨਾ ਦਿੱਤੀ ਜਾਵੇ।

# ਵਿਧਾਇਕ ਲਹਿਰਾ ਨੇ ਡੀ ਸੀ ਤੇ ਐੱਸ ਐੱਸ ਪੀ ਸਮੇਤ ਮੂਨਕ ਦਾ ਕੀਤਾ ਦੌਰਾ

## ਘੱਗਰ ਦੇ ਕੰਢੇ 4-4 ਕਿਲੋਮੀਟਰ ਦੇ ਦਾਇਰੇ 'ਚ 6 ਕਲੱਸਟਰ ਪੱਧਰੀ ਟੀਮਾਂ ਤਾਇਨਾਤ



**ਮੂਨਕ (ਰਾਜਪਾਲ ਸਿੰਗਲਾ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਘੱਗਰ ਨੇੜੇ ਵਸਦੇ ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਕਿਸੇ ਵੀ ਸੰਕਟ ਦੀ ਘੜੀ ਨਾਲ ਸਮੇਂ ਸਿਰ ਨਜਿੱਠਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਇਹ ਪ੍ਰਗਟਾਵਾ ਵਿਧਾਇਕ ਲਹਿਰਾ ਬਰਿੰਦਰ ਗੋਇਲ ਨੇ ਅੱਜ ਮੂਨਕ ਵਿਖੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਐੱਸ ਐੱਸ ਪੀ ਸੁਰੇਂਦਰ ਲਾਂਬਾ ਸਮੇਤ ਘੱਗਰ ਨੇੜੇ ਵਸਦੇ ਪਿੰਡਾਂ ਸੁਰਜਨ ਭੈਣੀ, ਸਲੇਮਗੜ੍ਹ, ਭੂੰਦੜ ਭੈਣੀ, ਬੁਸੇਰਾ, ਬੰਗਾਂ ਆਦਿ ਵਿੱਚ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਉਹ ਖੁਦ ਤੇ ਜ਼ਿਲ੍ਹਾ ਸੰਗਰੂਰ ਪ੍ਰਸ਼ਾਸਨ ਲੋਕਾਂ ਦੀ ਹਰ ਤਰ੍ਹਾਂ ਦੀ ਮਦਦ ਲਈ ਤਿਆਰ ਬਰ ਤਿਆਰ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਜੇਕਰ ਘੱਗਰ ਵਿੱਚ ਕੋਈ ਪਾੜ ਪੈਂਦਾ ਹੈ ਜਾਂ ਪਾਣੀ ਦਾ ਪੱਧਰ ਵਧਣ ਨਾਲ ਓਵਰ ਫਲੋ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਪ੍ਰਸ਼ਾਸਨ ਵੱਲੋਂ ਪਿੰਡ ਰਾਮਪੁਰ ਗੁਜਰਾਂ, ਮੂਨਕ, ਹਮੀਰਗੜ੍ਹ, ਮੰਡਵੀ ਅਤੇ ਖਨੌਰੀ ਵਿਚ ਆਰਜੀ ਤੌਰ 'ਤੇ ਨੇੜਲੇ ਪਿੰਡਾਂ ਦੇ ਲੋਕਾਂ ਦੀ ਸੁਵਿਧਾ ਲਈ ਮੁੜ ਵਸੇਬਾ ਕੇਂਦਰ ਬਣਾਏ ਗਏ ਹਨ, ਜਿੱਥੇ ਖਾਣ ਪੀਣ ਦਾ ਸਾਮਾਨ, ਪੀਣ ਵਾਲਾ ਸਾਫ ਪਾਣੀ, ਦਵਾਈਆਂ, ਡਾਕਟਰਾਂ ਦੀ ਉਪਲਬਧਤਾ ਤੇ ਹੋਰ ਸਹੂਲਤਾਂ ਉਪਲਬਧ ਹੋਣਗੀਆਂ। ਇਸ ਮੌਕੇ ਡਿਪਟੀ ਕਮਿਸਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਜ਼ਾਰਾਂ ਦੀ ਗਿਣਤੀ 'ਚ ਰੇਤੇ ਦੇ ਥੈਲੇ, ਮਗਨਰੇਗਾ ਮਜ਼ਦੂਰਾਂ ਦੀ ਉਪਲਬਧਤਾ, ਬਿਜਲੀ ਵਿਵਸਥਾ, ਪਾੜ ਪੈਣ ਦੀ ਸੂਰਤ ਵਿੱਚ ਮੋਬਾਇਲ ਜਰਨੇਟਰ ਦੀ ਉਪਲਬਧਤਾ, ਸੜਕਾਂ ਦੀ ਮੁਰੰਮਤ, ਪਾਣੀ ਦੀ ਨਿਕਾਸੀ, ਪਾਣੀ ਕੱਢਣ ਵਾਲੀਆਂ ਮਸ਼ੀਨਾਂ, ਲਾਈਟਾਂ, ਪਸ਼ੂਆਂ ਲਈ ਹਰਾ ਚਾਰਾ, ਤਿਰਪਾਲਾਂ, ਕਿਸ਼ਤੀਆਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਘੱਗਰ ਦੇ ਕੰਢੇ 4-4 ਕਿਲੋਮੀਟਰ ਦੇ ਦਾਇਰੇ 'ਚ 6 ਕਲੱਸਟਰ ਪੱਧਰੀ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ।ਇਸ ਮੌਕੇ ਐੱਸ ਐੱਸ ਪੀ ਸੁਰੇਂਦਰ ਲਾਂਬਾ ਨੇ ਸੋਸ਼ਲ ਮੀਡੀਆ ਰਾਹੀਂ ਫੈਲਣ ਵਾਲੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਤੇ ਪੁਲਸ ਦੀ ਤਰਫੋਂ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਨਮੋਲ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਵਰਜੀਤ ਵਾਲੀਆ, ਐਸ ਡੀ ਐਮ ਸੂਬਾ ਸਿੰਘ, ਐਸ ਡੀ ਐਮ ਨਵਰੀਤ ਕੌਰ ਸੇਖੋਂ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

# ਪੈਨਸ਼ਨਰਾਂ ਵੱਲੋਂ ਵਿਕਾਸ ਟੈਕਸ ਕੱਟਣ ਵਿਰੁੱਧ ਤਿੱਖੇ ਸੰਘਰਸ਼ ਦਾ ਐਲਾਨ

## 14 ਦੀ ਮੋਹਾਲੀ ਰੈਲੀ 'ਚ ਵੱਡਾ ਜੱਥਾ ਸ਼ਾਮਲ ਹੋਵੇਗਾ




**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਬਰਾਂਚ ਪ੍ਰਧਾਨ ਮਨਜੀਤ ਸਿੰਘ ਮਨਸੂਰਾ ਦੀ ਪ੍ਰਧਾਨਗੀ ਹੇਠ ਈਸੜੂ ਭਵਨ ਵਿਖੇ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਸਰਪ੍ਰਸਤ, ਚਰਨ ਸਿੰਘ ਸਰਾਭਾ, ਵਿੱਤ ਸਕੱਤਰ, ਚਮਕੌਰ ਸਿੰਘ ਬਰ੍ਹਮੀ, ਦਰਸ਼ਨ ਸਿੰਘ ਥਰੀਕੇ ਸੀਨੀਅਰ ਆਗੂ ਹਰਮਿੰਦਰ ਕੁਮਾਰ, ਮਨਜੀਤ ਸਿੰਘ ਗਿੱਲ, ਸੀਨੀਅਰ ਵਾਈਸ ਪ੍ਰਧਾਨ ਜਗਜੀਤ ਸਿੰਘ ਗਿੱਲ ਤੇ ਰੋਡਵੇਜ਼ ਆਗੂ ਰਣਧੀਰ ਸਿੰਘ ਹਾਜ਼ਰ ਹੋਏ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਡਲ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਉਪਰ 200 ਰੁਪਏ ਜਜੀਆ ਟੈਕਸ ਲਾਉਣ ਤੇ ਪੈਨਸ਼ਨਰਾਂ ਉਪਰ 2.59 ਦਾ ਫਾਰਮੂਲਾ ਲਾਗੂ ਨਾ ਕਰਨ ਸੰਬੰਧੀ ਸੂਬਾ ਸਰਕਾਰ ਦੀ ਨਿਖੇਧੀ ਕੀਤੀ ਗਈ। ਪੰਜਾਬ ਸਰਕਾਰ ਵੱਲੋਂ ਮੀਟਿੰਗਾਂ ਦਾ ਸਮਾਂ ਤੈਅ ਕਰਕੇ ਵੀ ਉਨ੍ਹਾਂ ਉੱਪਰ ਪੂਰਾ ਨਹੀਂ ਉੱਤਰਦੀਂ, ਜਿਸ ਕਾਰਨ ਪੈਨਸ਼ਨਰਾਂ ਵਿੱਚ ਭਾਰੀ ਬੇਚੈਨੀ ਪਾਈ ਜਾ ਰਹੀ ਹੈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਰਪ੍ਰਸਤ ਚਰਨ ਸਿੰਘ ਸਰਾਭਾ ਨੇ ਕਿਹਾ ਕਿ ਪੰਜਾਬ ਸਰਕਾਰ ਮਹਿੰਗਾਈ ਭੱਤੇ ਦੀਆਂ ਬਣਦੀਆਂ ਕਿਸ਼ਤਾਂ ਨਹੀਂ ਦੇ ਰਹੀ ਅਤੇ ਪੇ ਕਮਿਸ਼ਨ ਦਾ ਏਰੀਅਰ, ਮਹਿੰਗਾਈ ਭੱਤੇ ਦਾ ਏਰੀਅਰ ਦਾ ਬਣਦਾ ਕਰੋੜਾਂ ਰੁਪਈਆ ਦਬਾ ਕੇ ਬੈਠੀ ਹੈ। ਮੈਡੀਕਲ ਬਿੱਲ ਬਹੁਤ ਸਮੇਂ ਤੋਂ ਪੈਂਡਿੰਗ ਪਏ ਹਨ। ਇਸ ਸਮੇਂ ਦੌਰਾਨ ਕਈ ਪੈਨਸ਼ਨਰ ਬਿੱਲਾਂ ਨੂੰ ਉਡੀਕਦੇ ਅਕਾਲ ਚਲਾਣਾ ਕਰ ਗਏ ਹਨ, ਪਰ ਸਰਕਾਰ ਦੇ ਕੰਨਾਂ ਉੱਪਰ ਜੂੰ ਤੱਕ ਨਹੀਂ ਸਰਕ ਰਹੀ। ਅੱਜ ਦੀ ਮੀਟਿੰਗ ਵਿੱਚ 70 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰ ਸਾਥੀਆਂ ਸ੍ਰੀ ਸੁਰਿੰਦਰ ਸਿੰਘ ਸ਼ੇਰਪੁਰ, ਬਹਾਦਰ ਸਿੰਘ ਜਾਂਗਪੁਰ, ਹਰਬੰਸ ਸਿੰਘ ਗਿੱਦੜੀ, ਹਰਬੰਸ ਸਿੰਘ ਖੇੜੀ, ਪ੍ਰੀਤਮ ਸਿੰਘ ਖੱਟੜਾ, ਹਰਜੰਗ ਸਿੰਘ, ਮੇਜਰ ਸਿੰਘ ਜੱਸੜ, ਬਲਵੀਰ ਸਿੰਘ, ਰੰਗੀ, ਸਵਰਨ ਸਿੰਘ ਤੇ ਕਸ਼ਮੀਰਾ ਸਿੰਘ ਨੂੰ ਸਨਮਾਨ ਚਿੰਨ੍ਹ ਅਤੇ ਲੋਈ ਨਾਲ ਸਨਮਾਨਤ ਕੀਤਾ ਗਿਆ ਅਤੇ ਇਨ੍ਹਾਂ ਸਾਥੀਆਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ ਗਈ। ਮੀਟਿੰਗ ਵਿੱਚ ਪਵਿੱਤਰ ਛੋਕਰਾਂ, ਹਰਮਿੰਦਰ ਬਾਦਲ, ਗੁਲਜ਼ਾਰ ਖਾਨ, ਮੋਹਨ ਜੀਤ ਗਰੇਵਾਲ, ਜਸਬੀਰ ਆਣੀ ਬਹਾਦਰ ਨੰਦਪੁਰ, ਰਜਿੰਦਰ ਸਿੰਘ ਮੱਲ ਮਾਜ਼ਰਾ, ਗੁਰਪ੍ਰੀਤ ਸਿੰਘ, ਤਾਰਾ ਸਿੰਘ, ਸੋਹਨ ਸਿੰਘ, ਹਰਮੇਲ ਸਿੰਘ ਮਾਣਕੀ ਤੇ ਕਮਿੱਕਰ ਸਿੰਘ ਹਾਜ਼ਰ ਸਨ।

# ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਦਿੱਲੀ ਵੱਲੋਂ ਸੁਣਵਾਈ ਅੱਜ

## ਪੀੜਤ ਪਰਿਵਾਰ ਜਗਰਾਉਂ ਥਾਣੇ ਮੂਹਰੇ 471 ਦਿਨਾਂ ਤੋਂ ਬੈਠਾ ਧਰਨੇ 'ਤੇ !



**ਜਗਰਾਉਂ (ਨਛੱਤਰ ਸੰਧੂ, ਅਮਿਤ ਖੰਨਾ)**-ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਦਿੱਲੀ ਵੱਲੋਂ ਗਰੀਬ ਪਰਿਵਾਰ 'ਤੇ ਪੁਲਸ ਜ਼ੁਲਮਾਂ ਖਿਲਾਫ ਮਾਮਲੇ ਦੀ ਅੱਜ ਸੁਣਵਾਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਮਾਂ-ਧੀ ਨੂੰ ਥਾਣੇ ਨਜਾਇਜ਼ ਹਿਰਾਸਤ 'ਚ ਰੱਖ ਕੇ ਤਸੀਹੇ ਦੇਣ ਤੇ ਕਰੰਟ ਲਗਾਉਣ ਸਬੰਧੀ ਦਰਜ ਕੀਤੇ ਮੁਕੱਦਮੇ ਦੇ ਦੋਸ਼ੀ ਡੀ ਐੱਸ ਪੀ, ਐੱਸ ਆਈ ਸਮੇਤ ਫਰਜ਼ੀ ਬਣਾਏ ਗਵਾਹ ਪੰਚ-ਸਰਪੰਚ ਦੀ ਗ੍ਰਿਫਤਾਰੀ ਲਈ ਕਰੀਬ ਸਵਾ ਸਾਲ ਤੋਂ ਜਗਰਾਉਂ ਥਾਣੇ ਮੂਹਰੇ ਪੱਕਾ ਧਰਨਾ ਲਗਾਇਆ ਹੋਇਆ ਹੈ। ਮਾਮਲੇ ਦਾ ਗੰਭੀਰ ਨੋਟਿਸ ਲੈਂਦੇ ਹੋਏ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਲੰਘੀ 27 ਫਰਵਰੀ, 20 ਮਾਰਚ, 28 ਮਾਰਚ ਨੂੰ ਛੂਤਛਾਤ ਰੋਕੂ ਐਕਟ 1989 ਦੇ ਸੈਕਸ਼ਨ 4 ਅਧੀਨ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਨ ਅਤੇ ਪੀੜਤ ਪਰਿਵਾਰ ਨੂੰ 4.12 ਲੱਖ ਰੁਪਏ ਤੁਰੰਤ ਮੁਆਵਜ਼ਾ ਦੇਣ ਦੇ ਆਦੇਸ਼ ਦਿੱਤੇ ਸਨ। ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਨੇ ਅਧਿਕਾਰੀਆਂ ਨੂੰ ਮਿਲਣ ਉਪਰੰਤ ਕੌਮੀ ਕਮਿਸ਼ਨ ਤੋਂ ਪ੍ਰਾਪਤ ਆਦੇਸ਼ਾਂ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦੇ ਹੋਏ ਦੱਸਿਆ ਕਿ ਕੌਮੀ ਕਮਿਸ਼ਨ ਨੇ ਹੁਣ ਆਦੇਸ਼ਾਂ ਦੀ "ਕੰਪਲਾਇੰਸ' ਲਈ 11 ਜੁਲਾਈ ਨੂੰ ਡਾਇਰੈਕਟਰ ਬਿਉਰੋ ਆਫ ਇਨਵੈਸਟੀਗੇਸ਼ਨ ਪੰਜਾਬ, ਇੰਸਪੈਕਟਰ ਜਨਰਲ ਲੁਧਿਆਣਾ ਲੁਧਿਆਣਾ, ਸੀਨੀਅਰ ਪੁਲਸ ਕਪਤਾਨ ਜਗਰਾਉਂ, ਡਵੀਜ਼ਨਲ਼ ਕਮਿਸ਼ਨਰ ਪਟਿਆਲਾ ਤੇ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਮੁੜ ਦਿੱਲੀ ਤਲ਼ਬ ਕੀਤਾ ਹੋਇਆ ਹੈ।

ਦੂਜੇ ਪਾਸੇ ਧਰਨਾਕਾਰੀ ਆਗੂਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ ਤੇ ਸਾਧੂ ਸਿੰਘ ਅੱਚਰਵਾਲ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਸਕੱਤਰ ਜਸਦੇਵ ਸਿੰਘ ਲਲਤੋਂ, ਏਟਕ ਆਗੂ ਜਗਦੀਸ਼ ਸਿੰਘ ਕਾਉਂਕੇ, ਬੀਕੇਯੂ ਏਕਤਾ ਡਕੌਂਦਾ (ਬੁਰਜਗਿੱਲ਼) ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਰਾਏਕੋਟ, ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ, ਜਬਰ ਵਿਰੋਧੀ ਫਰੰਟ ਦੇ ਪ੍ਰਧਾਨ ਗੁਰਦੇਵ ਸਿੰਘ ਮੁੱਲਾਂਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਨਿਰਮਲ ਸਿੰਘ ਧਾਲੀਵਾਲ ਤੇ ਬੂਟਾ ਸਿੰਘ ਹਾਂਸ ਕਲਾਂ, ਸਤਿਕਾਰ ਕਮੇਟੀ ਦੇ ਮੁੱਖ ਸੇਵਾਦਾਰ ਜਸਪ੍ਰੀਤ ਸਿੰਘ ਢੋਲ਼ਣ ਨੇ ਦੋਸ਼ ਲਗਾਇਆ ਕਿ ਪੁਲਸ ਅਧਿਕਾਰੀ ਦੀ ਦੋਸ਼ੀ ਨਾਲ ਮਿਲੀ ਭੁਗਤ ਤਹਿਤ ਕੌਮੀ ਕਮਿਸ਼ਨ ਆਦੇਸ਼ਾਂ ਨੂੰ ਲਾਗੂ ਕਰਨ ਤੋਂ ਹੋ ਰਹੀ ਆਨਾਕਾਨੀ ਖਿਲਾਫ 21 ਜੁਲਾਈ ਨੂੰ ਜ਼ਿਲ੍ਹਾ ਪੁਲਸ ਦਫਤਰ ਵੱਲ਼ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

# ਨੌਂ ਬਹਿਰਾਮ ਸ਼ੇਰ ਸਿੰਘ ਵਾਲਾ ਵਿਖੇ ਲੱਗਿਆ ਸ਼ਿਕਾਇਤ ਨਿਵਾਰਨ ਕੈਂਪ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਗੁਰੂ ਹਰਸਹਾਏ ਦੇ ਪਿੰਡ ਗ੍ਰਾਮ ਪੰਚਾਇਤ ਨੌਂ ਬਹਿਰਾਮ ਸ਼ੇਰ ਸਿੰਘ ਵਾਲਾ ਦੇ ਸਰਕਾਰੀ ਸਕੂਲ ਵਿਖੇ ਵਿਸ਼ੇਸ਼ ਕੈਂਪ ਲਾਇਆ ਗਿਆ। ਇਸ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਤੇ ਉਨ੍ਹਾਂ ਦੇ ਹੱਲ ਲਈ ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਕੈਂਪ ਵਿੱਚ ਪਹੁੰਚੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਕੁਮਾਰ, ਐੱਸ ਡੀ ਐੱਮ ਗੁਰੂ ਹਰਸਹਾਏ ਸੂਰਜ ਕੁਮਾਰ ਵੀ ਮੌਜੂਦ ਰਹੇ।

ਇਸ ਮੌਕੇ ਵਿਧਾਇਕ ਸਰਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਹਰ ਵਰਗ ਦੀ ਭਲਾਈ ਲਈ ਵੱਡੇ ਕਦਮ ਚੁੱਕੇ ਗਏ ਹਨ। ਇਹ ਕੈਂਪ ਲਗਾਉਣ ਦਾ ਮੰਤਵ ਲੋਕਾਂ ਨੂੰ ਇਕੋ ਥਾਂ 'ਤੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਤਾਂ ਜੋ ਲੋਕਾਂ ਦੀ ਖਜਲ-ਖੁਆਰੀ ਨਾ ਹੋਵੇ। ਉਨ੍ਹਾ ਦੱਸਿਆ ਕਿ ਅੱਜ ਦੇ ਕੈਂਪ 'ਚ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਸਮੱਸਿਆਵਾਂ ਸੁਣੀਆਂ ਤੇ ਤੁਰੰਤ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਨਿਪਟਾਰੇ ਦੇ ਨਿਰਦੇਸ਼ ਦਿੱਤੇ ਗਏ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ ਤੇ ਐੱਸ ਡੀ ਐੱਮ ਗੁਰੂ ਹਰਸਹਾਏ ਸੂਰਜ ਕੁਮਾਰ ਨੇ ਕਿਹਾ ਕਿ ਸੁਵਿਧਾ ਕੈਂਪ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਹੈਲਪ ਡੈਸਕ ਲਗਾਏ ਗਏ, ਜਿਸ ਤਹਿਤ ਵੱਖ-ਵੱਖ ਸਕੀਮਾਂ ਦੇ ਲਾਭ ਮੁਹੱਈਆ ਕਰਵਾਉਣ ਲਈ ਬਿਨੈ ਪੱਤਰ ਪ੍ਰਾਪਤ ਹੋਏ, ਜਿਨ੍ਹਾਂ ਦੀ ਪੜਤਾਲ ਉਪਰੰਤ ਯੋਗ ਪ੍ਰਾਰਥੀਆਂ ਨੂੰ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ।

# ਬਠਿੰਡਾ ਦਾ ਨਵਾਂ ਬੱਸ ਸਟੈਂਡ ਪੀ ਆਰ ਟੀ ਸੀ ਦੇ ਅਧੀਨ ਹੀ ਬਣਾਇਆ ਜਾਵੇ : ਕੁਲਵੰਤ ਮਨੇਸ

## ਨਗਰ ਨਿਗਮ ਨੂੰ ਬੱਸ ਸਟੈਂਡ ਦੇਣ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ : ਸੰਦੀਪ ਗਰੇਵਾਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਇਥੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਪਨਬੱਸ, ਪੀ ਆਰ ਟੀ ਸੀ ਕੰਟ੍ਰੈਕਟ ਵਰਕਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮਨੇਸ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 26 ਜਨਵਰੀ 2023 ਨੂੰ ਬਠਿੰਡਾ ਵਿਖੇ ਨਵਾਂ ਬੱਸ ਸਟੈਂਡ ਬਣਾਉਣ ਦਾ ਐਲਾਨ ਕੀਤਾ ਗਿਆ ਸੀ, ਜੋ ਬਠਿੰਡਾ ਦੇ ਥਰਮਲ ਪਲਾਂਟ ਨੇੜੇ ਜ਼ਮੀਨ ਵਿੱਚ ਬਣਨ ਜਾ ਰਿਹਾ ਹੈ ਅਤੇ ਭਰੋਸੇਯੋਗ ਸੂਤਰਾਂ ਤੋਂ ਇਹ ਵੀ ਪਤਾ ਲੱਗਾ ਹੈ ਕਿ ਇਹ ਨਵਾਂ ਬੱਸ ਅੱਡਾ ਨਗਰ ਨਿਗਮ ਬਠਿੰਡਾ ਵੱਲੋਂ ਬਣਵਾਇਆ ਜਾ ਰਿਹਾ ਹੈ, ਜੋ ਕਿ ਬਿਲਕੁਲ ਵੀ ਮਨਜ਼ੂਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਬੱਸ ਸਟੈਂਡ ਤੋਂ ਪੀ ਆਰ ਟੀ ਸੀ ਨੂੰ ਹਰ ਸਾਲ ਲੱਗਭੱਗ ਤਿੰਨ ਕਰੋੜ ਦੀ ਆਮਦਨ ਹੁੰਦੀ ਹੈ, ਜਿਵੇਂ ਕਿ ਅੱਡਾ ਫੀਸ, ਸਾਈਕਲ ਸਟੈਂਡ, ਪੰਜਾਹ ਦੇ ਕਰੀਬ ਦੁਕਾਨਾਂ ਤੇ ਬੱਸ ਸਟੈਂਡ ਵਿਚਲੀਆਂ ਕੰਟੀਨਾਂ ਦਾ ਕਿਰਾਇਆ ਪਾ ਕੇ ਵੱਡੀ ਕਮਾਈ ਹੋ ਰਹੀ ਹੈ, ਜੇਕਰ ਇਹ ਬੱਸ ਸਟੈਂਡ ਨਗਰ ਨਿਗਮ ਦੇ ਅਧੀਨ ਬਣਦਾ ਹੈ ਤਾਂ ਪੀ ਆਰ ਟੀ ਸੀ ਨੂੰ ਵੱਡਾ ਘਾਟਾ ਪਵੇਗਾ, ਜੋ ਕਿ ਵਰਕਰ ਬਿਲਕੁਲ ਬਰਦਾਸ਼ਤ ਨਹੀਂ ਕਰਨਗੇ ਅਤੇ ਇਸ ਦਾ ਡੱਟ ਕੇ ਵਿਰੋਧ ਕਰਨਗੇ।

ਇਸ ਮੌਕੇ ਬਠਿੰਡਾ ਡਿੱਪੂ ਦੇ ਪ੍ਰਧਾਨ ਗੁਰਸਿਕੰਦਰ ਸਿੰਘ (ਸੰਦੀਪ ਗਰੇਵਾਲ) ਨੇ ਕਿਹਾ ਕਿ ਜੇਕਰ ਪੀ ਆਰ ਟੀ ਸੀ ਤੋਂ ਇਹ ਆਮਦਨ ਦਾ ਸਾਧਨ ਖੋਹ ਕੇ ਨਵਾਂ ਬੱਸ ਸਟੈਂਡ ਨਗਰ ਨਿਗਮ ਦੇ ਅੰਦਰ ਬਣਵਾਉਣ ਦੀ ਸਾਜ਼ਿਸ਼ ਰਚੀ ਗਈ ਤਾਂ ਇਸ ਵਿਰੁੱਧ ਵੱਡੇ ਪੱਧਰ 'ਤੇ ਸਰਕਾਰ ਖਿਲਾਫ ਮੋਰਚਾ ਵਿੱਢਿਆ ਜਾਵੇਗਾ ਤੇ ਆਮ ਆਦਮੀ ਦੇ ਨਾਮ 'ਤੇ ਵੋਟਾਂ ਬਟੋਰਨ ਵਾਲੀ ਭਗਵੰਤ ਮਾਨ ਸਰਕਾਰ ਦਾ ਅਸਲੀ ਚਿਹਰਾ ਬੇਨਕਾਬ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਸ਼ਹਿਰ ਦੇ ਵਿਚਕਾਰ ਪੀ ਆਰ ਟੀ ਸੀ ਕੋਲ ਲੱਗਭੱਗ ਅੱਠ ਏਕੜ 'ਚ ਬਣੇ ਬੱਸ ਸਟੈਂਡ ਤੇ ਵਰਕਸ਼ਾਪ ਵਾਲੀ ਜਗ੍ਹਾ ਦੀ ਕੀਮਤ ਕਰੋੜਾਂ ਵਿੱਚ ਹੈ ਅਤੇ ਸਰਕਾਰ ਇਸ ਜਗ੍ਹਾ ਦੇ ਬਦਲੇ ਸਾਨੂੰ ਬੱਸ ਸਟੈਂਡ ਤੇ ਵਰਕਸ਼ਾਪ ਬਣਾਉਣ ਲਈ ਥਰਮਲ ਕੋਲ ਜਗ੍ਹਾ ਦੇਵੇ ਤੇ ਆਪਣਾ ਬੱਸ ਸਟੈਂਡ ਬਣਾਉਣ ਦੀ ਮਨਜ਼ੂਰੀ ਦੇਵੇ ਤਾਂ ਆਉਣ ਵਾਲੇ ਸਮੇਂ ਵਿੱਚ ਪੀ ਆਰ ਟੀ ਸੀ ਦੀ ਆਮਦਨ ਵਿੱਚ ਹੋਰ ਵੀ ਵਾਧਾ ਹੋਵੇਗਾ।

ਇਸ ਮੌਕੇ ਬਠਿੰਡਾ ਡਿੱਪੂ ਦੀ ਸਾਰੀ ਕਮੇਟੀ ਨੇ ਇਹ ਫਸਲਾ ਲਿਆ ਕਿ ਜੇਕਰ ਨਵਾਂ ਬਣਨ ਵਾਲਾ ਬੱਸ ਅੱਡਾ ਪੀ ਆਰ ਟੀ ਸੀ ਦੇ ਅਧੀਨ ਨਾ ਬਣਿਆ ਤਾਂ ਜਥੇਬੰਦੀ ਡੱਟ ਕੇ ਸਰਕਾਰ ਦਾ ਵਿਰੋਧ ਕਰੇਗੀ ਤੇ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਸਰਕਾਰ ਦੇ ਇਸ ਗਲਤ ਫੈਸਲੇ ਵਿਰੁੱਧ ਵੱਡੇ ਪੱਧਰ 'ਤੇ ਮੋਰਚਾ ਖੋਲ੍ਹੇਗੀ। ਇਸ ਸਮੇਂ ਸੈਕਟਰੀ ਕੁਲਦੀਪ ਬਾਦਲ, ਚੇਅਰਮੈਨ ਸਰਬਜੀਤ ਸਿੰਘ ਭੁੱਲਰ, ਹਰਤਾਰ ਸ਼ਰਮਾ, ਕੈਸ਼ੀਅਰ ਰਵਿੰਦਰ ਬਰਾੜ, ਗੁਰਦੀਪ ਝੁਨੀਰ ਤੇ ਮਨਪ੍ਰੀਤ ਹਾਕੂਵਾਲਾ ਹਾਜ਼ਰ ਸਨ।

# ਯੂਥ ਵੈੱਲਫੇਅਰ ਆਰਗੇਨਾਈਜ਼ੇਸ਼ਨ ਵੱਲੋਂ ਖ਼ੂਨਦਾਨ ਕੈਂਪ



**ਅਹਿਮਦਗੜ੍ਹ (ਪਵਨ ਗੁਪਤਾ)**-ਯੂਥ ਵੈੱਲਫੇਅਰ ਆਰਗੇਨਾਈਜ਼ੇਸ਼ਨ ਅਹਿਮਦਗੜ੍ਹ ਵੱਲੋਂ ਸਮਾਜ ਸੇਵਾ ਸੁਸਾਇਟੀ ਛਪਾਰ ਦੇ ਸਹਿਯੋਗ ਨਾਲ ਵਿਸ਼ਾਲ ਖ਼ੂਨਦਾਨ ਕੈਂਪ ਡਰੀਮਲੈਂਡ ਪੈਲਸ ਦਹਿਲੀਜ ਰੋਡ ਮੰਡੀ ਅਹਿਮਦਗੜ੍ਹ ਵਿਖੇ ਲਗਾਇਆ ਗਿਆ। ਇਸ ਖ਼ੂਨ ਦਾਨ ਕੈਂਪ ਵਿੱਚ 150 ਦੇ ਕਰੀਬ ਬਲੱਡ ਯੂਨਿਟ ਇਕੱਠੇ ਹੋਏ।

ਇਸ ਕੈਂਪ ਵਿੱਚ ਹਲਕਾ ਅਮਰਗੜ੍ਹ ਦੇ ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਕੌਂਸਲਰ ਵਿਕਾਸ ਟੰਡਨ, ਜਸਵਿੰਦਰ ਸਿੰਘ ਸੋਢੀ, ਕਿੱਟੂ ਥਾਪਰ, ਕੌਂਸਲਰ ਅਮਨ ਅਫਰੀਦੀ, ਮਾਸਟਰ ਬਲਵੀਰ ਸਿੰਘ, ਅਵਤਾਰ ਜੱਸਲ, ਨੈਣਾਂ ਦੇ ਵੀ ਚੈਰੀਟੇਬਲ ਟ੍ਰਸਟ ਤੋਂ ਧੀਰਜ ਗੋਇਲ ਤੇ ਜ਼ਖਮੀ ਪਸੂ-ਪੰਛੀਆਂ ਦਾ ਸਹਾਰਾ ਸੇਵਾ ਸੁਸਾਇਟੀ ਤੋਂ ਪ੍ਰਧਾਨ ਰੌਬਿਨ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਕੈਂਪ ਵਿੱਚ ਲੋਕਾਂ ਦੀ ਸਿਹਤ ਜਾਂਚ, ਬਲੱਡ ਸੂਗਰ ਟੈਸਟ ਤੋਂ ਇਲਾਵਾ ਅੱਖਾਂ ਦੀ ਜਾਂਚ ਕੀਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ।

# ਰਿਜ਼ਰਵੇਸ਼ਨ ਚੋਰ ਫੜੋ ਅੰਦੋਲਨ 'ਚ ਸਾਥ ਨਾ ਦੇਣ ਵਾਲੇ ਲੀਡਰਾਂ ਦਾ ਕੀਤਾ ਜਾਵੇਗਾ ਬਾਈਕਾਟ : ਧਰਮਜੀਤ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਸਮਰਾਲਾ ਦੀ ਮਾਸਿਕ ਮੀਟਿੰਗ ਮਿਸ਼ਨ ਦੇ ਪ੍ਰਧਾਨ ਧਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਜੂਨ ਮਹੀਨੇ ਦੀ ਹੋਈ ਮੀਟਿੰਗ ਦਾ ਲੇਖਾ-ਜੋਖਾ ਕੀਤਾ ਗਿਆ ਅਤੇ ਅਗਲੇ ਕੰਮਾਂ ਦੇ ਏਜੰਡੇ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮਿਸ਼ਨ ਵੱਲੋਂ ਰਿਜ਼ਰਵੇਸ਼ਨ ਚੋਰ ਫੜੋ ਪੱਕਾ ਮੋਰਚਾ, ਜੋ ਮੋਹਾਲੀ ਵਿੱਚ ਲੱਗਾ ਹੈ, ਉਸ ਵਿੱਚ ਸ਼ਮੂਲੀਅਤ ਕਰਨ ਬਾਰੇ ਵਿਚਾਰਾਂ ਕੀਤੀਆਂ ਗਈਆਂ। ਫੈਸਲਾ ਕੀਤਾ ਗਿਆ ਕਿ ਮੋਰਚੇ ਵਿੱਚ ਸਾਰੇ ਵਰਕਰ ਵਧ ਚੜ੍ਹ ਕੇ ਭਾਗ ਲੈਣਗੇ। ਸਰਬ ਸਮੰਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਜਿਹੜੇ ਸਿਆਸੀ ਲੀਡਰ ਰਿਜ਼ਰਵੇਸ਼ਨ ਚੋਰ ਫੜੋ ਸੰਘਰਸ਼ ਨੂੰ ਅਣਗੌਲਿਆਂ ਕਰ ਰਹੇ ਹਨ ਤੇ ਮੋਰਚੇ ਦੀਆਂ ਮੰਗਾਂ ਤੋਂ ਟਾਲਾ ਵੱਟ ਰਹੇ ਹਨ, ਉਨ੍ਹਾਂ ਦਾ ਬਾਈਕਾਟ ਕੀਤਾ ਜਾਵੇਗਾ। ਮਿਸ਼ਨ ਦੇ ਪ੍ਰਧਾਨ ਧਰਮਜੀਤ ਸਿੰਘ ਨੇ ਕਿਹਾ ਕਿ ਜਦੋਂ ਵੋਟਾਂ ਆਉਂਦੀਆਂ ਹਨ ਤਾਂ ਸਾਰੀਆਂ ਪਾਰਟੀਆਂ ਦੇ ਆਗੂ ਵੋਟਾਂ ਲਈ ਰਿਜ਼ਰਵ ਕਲਾਸ ਦੀਆਂ ਲਿਲਕੜੀਆਂ ਕੱਢਦੇ ਹਨ। ਜਦੋਂ ਵੋਟਾਂ ਨਿਕਲ ਜਾਂਦੀਆਂ ਹਨ ਤਾਂ ਰਿਜ਼ਰਵ ਕਲਾਸ ਨੂੰ ਅਣਗੌਲਿਆ ਕਰ ਦਿੱਤਾ ਜਾਂਦਾ ਹੈ। ਹੁਣ ਜਦੋਂ ਰਿਜ਼ਰਵੇਸ਼ਨ ਚੋਰਾਂ ਵੱਲੋਂ ਰਿਜ਼ਰਵ ਕਲਾਸ ਦੇ ਹੱਕਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ ਅਤੇ ਸਰਕਾਰ ਤੋਂ ਇਨਸਾਫ ਲਈ ਮੋਹਾਲੀ ਵਿਖੇ ਪੱਕਾ ਮੋਰਚਾ ਲਾਇਆ ਹੋਇਆ ਹੈ ਤਾਂ ਕੋਈ ਵੀ ਸਿਆਸੀ ਲੀਡਰ ਆਪਣੇ ਹੱਕਾਂ ਦੀ ਰਾਖੀ ਲਈ ਮੋਰਚੇ ਵਿੱਚ ਬੈਠੇ ਲੋਕਾਂ ਦੀ ਸਾਰ ਲੈਣ ਨਹੀਂ ਬਹੁੜਿਆ।

ਇਸ ਤੋਂ ਸਪੱਸ਼ਟ ਹੈ ਕਿ ਰਿਜ਼ਰਵ ਕੈਟਾਗਰੀ ਨੂੰ ਸਿਆਸੀ ਲੋਕਾਂ ਵੱਲੋਂ ਮਹਿਜ ਵੋਟਾਂ ਲਈ ਵਰਤਣ ਦਾ ਸਮਾਨ ਹੀ ਸਮਝਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦਲਿਤ ਤੇ ਪਿਛੜਾ ਸਮਾਜ ਜਾਗਰੂਕ ਹੋ ਗਿਆ ਹੈ, ਉਹ ਆਪਣੇ ਹੱਕਾਂ ਦੀ ਰਾਖੀ ਆਪ ਕਰਨ ਜਾਣਦਾ ਹੈ। ਉਹ ਕਿਸੇ ਸਿਆਸੀ ਸਹਾਰੇ ਦਾ ਮੁਥਾਜ਼ ਨਹੀਂ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਰੀਬ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਪੜ੍ਹਾਈ ਵਿੱਚ ਸਹਾਇਤਾ ਕਰਨ ਲਈ ਉਨ੍ਹਾਂ ਤੱਕ ਪਹੁੰਚ ਕਰਨ ਲਈ ਵਰਕਰਾਂ ਨੂੰ ਕਿਹਾ ਗਿਆ ਹੈ। ਮੀਂਹ ਨਾਲ ਹੋਏ ਗਰੀਬ ਲੋਕਾਂ ਦੇ ਨੁਕਸਾਨ ਦੀ ਭਰਪਾਈ ਕਰਨ ਲਈ ਸਰਕਾਰ ਨੂੰ ਅਪੀਲ ਕੀਤੀ ਗਈ ਹੈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਰਘਬੀਰ ਸਿੰਘ, ਸਰਪ੍ਰਸਤ ਚਰਨਜੀਤ ਸਿੰਘ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਗੋਪਨ, ਕੈਸ਼ੀਅਰ ਸਤਵਿੰਦਰ ਸਿੰਘ ਪ੍ਰਿੰਸ, ਸਕੱਤਰ ਸੁਰਿੰਦਰ ਸਿੰਘ, ਸਲਾਹਕਾਰ ਕਰਮ ਸਿੰਘ, ਮੈਂਬਰ ਜਗਮੋਹਣ ਸਿੰਘ ਚਹਿਲਾਂ, ਸਿਕੰਦਰ ਸਿੰਘ ਪੀ ਐੱਨ ਬੀ, ਕੇਵਲ ਸਿੰਘ, ਹਰਦੇਵ ਸਿੰਘ, ਜੈਰਾਮ, ਬੰਤਾ ਸਿੰਘ, ਦਰਬਾਰਾ ਸਿੰਘ ਏ ਐੱਸ ਆਈ, ਹਰਬੰਸ ਸਿੰਘ ਜਟਾਣਾ, ਮਨਿੰਦਰ ਸਿੰਘ, ਹਰਜੋਤ ਸਿੰਘ ਰਾਜੇਵਾਲ ਤੇ ਪ੍ਰਵੀਨ ਕੁਮਾਰ ਮੱਟੂ ਆਦਿ ਸ਼ਾਮਲ ਹੋਏ।

# ਸੇਮ ਨਾਲਾ ਓਵਰਫਲੋਅ ਹੋਣ ਕਾਰਨ .ਫਸਲਾਂ ਦਾ ਹੋਇਆ ਭਾਰੀ ਨੁਕਸਾਨ



ਫਤਿਹਪੁਰ ਮਨੀਆਂ ਵਿਖੇ ਸੇਮ ਨਾਲਾ ਓਵਰਫਲੋਅ ਹੋਣ ਕਾਰਨ .ਫਸਲਾਂ ਵਿੱਚ ਭਰਿਆ ਪਾਣੀ ਦਿਖਾਉਂਦੇ ਕਿਸਾਨ।

**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**

ਹਲਕਾ ਲੰਬੀ ਪਿਛਲੇ ਕਈ ਦਹਾਕਿਆਂ ਤੋਂ ਸੇਮ ਦੀ ਮਾਰ ਝੱਲ ਰਿਹਾ ਹੈ। ਇਸ ਸੇਮ ਦੇ ਖਾਤਮੇ ਲਈ ਉਸ ਸਮੇਂ ਦੀ ਸਰਕਾਰ ਨੇ ਸੇਮ ਨਾਲਿਆਂ ਦਾ ਨਿਰਮਾਣ ਕਰਵਾਇਆ ਸੀ, ਜਦੋਂ ਬਰਸਾਤ ਦਾ ਸਮਾਂ ਆਉਂਦਾ ਹੈ, ਉਸ ਤੋਂ ਪਹਿਲਾਂ ਡ੍ਰੇਨ ਵਿਭਾਗ ਵੱਲੋਂ ਇਨ੍ਹਾਂ ਦੀ ਸਫ਼ਾਈ ਕੀਤੀ ਜਾਂਦੀ ਹੈ, ਪ੍ਰੰਤੂ ਇਸ ਵਾਰ ਇਨ੍ਹਾਂ ਸੇਮ ਨਾਲਿਆਂ ਦੀ ਸਫ਼ਾਈ ਨਾ ਹੋਣ ਕਰਕੇ ਹੋਈ ਬਰਸਾਤ ਨੇ ਇਹ ਸੇਮ ਨਾਲੇ ਓਵਰਫਲੋ ਹੋਣ ਕਰਕੇ ਇਨ੍ਹਾਂ ਨੇ ਕਿਸਾਨਾਂ ਦਾ ਭਾਰੀ ਨੁਕਸਾਨ ਕੀਤਾ ਹੈ। ਹਲਕਾ ਲੰਬੀ ਦਾ ਪਿੰਡ ਫਿਹਤਪੁਰ ਮਨੀਆਂ ਦਾ ਰਕਬਾ ਨੀਵਾਂ ਹੋਣ ਕਰਕੇ ਇਸ ਪਿੰਡ ਵਿੱਚੋਂ ਗੁਜ਼ਰਦੇ ਸੇਮ ਨਾਲੇ ਦੀ ਸਫ਼ਾਈ ਨਾ ਹੋਣ ਕਰਕੇ ਉਪਰੋਂ ਪਈ ਬਾਰਸ਼ ਕਾਰਨ ਓਵਰਫਲੋ ਹੋਣ ਦੇ ਕਾਰਨ ਕਿਸਾਨਾਂ ਦੀ ਸੈਂਕੜੇ ਏਕੜ ਫਸਲ ਵਿੱਚ ਪਾਣੀ ਭਰ ਗਿਆ ਹੈ। ਪਿੰਡ ਦੇ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦਾ ਪਿੰਡ ਹਰ ਸਾਲ ਜਦੋਂ ਕੋਈ ਕੁਦਰਤੀ ਕਰੋਪੀ ਆਉਂਦੀ ਹੈ ਤਾਂ ਪਹਿਲਾਂ ਪ੍ਰਭਾਵਿਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਬਾਰਿਸ਼ ਕਾਰਨ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋਇਆ ਸੀ, ਜਿਸ 'ਤੇ ਮੌਜੂਦਾ ਸਰਕਾਰ ਨੇ ਯੋਗ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ, ਪ੍ਰੰਤੂ ਉਹ ਤਾਂ ਅਜੇ ਮਿਲਿਆ ਹੀ ਨਹੀਂ ਸੀ, ਉਪਰੋਂ ਇਸ ਵਾਰ ਸੇਮ ਨਾਲਿਆਂ ਦੀ ਸਫ਼ਾਈ ਨਾ ਹੋਣ ਕਰਕੇ ਬਾਰਿਸ਼ ਨਾਲ ਓਵਰਫਲੋ ਹੋਣ ਕਰਕੇ ਉਨ੍ਹਾਂ ਦੀ ਝੋਨੇ, ਨਰਮੇ, ਮੂੰਗੀ ਤੇ ਮੱਕੀ ਦੀ ਫਸਲ ਦਾ ਭਾਰੀ ਨੁਕਸਾਨ ਹੋਇਆ ਹੈ। ਕਿਸਾਨਾਂ ਦਾ ਦੋਸ਼ ਹੈ ਕਿ ਹੁਣ ਬਾਰਿਸ਼ ਆਉਣ ਤੋਂ ਬਾਅਦ ਡ੍ਰੇਨ ਵਿਭਾਗ ਸੇਮ ਨਾਲਿਆਂ ਦੀ ਸਫ਼ਾਈ ਕਰਨ ਲੱਗਿਆ ਹੈ, ਜਦਕਿ ਪਹਿਲਾਂ ਕਰਨੀ ਚਾਹੀਦੀ ਸੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਪਿਛਲੇ ਕਣਕ ਦੇ ਖਰਾਬੇ ਦੇ ਮੁਆਵਜ਼ੇ ਦੇ ਨਾਲ ਨਾਲ ਇਸ ਵਾਰ ਵੀ ਜਲਦੀ ਉੱਚ ਅਧਿਕਾਰੀਆਂ ਨੂੰ ਭੇਜ ਕੇ ਖਰਾਬੇ ਦੀ ਜਾਂਚ ਕੀਤੀ ਜਾਵੇ।

# ਪਿੰਡਾਂ ਤੇ ਸਕੂਲਾਂ 'ਚ ਡੇਂਗੂ ਮਲੇਰੀਆ ਜਾਗਰੂਕਤਾ ਕੈਂਪ ਲਾਏ



**ਮੁਕਤਸਰ (ਸ਼ਮਿੰਦਰਪਾਲ/ਪੂਜਾ)**-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਪ੍ਰਭਜੀਤ ਸਿੰਘ ਤੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਬਲਾਕ ਚੱਕ ਸ਼ੇਰੇ ਵਾਲਾ ਵਿਖੇ ਵੱਖ-ਵੱਖ ਸਿਹਤ ਕੇਂਦਰਾਂ ਤੇ ਸਕੂਲਾਂ ਵਿਖੇ ਡੇਂਗੂ ਮਲੇਰੀਆ ਜਾਗਰੂਕਤਾ ਕੈਂਪ ਲਗਾਏ ਗਏ। ਇਸ ਮੌਕੇ ਡਾ. ਕੁਲਤਾਰ ਸਿੰਘ ਨੇ ਕਿਹਾ ਕਿ ਲੋਕਾਂ ਦੇ ਆਪਸੀ ਸਹਿਯੋਗ ਤੇ ਜਾਗਰੂਕਤਾ ਨਾਲ ਹੀ ਡੇਂਗੂ ਨੂੰ ਠੱਲ੍ਹ ਪਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਮਾਦਾ ਮੱਛਰ ਐਡੀਜ਼ ਅਜ਼ੀਪਟੀ ਦੇ ਕੱਟਣ ਨਾਲ ਹੁੰਦਾ ਹੈ, ਜੋ ਦਿਨ ਵੇਲੇ ੱਟਦਾ ਹੈ। ਤੇਜ਼ ਬੁਖਾਰ, ਸਿਰ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸਪੇਸ਼ੀਆਂ 'ਚ ਦਰਦ, ਮਸੂੜਿਆਂ ਤੇ ਨੱਕ ਵਿੱਚੋਂ ਖੂਨ ਵਗਣਾ, ਜੋੜਾਂ ਵਿੱਚ ਦਰਦ ਆਦਿ ਇਸ ਦੇ ਮੁੱਖ ਲੱਛਣ ਹਨ। ਇਹ ਲੱਛਣ ਨਜ਼ਰ ਆਉਣ ਤਾਂ ਤੁਰੰਤ ਡਾਕਟਰੀ ਸਲਾਹ ਲਵੋ। ਬੀ.ਈ.ਈ. ਮਨਬੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਡੇਂਗੂ ਬਾਰੇ ਵਧੇਰੇ ਜਾਗਰੂਕ ਕਰਨ ਲਈ "ਡੇਂਗੂ ਫ੍ਰੀ ਪੰਜਾਬ" ਐਪ ਵੀ ਬਣਾਈ ਗਈ ਹੈ, ਜੋ ਇੱਕ ਵਧੀਆ ਉਪਰਾਲਾ ਹੈ। ਉਨ੍ਹਾਂ ਨੇ ਲੋਕਾਂ ਨੂੰ ਇਹ ਐਪ ਡਾਊਨਲੋਡ ਕਰਨ ਦੀ ਵੀ ਅਪੀਲ ਕੀਤੀ। ਵੱਖ-ਵੱਖ ਪਿੰਡਾਂ ਵਿਖੇ ਲੋਕਾਂ ਤੇ ਬੱਚਿਆਂ ਨੂੰ ਸਿਹਤ ਕਰਮੀਆਂ ਨੇ ਦੱਸਿਆ ਕਿ ਆਪਣੇ ਆਲੇ ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ, ਛੱਪੜਾਂ 'ਚ ਖਲੋਤੇ ਪਾਣੀ ਵਿੱਚ ਕਾਲੇ ਤੇਲ ਦਾ ਛਿੜਕਾਅ ਕੀਤਾ ਜਾਵੇ। ਇਸ ਦੌਰਾਨ ਸਿਹਤ ਵਿਭਾਗ ਵੱਲੋਂ ਜਾਰੀ ਕੀਤੀ ਗਈ ਜਾਗਰੂਕਤਾ ਵੀਡੀਓ ਵੀ ਵਿਖਾਈ ਗਈ। ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ ਤੇ ਨਿਯੁਕਤ ਸਮੂਹ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ (ਮੇਲ ਤੇ ਫੀਮੇਲ), ਮਲਟੀਪਰਪਜ਼ ਹੈਲਥ ਵਰਕਰ (ਮੇਲ ਤੇ ਫੀਮੇਲ), ਸਮੂਹ ਸੀ.ਐੱਚ.ਓ., ਪਿੰਡ ਵਾਸੀ, ਸਕੂਲ ਸਟਾਫ ਤੇ ਸਕੂਲੀ ਬੱਚੇ ਮੌਜੂਦ ਸਨ।

# ਹੜ੍ਹਾਂ ਨਾਲ ਨਜਿੱਠਣ ਲਈ ਜਲ ਸਰੋਤ ਵਿਭਾਗ ਪੂਰੀ ਤਰ੍ਹਾਂ ਤਿਆਰ : ਮੀਤ ਹੇਅਰ

- ਜਲ ਸਰੋਤ ਮੰਤਰੀ ਵੱਲੋਂ ਮੂਨਕ ਇਲਾਕੇ 'ਚ ਘੱਗਰ ਦਰਿਆ ਦਾ ਲਿਆ ਜਾਇਜ਼ਾ
- ਮੁੱਖ ਦਫਤਰ ਤੇ ਹਰ ਜ਼ਿਲ੍ਹੇ 'ਚ ਹੜ੍ਹ ਕੰਟਰੋਲ ਰੂਮ ਬਣਾਇਆ



**ਮੂਨਕ (ਰਾਜਪਾਲ ਸਿੰਗਲਾ)**-ਪਹਾੜੀ ਸਥਾਨਾਂ ਤੇ ਪੰਜਾਬ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਜਲ ਭੰਡਾਰਾਂ 'ਚ ਵਧੇ ਪਾਣੀ ਦੇ ਪੱਧਰ ਕਾਰਨ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਜਲ ਸਰੋਤ ਵਿਭਾਗ ਵੱਲੋਂ ਪੂਰੀ ਤਿਆਰੀ ਕੱਸੀ ਗਈ ਹੈ। ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ। ਇਹ ਗੱਲ ਜਲ ਸਰੋਤ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਬੀਤੇ ਦਿਨ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਪਤਾ ਕਰਨ ਲਈ ਖਨੌਰੀ-ਮੂਨਕ ਖੇਤਰ ਵਿਖੇ ਘੱਗਰ ਦਰਿਆ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲੈਣ ਮੌਕੇ ਕਹੀ।

ਜਲ ਸਰੋਤ ਮੰਤਰੀ ਨੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਐੱਸ.ਡੀ.ਐੱਮ. ਸੂਬਾ ਸਿੰਘ ਸਣੇ ਵਿਭਾਗ ਦੇ ਅਧਿਕਾਰੀਆਂ ਨੂੰ ਲੈ ਕੇ ਮੂਣਕ-ਟੋਹਾਣਾ ਪੁਲ ਤੇ ਮਕਰੌੜ ਸਾਹਿਬ ਦਾ ਦੌਰਾ ਕੀਤਾ।

ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਜਲ ਸਰੋਤ ਵਿਭਾਗ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ। ਜਿੱਥੇ ਸਾਰੇ ਵਿਭਾਗ ਦੇ ਅਧਿਕਾਰੀ/ਕਰਮਚਾਰੀ ਫੀਲਡ ਵਿੱਚ ਤਾਇਨਾਤ ਹਨ, ਉੱਥੇ ਉਹ ਖੁਦ ਜ਼ਮੀਨੀ ਪੱਧਰ ਉਤੇ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਮੁੱਖ ਦਫਤਰ ਪੱਧਰ 'ਤੇ ਪਹਿਲਾਂ ਹੀ ਫਲੱਡ ਕੰਟਰੋਲ ਰੂਮ ਸਥਾਪਤ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਹਰ ਜ਼ਿਲ੍ਹੇ ਵਿੱਚ ਵੀ ਫਲੱਡ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਸਾਰੇ ਫੀਲਡ ਅਫਸਰਾਂ ਨੂੰ ਪਾਣੀ ਦੇ ਪੱਧਰ ਤੇ ਪਾਣੀ ਛੱਡਣ ਬਾਰੇ ਤੁਰੰਤ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਉਹ ਸਬੰਧਤ ਵਿਭਾਗ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚਿਤਾਵਨੀ ਦੇ ਸਕਣ।

ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਮਾਨਸੂਨ ਸੀਜ਼ਨ ਤੋਂ ਪਹਿਲਾਂ ਹੀ ਹੜ੍ਹ ਰੋਕੂ ਕੰਮ ਕੀਤੇ ਗਏ ਹਨ ਅਤੇ ਅੱਗੇ ਵਾਲੀ ਸਥਿਤੀ ਨੂੰ ਦੇਖਦਿਆਂ ਵੀ ਵਿਭਾਗ ਪੂਰੀ ਤਰ੍ਹਾਂ ਤਿਆਰ ਹੈ। ਜਿਥੋਂ ਤੱਕ ਡੈਮਾਂ ਦਾ ਸਬੰਧ ਹੈ, ਡੈਮਾਂ ਦੇ ਵੱਧ ਤੋਂ ਵੱਧ ਪੱਧਰ ਤੱਕ ਤਸੱਲੀਬਖਸ਼ ਬਫਰ ਉਪਲਬਧ ਹੈ। ਜ਼ਿਲ੍ਹਾ ਸਿਵਲ ਤੇ ਪੁਲਸ ਪ੍ਰਸ਼ਾਸਨ ਮੁਸ਼ਤੈਦੀ ਨਾਲ ਜ਼ਮੀਨੀ ਪੱਧਰ 'ਤੇ ਦੌਰਾ ਕਰਕੇ ਸਾਰੀ ਸਥਿਤੀ ਦਾ ਜਾਇਜ਼ਾ ਲੈ ਰਿਹਾ ਹੈ। ਮੀਤ ਹੇਅਰ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪੋ-ਆਪਣੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫਤਰ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਉਨ੍ਹਾਂ ਨੂੰ ਬਾਹਰ ਕੱਢਿਆ ਜਾ ਸਕੇ। ਵਿਭਾਗ ਦੇ ਸਟਾਫ ਨੂੰ ਰਾਤ ਦੀ ਚੌਕਸੀ ਦੇ ਨਾਲ-ਨਾਲ ਖੇਤਾਂ ਦੀ ਨਿਗਰਾਨੀ ਕਰਨ ਲਈ ਕਿਹਾ ਗਿਆ ਹੈ।

## ਕਾਤਰਾਂ

### ਕਾਲਜ 'ਚੋਂ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰਨ ਦੇ ਦੋਸ਼ 'ਚ ਦੋ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਥਾਣਾ ਸਿਟੀ ਪੁਲਸ ਨੇ ਕਾਲਜ ਵਿੱਚੋਂ ਲੱਖਾਂ ਰੁਪਏ ਸਾਮਾਨ ਦਾ ਚੋਰੀ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਹਰਜਿੰਦਰ ਸਿੰਘ ਸੁਪਰਵਾਈਜ਼ਰ, ਵਾਸੀ ਛਾਪਿਆਂਵਾਲੀ ਨੇ ਦੱਸਿਆ ਕਿ ਉਹ ਗੁਰੂ ਤੇਗ ਬਹਾਦਰ ਖਾਲਸਾ ਗਰੁੱਪ ਆਫ਼ ਇੰਸਟੀਚਿਊਟ ਛਾਪਿਆਂਵਾਲੀ ਵਿਖੇ ਸੁਪਰਵਾਇਜ਼ਰ ਲੱਗਾ ਹੋਇਆ ਹੈ ਤੇ ਕਾਲਜ ਦੀ ਬਿਲਡਿੰਗ ਦੀ ਦੇਖ-ਰੇਖ ਵੀ ਉਹ ਹੀ ਕਰਦੇ ਹਨ। ਉਸ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਸਵੇਰੇ ਸਕਿਊਰਟੀ ਗਾਰਡ ਨੂੰ ਨਾਲ ਲੈ ਕੇ ਬਿਲਡਿੰਗਾਂ ਨੂੰ ਚੈੱਕ ਕਰਨ ਗਿਆ ਤਾਂ ਦੇਖਿਆ ਕਿ ਸੰਸਥਾ ਦੇ ਮਕੈਨੀਕਲ ਵਿਭਾਗ, ਵਰਕਸ਼ਾਪ ਵਿਭਾਗ ਤੇ ਜਰਨੇਟਰ ਰੂਮ ਦੇ ਤਾਲੇ ਤੋੜੇ ਸਨ। ਉਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਨੇ ਤਾਲੇ ਤੋੜ ਕੇ ਵਿਭਾਗਾਂ ਅੰਦਰ ਰਾਤ ਸਮੇਂ ਦਾਖਲ ਹੋ ਕੇ ਸੰਸਥਾ ਦੇ ਮਕੈਨੀਕਲ ਵਿਭਾਗ, ਵਰਕਸ਼ਾਪ ਵਿਭਾਗ ਤੇ ਜਰਨੇਟਰ ਰੂਮ ਵਿੱਚੋਂ 4 ਏ ਸੀ, 5 ਕੰਪਿਊਟਰ ਸੈੱਟ, 5 ਏ ਸੀ ਸਟੈਬਲਾਈਜ਼ਰ, 3 ਪਡੈਸਟਲ ਫੈਨ, 2 ਸੀਲਿੰਗ ਫੈਨ ਤੇ ਕਰੀਬ 3 ਕੁਇੰਟਲ ਸਕਰੈਬ ਲੋਹਾ ਚੋਰੀ ਕਰਕੇ ਲੈ ਗਏ। ਉਸ ਨੇ ਦੱਸਿਆ ਕਿ ਉਹ ਕਾਲਜ ਵਿੱਚ ਹੋਈ ਚੋਰੀ ਦੀ ਆਪਣੇ ਤੌਰ 'ਤੇ ਪੜਤਾਲ ਕਰਦਾ ਰਿਹਾ ਸੀ ਤਾਂ ਉਸ ਨੂੰ ਪਤਾ ਲੱਗਾ ਕਿ ਇਹ ਚੋਰੀ ਉਨ੍ਹਾਂ ਦੇ ਪਿੰਡ ਦੇ ਗੁਰਪ੍ਰੀਤ ਸਿੰਘ ਵਾਸੀ ਛਾਪਿਆਂਵਾਲੀ ਤੇ ਗੁਰਚਰਨ ਸਿੰਘ ਵਾਸੀ ਕੋਲਿਆਂਵਾਲੀ ਨੇ ਕੀਤੀ ਹੈ। ਪੁਲਸ ਨੇ ਉਕਤ ਵਿਅਕਤੀਆਂ 'ਤੇ ਮੁਕੱਦਮਾ ਦਰਜ ਕਰਕੇ ਕਾਬੂ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਸ੍ਰੀ ਅਮਰਨਾਥ ਤੇ ਵੈਸ਼ਨੋ ਦੇਵੀ ਯਾਤਰਾ ਲਈ ਜਥਾ ਰਵਾਨਾ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਦੇ ਰੇਲਵੇ ਸਟੇਸ਼ਨ ਤੋਂ ਸੋਮਵਾਰ ਨੂੰ ਭਾਜਪਾ ਮੰਡਲ-1 ਦੇ ਪ੍ਰਧਾਨ ਰਾਜ ਕੁਮਾਰ ਭਠੇਜ ਮੇਲੂ ਨੇ ਸਾਵਣ ਮਹੀਨੇ ਦੇ ਚਲਦਿਆਂ ਸ਼ਰਧਾਲੂਆਂ ਦੇ ਜਥੇ ਨੂੰ ਸ੍ਰੀ ਅਮਰਨਾਥ ਤੇ ਮਾਂ ਵੈਸ਼ਣੋ ਦੇਵੀ ਧਾਮ ਦੀ ਯਾਤਰਾ ਲਈ ਰਵਾਨਾ ਕੀਤਾ। ਭੋਲਾ ਟੂਰ ਐਂਡ ਟ੍ਰੈਵਲ ਦੀ ਅਗਵਾਈ ਹੇਠ ਸ਼ਰਧਾਲੂਆਂ ਦਾ ਇਹ ਜੱਥਾ ਦਸ ਦਿਨਾਂ 'ਚ ਇਹ ਯਾਤਰਾ ਸੰਪਨ ਕਰਕੇ ਵਾਪਸ ਮੁਕਤਸਰ ਪਰਤੇਗਾ। ਇਸ ਮੌਕੇ ਕਰਮ ਸਿੰਘ ਭੋਲਾ, ਰਾਮ ਅਵਤਾਰ ਸਿੰਘ, ਨਵੀਨ ਬਾਬਾ, ਸੰਦੀਪ ਮਿੱਢਾ, ਰਮਨ ਸਿੰਘ ਰਾਜਪੂਤ, ਮੋਹਿਤ ਕੁਮਾਰ, ਸੁਨੀਲ ਕੁਮਾਰ, ਡਾ. ਸੋਮ ਪ੍ਰਕਾਸ਼, ਕਰਨ ਸਮੇਤ ਵੱਡੀ ਗਿਣਤੀ 'ਚ ਸ਼ਰਧਾਲੂ ਮੌਜੂਦ ਸਨ।

### ਬੁਰਜ ਸਿੱਧਵਾਂ ਸਕੂਲ 'ਚ ਸਮਰ ਕੈਂਪ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁਰਜ ਸਿੱਧਵਾਂ ਵਿਖੇ ਪ੍ਰਿੰਸੀਪਲ ਸੰਤ ਰਾਮ ਦੀ ਅਗਵਾਈ ਹੇਠ ਛੇਵੀਂ ਤੋਂ ਅੱਠਵੀ ਜਮਾਤ ਲਈ ਸਮਰ ਕੈਂਪ ਲਾਇਆ ਗਿਆ। ਸਮਰ ਕੈਂਪ ਦੌਰਾਨ ਵਿਦਿਆਰਥੀਆਂ ਦਾ ਸਮਾਜਿਕ, ਭਾਵਨਾਤਮਕ, ਸਰੀਰਕ ਤੇ ਸਿਰਜਨਾਤਮਕ ਵਿਕਾਸ ਕਰਨ ਦੇ ਮਕਸਦ ਨਾਲ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਕੈਂਪ ਦਾ ਨਿਰੀਖਣ ਕਰਨ ਲਈ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਬਵਾਲੀ ਢਾਬ ਰਾਜਨ ਗਰੋਵਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਪ੍ਰਦਰਸ਼ਨੀ ਲਗਾਈ ਗਈ। ਪ੍ਰਿੰਸੀਪਲ ਰਾਜਨ ਗਰੋਵਰ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਭਰਪੂਰ ਸ਼ਲਾਘਾ ਕੀਤੀ।

### ਪਿੱਪਲ ਸਿੰਘ ਸਿੱਧੂ ਪੀ ਐੱਸ ਐੱਮ ਐੱਸ ਯੂ ਦੇ ਸੂਬਾ ਜਨਰਲ ਸਕੱਤਰ ਬਣੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਕਲੈਰੀਕਲ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਸੂਬਾ ਬਾਡੀ ਦੀ ਚੋਣ ਅੰਮ੍ਰਿਤਸਰ ਵਿਖੇ ਸਰਬ ਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਮਨੋਹਰ ਲਾਲ ਸੂਬਾ ਸਰਪ੍ਰਸਤ, ਅਮਰੀਕ ਸਿੰਘ ਸੰਧੂ ਸੂਬਾ ਪ੍ਰਧਾਨ, ਪਿੱਪਲ ਸਿੰਘ ਸਿੱਧੂ ਸੂਬਾ ਜਨਰਲ ਸਕੱਤਰ ਚੁਣੇ ਗਏ। ਇਸ ਚੋਣ ਮੌਕੇ ਸੂਬੇ ਭਰ ਦੇ ਕਲੈਰੀਕਲ ਮੁਲਾਜ਼ਮ ਆਗੂ ਹਾਜ਼ਰ ਸਨ।ਜ਼ਿਲ੍ਹਾ ਫਿਰੋਜ਼ਪੁਰ ਦੇ ਜੁਝਾਰੂ ਮੁਲਾਜ਼ਮ ਆਗੂ ਪਿੱਪਲ ਸਿੰਘ ਦੇ ਸੂਬਾ ਜਨਰਲ ਸਕੱਤਰ ਤੇ ਮਨੋਹਰ ਲਾਲ ਦੇ ਸੂਬਾ ਜਨਰਲ ਸਕੱਤਰ ਬਣਨ ਤੇ ਜ਼ਿਲ੍ਹੇ ਦੇ ਸਮੂਹ ਮੁਲਾਜ਼ਮਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਦੋਵਾਂ ਮੁਲਾਜ਼ਮ ਆਗੂਆਂ ਨੂੰ ਸੂਬਾ ਪੱਧਰੀ ਅਹੁਦੇ ਮਿਲਣ 'ਤੇ ਅੱਜ ਇਥੇ ਜ਼ਿਲ੍ਹਾ ਫਿਰੋਜ਼ਪੁਰ ਦੇ ਮੁਲਾਜ਼ਮਾਂ ਵੱਲੋਂ ਸੰਖੇਪ ਸਵਾਗਤੀ ਸਮਾਗਮ ਕੀਤਾ ਗਿਆ, ਜਿਸ ਵਿੱਚ ਮਨੋਹਰ ਲਾਲ ਸੂਬਾ ਸਰਪ੍ਰਸਤ ਤੇ ਪਿੱਪਲ ਸਿੰਘ ਸਿੱਧੂ ਸੂਬਾ ਜਨਰਲ ਸਕੱਤਰ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ ਤੇ ਹਾਰ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਅਸ਼ੋਕ ਕੁਮਾਰ ਸੂਬਾ ਪ੍ਰਧਾਨ ਕਮਿਸ਼ਨਰ ਦਫਤਰ, ਸੋਨੂੰ ਕਸ਼ਅਪ ਪ੍ਰਧਾਨ ਡੀ ਸੀ ਦਫਤਰ ਕਰਮਚਾਰੀ ਯੂਨੀਅਨ, ਵਿਸ਼ਾਲ ਮਹਿਤਾ ਜਨਰਲ ਸਕੱਤਰ ਡੀ ਸੀ ਦਫਤਰ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਜਗਸੀਰ ਸਿੰਘ ਭਾਂਗਰ ਸੀਨੀਅਰ ਮੀਤ ਪ੍ਰਧਾਨ ਪੀਐੱਸਐੱਮਐੱਸਯੂ ਫਿਰੋਜ਼ਪੁਰ, ਅਮਨਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਖਜ਼ਾਨਾ ਵਿਭਾਗ ਤੋਂ ਇਲਾਵਾ ਹੋਰ ਵੱਖ ਵੱਖ ਵਿਭਾਗਾਂ ਦੇ ਦਫਤਰੀ ਕਰਮਚਾਰੀ ਹਾਜ਼ਰ ਸਨ।

# ਭਾਰੀ ਬਾਰਿਸ਼ ਕਾਰਨ ਫਤਿਹਗੜ੍ਹ ਸਾਹਿਬ 'ਚ ਹਾਲਾਤ ਹੋਏ ਖਰਾਬ

- ਗੁਰਦੁਆਰਾ ਸਾਹਿਬ ਦੇ ਆਸ-ਪਾਸ ਦੇ ਇਲਾਕਿਆਂ 'ਚ ਪਾਣੀ ਭਰ ਜਾਣ ਕਾਰਨ ਜਨ-ਜੀਵਨ ਪ੍ਰਭਾਵਤ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਲਗਾਤਾਰ ਹੋ ਰਹੀ ਬਰਸਾਤ ਦੇ ਕਾਰਨ ਫਤਿਹਗੜ੍ਹ ਸਾਹਿਬ ਦੇ ਹਲਾਤ ਖਰਾਬ ਹੋ ਗਏ ਹਨ। ਜਿੱਥੇ ਬਰਸਾਤੀ ਪਾਣੀ ਸੜਕਾਂ ਦੇ ਉੱਤੇ ਘੁੰਮ ਰਿਹਾ ਹੈ, ਉੱਥੇ ਹੀ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰ ਕਾਲਜ ਫਤਿਹਗੜ੍ਹ ਸਾਹਿਬ ਸਮੇਤ ਹੋਰ ਸਿੱਖਿਆ ਸੰਸਥਾਵਾਂ ਦੇ ਵਿੱਚ ਵੀ ਵੜ ਗਿਆ। ਵਿਧਾਇਕ ਲਖਵੀਰ ਸਿੰਘ ਰਾਏ ਵੱਲੋਂ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਸਮੇਤ ਪੁਲਸ ਪ੍ਰਸ਼ਾਸਨ ਰੈਸਕਿਊ ਆਪ੍ਰੇਸ਼ਨ ਜਾਰੀ ਰੱਖਿਆ ਹੋਇਆ ਹੈ। ਕਾਲਜ ਦੇ ਵਿਦਿਆਰਥੀਆਂ ਨੂੰ ਕਾਲਜ ਦੇ ਵਿੱਚੋਂ ਟ੍ਰਾਲੀਆਂ ਰਾਹੀਂ ਕੱਢਿਆ ਜਾ ਰਿਹਾ ਹੈ ਤੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਲਖਵੀਰ ਸਿੰਘ ਰਾਏ ਨੇ ਕਿਹਾ ਕਿ ਸਰਹਿੰਦ ਸ਼ਹਿਰ ਦੇ ਚੋਏ ਨਾਲ ਲਗਦਾ ਇਲਾਕਾ ਬਰਸਾਤੀ ਪਾਣੀ ਦੀ ਮਾਰ ਹੇਠ ਆ ਗਿਆ ਹੈ। ਓਥੇ ਰਹਿਣ ਵਾਲੇ ਲੋਕਾਂ ਨੂੰ ਬਚਾਉਣ ਲਈ ਰੈਸਕਿਊ ਆਪ੍ਰੇਸ਼ਨ ਜਾਰੀ ਹੈ। ਪੀੜਤ ਲੋਕਾਂ ਨੂੰ ਘਰਾਂ ਵਿੱਚੋਂ ਕੱਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਇਸੇ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰ ਕਾਲਜ ਫਤਿਹਗੜ੍ਹ ਸਾਹਿਬ ਵਿਖੇ ਵੀ ਬਰਸਾਤੀ ਪਾਣੀ ਨੇ ਦਸਤਕ ਦੇ ਦਿੱਤੀ ਹੈ। ਇਸ ਲਈ ਵਿਦਿਆਰਥੀਆਂ ਨੂੰ ਉੱਥੋਂ ਕੱਢਿਆ ਜਾ ਰਿਹਾ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ, ਪੁਲਸ ਪ੍ਰਸ਼ਾਸਨ ਤੇ ਸਿਵਲ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਗਾਤਾਰ ਹੋ ਰਹੀ ਬਾਰਿਸ਼ ਵਿੱਚ ਸਾਨੂੰ ਇੱਕ ਦੂਸਰੇ ਦਾ ਸਹਾਰਾ ਬਣਨਾ ਚਾਹੀਦਾ ਹੈ। ਸਾਨੂੰ ਘਬਰਾਉਣਾ ਨਹੀਂ ਚਾਹੀਦਾ, ਸਗੋਂ ਡੱਟ ਕੇ ਹਾਲਾਤਾਂ ਦਾ ਸਾਹਮਣਾ ਕਰਨਾ ਚਾਹੀਦਾ ਹੈ।

ਸਭ ਤੋਂ ਪਹਿਲਾਂ ਆਪਣੇ ਆਪ ਨੂੰ ਸੁਰੱਖਿਅਤ ਕੀਤਾ ਜਾਣਾ ਬਹੁਤ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਜ਼ਿਲ੍ਹੇ ਦੇ ਹਸਪਤਾਲ ਦੇ ਆਲੇ ਦੁਆਲੇ 4 ਤੋਂ 5 ਫੁੱਟ ਪਾਣੀ ਹੈ, ਅਜਿਹੇ 'ਚ ਪ੍ਰਸ਼ਾਸਨ ਨੂੰ ਇਸ ਵੱਲ ਖਾਸ ਧਿਆਨ ਦੇਣ ਦੀ ਲੋੜ ਹੈ।

# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਦੀ ਕਲਮ ਛੋੜ ਹੜਤਾਲ ਜਾਰੀ

**ਜਲਾਲਾਬਾਦ (ਜੀਤ ਕੁਮਾਰ)**



ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੀ ਹੜਤਾਲ ਅੱਜ 5ਵੇਂ ਦਿਨ ਵਿੱਚ ਦਾਖਲ ਹੋ ਗਈ ਹੈ, ਜਿਸ ਦੇ ਕਾਰਨ ਸਿੱਖਿਆ ਵਿਭਾਗ ਦੇ ਕੰਮ-ਕਾਜ ਠੱਪ ਹੋ ਕੇ ਰਹਿ ਗਿਆ ਹੈ। ਇਸ ਹੜਤਾਲ ਦੌਰਾਨ ਸਥਾਨਕ ਬੀਪੀਈਓ ਦਫਤਰ ਵਿੱਚ ਸਰਵ ਸਿੱਖਿਆ ਅਭਿਆਨ ਅਧੀਨ ਸੇਵਾਵਾਂ ਦੇ ਰਹੇ ਕਰਮਚਾਰੀਆਂ ਵੱਲੋਂ ਬਲਾਕ ਪ੍ਰਧਾਨ ਸ਼੍ਰੀਮਤੀ ਵਿਸ਼ਾਲੀ ਸੇਠੀ ਦੀ ਅਗਵਾਈ ਹੇਠ ਧਰਨਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਜਲਾਲਾਬਾਦ-1, 2 ਤੇ ਗੁਰੂ ਹਰਸਹਾਏ-3 ਦੇ ਕਰਮਚਾਰੀ ਕਰਨੈਲ ਸਿੰਘ, ਰੁਪੇਸ਼ ਕੁਮਾਰ, ਅਮਨ ਵਾਟਸ, ਰਾਜ ਕੁਮਾਰ, ਸ਼੍ਰੀਮਤੀ ਸੋਨੂੰ ਬਾਲਾ, ਸ਼੍ਰੀਮਤੀ ਪੂਜਾ ਰਾਣੀ, ਸ਼੍ਰੀਮਤੀ ਸੋਨਮ ਰਾਣੀ, ਸ਼੍ਰੀਮਤੀ ਸੀਮਾ ਰਾਣੀ, ਸ਼੍ਰੀਮਤੀ ਕਮਲ ਪ੍ਰਭਾ, ਸ਼੍ਰੀਮਤੀ ਰਜਨੀ ਬਾਲਾ ਆਦਿ ਮੌਜੂਦ ਸਨ।

ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਬਲਾਕ ਪ੍ਰਧਾਨ ਸ਼੍ਰੀਮਤੀ ਵਿਸ਼ਾਲੀ ਸੇਠੀ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਹੈ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ, ਜੋ ਕਿ ਵਾਰ ਵਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਦੇ ਨਾਲ ਹੀ ਮਿੱਡ-ਡੇ-ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ 'ਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਡੀਓ ਸੰਦੇਸ਼ ਰਾਹੀਂ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ, ਪਰ ਮੁੱਖ ਮੰਤਰੀ ਨੇ ਆਪਣੇ ਸੰਦੇਸ਼ ਵਿੱਚ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀਂ ਕੀਤਾ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂਆਂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ, ਪ੍ਰੰਤੂ ਉਸ ਸਮੇਂ ਵੀ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ 'ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ।

# ਡਾ. ਸੇਤੀਆ ਨੇ ਸ ਸ ਸ ਸ ਡਸਕਾ 'ਚ ਡੀ ਡੀ ਓ ਦਾ ਕਾਰਜ ਸੰਭਾਲਿਆ



**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ:), ਸੰਗਰੂਰ ਸੰਜੀਵ ਸ਼ਰਮਾ ਦੇ ਹੁਕਮਾਂ ਅਨੁਸਾਰ ਸ.ਸ.ਸ.ਸ. ਡਸਕਾ ਦੀਆਂ ਡੀ. ਡੀ. ਓ. ਪਾਵਰਾਂ ਡਾ. ਓਮ ਪ੍ਰਕਾਸ਼ ਸੇਤੀਆ ਪ੍ਰਿੰਸੀਪਲ ਸਿਪਾਹੀ ਦਰਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰੋਂ ਸੰਗਰੂਰ ਨੂੰ ਦਿੱਤੀਆਂ ਗਈਆਂ ਹਨ। ਇਨ੍ਹਾਂ ਹੁਕਮਾਂ ਅਨੁਸਾਰ ਡਾ. ਓਮ ਪ੍ਰਕਾਸ਼ ਸੇਤੀਆ ਨੇ ਅੱਜ ਸ.ਸ.ਸ.ਸ. ਡਸਕਾ ਵਿਖੇ ਬਤੌਰ ਡੀ. ਡੀ. ਓ. ਕਾਰਜ ਸੰਭਾਲ ਲਿਆ ਹੈ। ਸਕੂਲ ਵਿਖੇ ਪਹੁੰਚਣ 'ਤੇ ਸਕੂਲ ਦੇ ਇੰਚਾਰਜ ਸ੍ਰੀ ਛੁਬੇਗ ਸਿੰਘ ਤੇ ਸਮੁੱਚੇ ਸਟਾਫ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ। ਸਵੇਰ ਦੀ ਸਭਾ ਵਿੱਚ ਉਨ੍ਹਾ ਨੇ ਸਕੂਲ ਦੇ ਇੰਚਾਰਜ ਸ੍ਰੀ ਛੁਬੇਗ ਸਿੰਘ ਤੇ ਸਮੁੱਚੇ ਸਟਾਫ ਦੀ ਪ੍ਰਸੰਸਾ ਕੀਤੀ ਤੇ ਐੱਨ.ਐੱਮ.ਐੱਮ. ਐੱਸ. ਪ੍ਰੀਖਿਆ 'ਚ ਮੈਰਿਟ 'ਚ ਆਉਣ ਵਾਲੀ ਵਿਦਿਆਰਥਣ ਕੁਸੁਮ ਰਾਣੀ ਨੂੰ ਸਨਮਾਨਤ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਤੇ ਪ੍ਰਾਇਮਰੀ ਸਕੂਲ ਦੇ ਸੈਂਟਰ ਹੈੱਡ ਟੀਚਰ ਹਰਵਿੰਦਰ ਸਿੰਘ ਅਤੇ ਮਨਦੀਪ ਜੋਸ਼ੀ ਜੂਨੀਅਰ ਸਹਾਇਕ, ਸਟਾਫ ਮੈਂਬਰ ਵੀ ਹਾਜ਼ਰ ਸੀ। ਇਸ ਮੌਕੇ ਪਿੰਡ ਦੇ ਸਰਪੰਚ ਗੁਰਮੀਤ ਸਿੰਘ, ਸਮੁੱਚੇ ਪੰਚਾਇਤ ਮੈਂਬਰ ਤੇ ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ ਭੁਪਿੰਦਰ ਸਿੰ ਅਤੇ ਮੈਂਬਰਾਂ ਦਾ ਸਕੂਲ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿਨ ਲਈ ਧਨਵਾਦ ਕੀਤਾ ਗਿਆ।

# ਸੰਭਾਵਤ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਕੰਟਰੋਲ ਰੂਮ ਸਥਾਪਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੁਝ ਦਿਨਾਂ ਤੋਂ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਜ਼ਿਲ੍ਹੇ ਵਿੱਚ ਪੈਦਾ ਹੋਈ ਹੜ੍ਹਾਂ ਵਰਗੀ ਸਥਿਤੀ ਨਾਲ ਨਜਿੱਠਣ ਵਾਸਤੇ ਫ਼ਿਰੋਜ਼ਪੁਰ ਜ਼ਿਲ੍ਹੇ ਅੰਦਰ ਜ਼ਿਲ੍ਹਾ, ਸਬ-ਡਵੀਜ਼ਨ ਤੇ ਤਹਿਸੀਲ ਪੱਧਰ 'ਤੇ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ।ਜ਼ਿਲ੍ਹਾ ਵਾਸੀ ਕਿਸੇ ਵੀ ਮੁਸ਼ਕਲ ਸਥਿਤੀ ਵਿੱਚ ਇਨ੍ਹਾਂ ਨੰਬਰਾਂ 'ਤੇ ਸੰਪਰਕ ਕਰਕੇ ਮਦਦ ਲੈ ਸਕਦੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦਿੱਤੀ।ਉਨ੍ਹਾ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਕਈ ਥਾਵਾਂ 'ਤੇ ਪਾਣੀ ਭਰਨ ਕਾਰਨ ਨਾਜ਼ੁਕ ਸਥਿਤੀ ਬਣ ਗਈ ਹੈ।ਅਜਿਹੀ ਸਥਿਤੀ ਨਾਲ ਨਿਪਟਣ ਲਈ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਜ਼ਿਲ੍ਹਾ ਪੱਧਰੀ ਫਲੱਡ ਕੰਟਰੋਲ ਰੂਮ ਨੰਬਰ 01632-244017, ਤਹਿਸੀਲ ਫ਼ਿਰੋਜ਼ਪੁਰ ਵਿਖੇ ਫਲੱਡ ਕੰਟਰੋਲ ਰੂਮ ਨੰਬਰ 01632-244019, ਤਹਿਸੀਲ ਜ਼ੀਰਾ ਵਿਖੇ ਫਲੱਡ ਕੰਟਰੋਲ ਰੂਮ ਨੰਬਰ 01682-250169, ਤਹਿਸੀਲ ਗੁਰੂ ਹਰਸਹਾਏ ਵਿਖੇ ਫਲੱਡ ਕੰਟਰੋਲ ਰੂਮ ਨੰਬਰ 01685-231010 ਸਥਾਪਤ ਕੀਤੇ ਗਏ ਹਨ।ਇਸ ਤੋਂ ਇਲਾਵਾ ਐਕਸੀਅਨ ਡਰੇਨੇਜ ਫ਼ਿਰੋਜ਼ਪੁਰ ਦਾ ਕੰਟਰੋਲ ਰੂਮ ਨੰਬਰ 01632-245366 ਸਥਾਪਤ ਕੀਤਾ ਗਿਆ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਹੜੇ ਲੋਕਾਂ ਨੇ ਬਰਸਾਤੀ ਨਾਲਿਆਂ, ਸੇਮ ਨਾਲਿਆਂ, ਖਾਲਾਂ ਆਦਿ ਨੂੰ ਬੰਦ ਕੀਤਾ ਹੈ, ਲੋਕਾਂ ਦੀਆਂ ਮੁਸ਼ਕਲਾਂ ਨੂੰ ਦੇਖਦੇ ਹੋਏ ਇਨ੍ਹਾਂ ਰੁਕਾਵਟਾਂ ਨੂੰ ਤੁਰੰਤ ਖੋਲ੍ਹ ਦੇਣ ਤਾਂ ਜੋ ਬਰਸਾਤੀ ਪਾਣੀ ਦੀ ਨਿਕਾਸੀ ਵਿੱਚ ਕੋਈ ਰੁਕਾਵਟ ਨਾ ਆਵੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਬਰਸਾਤੀ ਪਾਣੀ/ਹੜ੍ਹ ਨਾਲ ਸਬੰਧਤ ਸਥਿਤੀ ਵਿੱਚ ਉਕਤ ਨੰਬਰਾਂ 'ਤੇ ਸੰਪਰਕ ਕਰਕੇ ਮਦਦ ਲੈ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਹਰ ਸਥਿਤੀ ਨਾਲ ਨਜਿੱਠਣ ਤੇ ਜ਼ਿਲ੍ਹੇ ਦੇ ਲੋਕਾਂ ਦੀ ਹਰ ਤਰ੍ਹਾਂ ਦੀ ਮਦਦ ਲਈ ਕਾਰਜਸ਼ੀਲ ਹੈ।ਉਨ੍ਹਾ ਲੋਕਾਂ ਨੂੰ ਪਾਣੀ ਦੀ ਨਿਕਾਸੀ ਲਈ ਪ੍ਰਸ਼ਾਸਨ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ।ਉਨ੍ਹਾ ਕਿਹਾ ਕਿ ਉਹ ਖੁਦ ਜ਼ਿਲ੍ਹੇ ਦੀ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ।

# ਸ਼ਹੀਦ ਊਧਮ ਸਿੰਘ ਵੈੱਲਫੇਅਰ ਕਲੱਬ ਦੀ ਮੀਟਿੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਥਾਨਕ ਮਹਿਰਾਜ ਕਲੋਨੀ ਦੇ ਸ਼ਹੀਦ ਊਧਮ ਸਿੰਘ ਵੈੱਲਫੇਅਰ ਕਲੱਬ ਦੀ ਮੀਟਿੰਗ ਕਲੱਬ ਦੇ ਪ੍ਰਧਾਨ ਸੁਰਿੰਦਰ ਧੀਰ ਦੀ ਪ੍ਰਧਾਨਗੀ ਹੇਠ ਯੂ.ਈ.ਐੱਸ.ਸੀ. ਟਿਊਸ਼ਨ ਸੈਂਟਰ ਵਿਖੇ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਿਛਲੇ ਦਿਨੀਂ ਕਲੱਬ ਦੇ ਸਰਗਰਮ ਸੀਨੀਅਰ ਮੈਂਬਰ ਮੱਖਣ ਸਿੰਘ (ਬਾਬਾ) ਦੀ ਹੋਈ ਅਚਾਨਕ ਮੌਤ 'ਤੇ ਦੁੱਖ ਦਾ ਇਜ਼ਹਾਰ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।

ਕਲੱਬ ਦੀਆਂ ਸੰਭਾਵੀ ਗਤੀਵਿਧੀਆਂ 'ਚ ਬਿਹਤਰੀ ਲਿਆਉਣ ਲਈ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਤੇਜ ਸਿੰਘ ਗੋਗੀ ਬਰਾੜ, ਅਮਨਦੀਪ ਸਿੰਘ ਢਿੱਲੋਂ, ਦਰਸ਼ਨ ਸਿੰਘ ਸੇਖੋਂ, ਦਵਿੰਦਰ ਕੁਮਾਰ ਗਰਗ, ਜਗਰਾਜ ਸਿੰਘ ਜੱਗਾ, ਜਿਉਣ ਸਿੰਘ ਖਾਲਸਾ, ਡਾ. ਰਜਿੰਦਰ ਸਿੰਘ ਦਿਉਲ, ਕਰਮ ਸਿੰਘ ਭੁੱਲਰ, ਪ੍ਰਸ਼ੋਤਮ ਸਿੰਘ, ਗੁਰਵਿੰਦਰ ਸਿੰਘ ਗੋਲਡੀ, ਅਵਤਾਰ ਸਿੰਘ ਆਦੀਆਲ ਤੇ ਪ੍ਰਭਜੋਤ ਸਿੰਘ ਬਰਾੜ ਹਾਜ਼ਰ ਸਨ।

# ਕੈਮਿਸਟ ਐਸੋਸੀਏਸ਼ਨ ਵੱਲੋਂ ਡਰੱਗ ਇੰਸਪੈਕਟਰ ਨਾਲ ਮੀਟਿੰਗ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਜ਼ਿਲ੍ਹਾ ਮਾਨਸਾ ਕੈਮਿਸਟ ਐਸੋਸੀਏਸ਼ਨ ਵੱਲੋਂ ਨਵੇਂ ਆਏ ਡਰੱਗ ਇੰਸਪੈਕਟਰ ਸ੍ਰੀ ਓਂਕਾਰ ਸਿੰਘ ਨਾਲ ਮੀਟਿੰਗ ਕਰਕੇ ਉਸ ਨੂੰ ਜੀ ਆਇਆਂ ਕਿਹਾ। ਇਸ ਮੌਕੇ ਜ਼ਿਲ੍ਹਾ ਟੀਮ ਮਾਨਸਾ ਤੇ ਸਾਰੇ ਯੂਨਿਟ ਦੇ ਪ੍ਰਧਾਨ, ਜਨਰਲ ਸਕੱਤਰ ਹਾਜ਼ਰ ਹੋਏ। ਇਸ ਮੌਕੇ ਅਜੇ ਬਾਂਸਲ ਜ਼ਿਲ੍ਹਾ ਪ੍ਰਧਾਨ ਨੇ ਸਾਰਿਆਂ ਵੱਲੋਂ ਵਿਸ਼ਵਾਸ ਦੁਆਇਆ ਕਿ ਸਾਡਾ ਕੋਈ ਵੀ ਕੈਮਿਸਟ ਕਿਸੇ ਵੀ ਤਰ੍ਹਾਂ ਦੀ ਪਾਬੰਦੀਸ਼ੁਦਾ ਦਵਾਈ ਨਹੀਂ ਵੇਚੇਗਾ। ਡਰੱਗ ਇੰਸਪੈਕਟਰ ਸ੍ਰੀ ਓਂਕਾਰ ਸਿੰਘ ਨੇ ਇਸ ਮੌਕੇ ਹਾਜ਼ਰ ਕੈਮਿਸਟਾਂ ਨੂੰ ਵਿਸ਼ਵਾਸ ਦੁਆਇਆ ਕਿ ਕਿਸੇ ਵੀ ਮੈਂਬਰ ਨੂੰ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਪੁਨੀਤ ਸਿੰਗਲਾ, ਲੱਕੀ ਤਾਇਲ, ਭਰਪੂਰ ਸਿੰਘ, ਸੰਜੀਵ ਸਿੰਗਲਾ, ਭੁਪਿੰਦਰ ਕੁਮਾਰ, ਰਜਿੰਦਰ ਸਿੰਗਲਾ, ਰੂਪ ਚੰਦ ਸਿੰਗਲਾ, ਮਨਪ੍ਰੀਤ ਸਿੰਘ ਪ੍ਰਧਾਨ ਕੈਮਿਸਟ ਐਸੋਸੀਏਸ਼ਨ ਭੀਖੀ, ਗੁਰਬੀਰ ਸਿੰਘ ਬਿੰਨੀ ਜਰਨਲ ਸਕੱਤਰ, ਜਗਸੀਰ ਸਿੰਘ ਸੈਕਟਰੀ ਜੋਗਾ ਆਦਿ ਹਾਜ਼ਰ ਸਨ।

# ਪ੍ਰਵਾਸੀ ਲੇਖਕ ਮਿੰਟੂ ਬਰਾੜ ਆਸਟ੍ਰੇਲੀਆ ਨਾਲ ਰੂ-ਬ-ਰੂ



**ਭੀਖੀ (ਧਰਮਵੀਰ ਸ਼ਰਮਾ)**

ਸਥਾਨਕ ਸ਼ਹੀਦ ਭਗਤ ਸਿੰਘ ਯਾਦਗਾਰੀ ਮਿਉਂਸਪਲ ਲਾਇਬਰੇਰੀ ਵਿਖੇ ਨਵਯੁਗ ਸਾਹਿਤ ਕਲਾ ਮੰਚ ਤੇ ਸਾਹਿਬਦੀਪ ਪਬਲੀਕੇਸ਼ਨ ਦੇ ਸਹਿਯੋਗ ਨਾਲ ਪ੍ਰਵਾਸੀ ਪੱਤਰਕਾਰ ਤੇ ਲੇਖਕ ਮਿੰਟੂ ਬਰਾੜ ਅਸਟ੍ਰੇਲੀਆ ਨਾਲ ਰੂ-ਬ-ਰੂ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਕਹਾਣੀਕਾਰ ਦਰਸ਼ਨ ਜੋਗਾ, ਮਾਸਟਰ ਚਰਨਜੀਤ ਸਿੰਘ ਧਲੇਵਾਂ, ਕੇਵਲ ਸ਼ਾਰਧਾ ਤੇ ਆਪ ਪਾਰਟੀ ਦੇ ਬਲਾਕ ਪ੍ਰਧਾਨ ਸਿਕੰਦਰ ਸਿੰਘ ਭੀਖੀ ਨੇ ਕੀਤੀ। ਇਸ ਦੌਰਾਨ ਮਿੰਟੂ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਦੁਨੀਆ ਦੇ ਕੋਨੇ-ਕੋਨੇ ਵਿੱਚ ਪੁੱਜਣ ਤੋਂ ਇਲਾਵਾ ਅਸਟ੍ਰੇਲੀਆ ਵਿੱਚ ਪੰਜਵੇਂ ਸਥਾਨ ਪੁੱਜ ਚੁੱਕੀ ਹੈ। ਭਾਵੇਂ ਕਿ ਪੰਜਾਬੀ ਭਾਸ਼ਾ ਨੂੰ ਬਹੁਤ ਸਾਰੀਆਂ ਚੁਣੌਤੀਆਂ ਹਨ, ਪਰ ਇਹ ਕਦੇ ਵੀ ਖ਼ਤਮ ਨਹੀਂ ਹੋ ਸਕਦੀ। ਉਨ੍ਹਾ ਕਿਹਾ ਕਿ ਅਜੋਕੀ ਨੌਜਵਾਨ ਪੀੜ੍ਹੀ ਵਿੱਚ ਇੰਟਰਨੈੱਟ ਦੇ ਆਧੁਨਿਕ ਯੁਗ ਕਾਰਨ ਭਾਵੇਂ ਕਿਤਾਬਾਂ ਪੜ੍ਹਨ ਦੀ ਰੁਚੀ ਬਹੁਤ ਘਟੀ ਹੈ। ਪੱਛਮੀ ਦੇਸ਼ਾਂ ਵਿੱਚ ਕਿਤਾਬ ਸੱਭਿਆਚਾਰ ਪ੍ਰਫੁੱਲਿਤ ਹੈ, ਹਰ ਦੂਜੇ ਅੰਗਰੇਜ਼ ਦੇ ਹੱਥ ਵਿੱਚ ਕਿਤਾਬ ਵੇਖੀ ਜਾ ਸਕਦੀ ਹੈ। ਉਨ੍ਹਾ ਵਿਦੇਸ਼ਾਂ ਵਿੱਚ ਜਾ ਰਹੇ ਨੌਜਵਾਨਾਂ ਬਾਰੇ ਕਿਹਾ ਕਿ ਗੈਰ-ਕਾਨੂੰਨੀ ਢੰਗ ਨਾਲ ਵਿਦੇਸ਼ਾਂ ਦੀ ਧਰਤੀ 'ਤੇ ਜਾਣ ਵਾਲੇ ਪਰਿਵਾਰਾਂ ਤੇ ਇਕੱਲੇ ਜਾਣ ਵਾਲਿਆਂ ਦਾ ਭਵਿੱਖ ਬਹੁਤਾ ਵਧੀਆ ਨਹੀਂ ਹੁੰਦਾ। ਜ਼ਿੰਦਗੀ ਵਿੱਚ ਸਫ਼ਲ ਇਨਸਾਨ ਬਨਣ ਲਈ ਮਿਹਨਤ ਬਹੁਤ ਜ਼ਰੂਰੀ ਹੈ, ਜਿਸ ਨਾਲ ਜੋਖ਼ਮ ਭਰੇ ਰਾਸਤੇ ਵੀ ਅਸਾਨ ਹੋ ਜਾਂਦੇ ਹਨ। ਮੰਚ ਵੱਲੋਂ ਮਿੰਟੂ ਬਰਾੜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਮਾਨਸਾ ਜ਼ਿਲ੍ਹੇ ਦੇ ਵਿੱਛੜ ਚੁੱਕੇ ਸਾਹਿਤਕਾਰਾਂ ਪ੍ਰਿੰਸੀਪਲ ਜਗਜੀਤ ਸਿੰਘ ਗੁਰਨੇ, ਹਰਭਜਨ ਸਿੰਘ ਸਿੱਧੂ ਮਾਨਸਾ, ਵਿਨੋਦ ਮਾਨਸਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੰਚ ਸੰਚਾਲਨ ਅਮਰੀਕ ਭੀਖੀ ਨੇ ਬਾਖੂਬੀ ਨਿਭਾਇਆ। ਇਸ ਮੌਕੇ ਮੰਚ ਪ੍ਰਧਾਨ ਭੁਪਿੰਦਰ ਫੌਜੀ, ਸਰਪ੍ਰਸਤ ਰਾਜਿੰਦਰ ਸਿੰਘ ਰੋਹੀ, ਲੱਖਾ ਸਿੰਘ ਜੇ ਈ, ਕਰਨ ਭੀਖੀ, ਰਜਿੰਦਰ ਜਾਫਰੀ, ਅਵਤਾਰ ਡਿਜੀਟਲ, ਹਰਭਗਵਾਨ ਭੀਖੀ, ਐਡਵੋਕੇਟ ਹਰਪ੍ਰੀਤ ਸਿੰਘ ਰਾਮਦਿੱਤੇ ਵਾਲਾ, ਵਿਸ਼ਵਦੀਪ ਬਰਾੜ ਮਾਨਸਾ, ਪ੍ਰਗਟ ਸਮਾਓਂ, ਗੁਰਿੰਦਰ ਹੈਪੀ, ਜਰਨੈਲ ਸਿੰਘ ਸਿੱਧੂ ਤੇ ਜਸਪਾਲ ਸਿੰਘ ਅਤਲਾ ਆਦਿ ਹਾਜ਼ਰ ਸਨ।

# ਵਿਧਾਇਕਾ ਨੇ ਬਾਰਿਸ਼ ਨਾਲ ਪ੍ਰਭਾਵਤ ਇਲਾਕਿਆਂ ਤੇ ਫਸਲਾਂ ਦਾ ਲਿਆ ਜਾਇਜ਼ਾ

**ਡਿਪਟੀ ਕਮਿਸ਼ਨਰ, ਐੱਸ.ਐੱਸ.ਪੀ. ਨੂੰ ਸਥਿਤੀ ਨਾਲ ਨਿਪਟਣ ਦੇ ਦਿੱਤੇ ਨਿਰਦੇਸ਼**



**ਮੋਗਾ (ਮਰਜੀਤ ਬੱਬਰੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਵਿੱਚ ਭਾਰੀ ਬਾਰਿਸ਼ ਹੋਣ ਕਾਰਨ ਕਈ ਇਲਾਕਿਆਂ ਵਿੱਚ ਹੜ੍ਹ ਵਰਗੀ ਸਥਿਤੀ ਬਣ ਰਹੀ ਹੈ। ਉਸ ਤੋਂ ਨਿਪਟਨ ਲਈ ਅੱਜ ਮੋਗਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਜ਼ਿਲ੍ਹੇ ਦੇ ਪਿੰਡਾਂ ਵਿੱਚ ਕਿਸਾਨਾਂ ਦੇ ਖੇਤਾਂ ਵਿੱਚ ਭਰੇ ਬਾਰਿਸ਼ ਦੇ ਪਾਣੀ ਤੇ ਕਈ ਇਲਾਕਿਆਂ ਵਿੱਚ ਜਾ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਵੱਖ-ਵੱਖ ਇਲਾਕਿਆਂ ਤੇ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਜਾਇਜ਼ਾ ਲਿਆ ਗਿਆ ਹੈ ਤੇ ਡੀ. ਸੀ. ਮੋਗਾ, ਐੱਸ.ਐੱਸ.ਪੀ. ਮੋਗਾ ਨੂੰ ਸਥਿਤੀ ਤੋਂ ਨਿਪਟਣ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਹਮੇਸ਼ਾ ਲੋਕਾਂ ਦੇ ਨਾਲ ਖੜੀ ਰਹੇਗੀ। ਇਸ ਮੌਕੇ ਉਨ੍ਹਾ ਨਾਲ ਭਾਰੀ ਗਿਣਤੀ ਵਿੱਚ ਪਿੰਡਾਂ ਦੇ ਪੰਚ, ਸਰਪੰਚ, ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

# ਸਰਕਾਰ ਪ੍ਰਾਪਰਟੀ ਖ੍ਰੀਦਣ-ਵੇਚਣ ਦੀ ਪ੍ਰਣਾਲੀ ਨੂੰ ਸੁਖਾਲਾ ਕਰੇ : ਵਾਇਸ ਆਫ ਮਾਨਸਾ

**ਮਾਨਸਾ (ਆਤਮਾ ਸਿੰਘ ਪਮਾਰ)**



ਸਮਾਜਿਕ ਤੌਰ 'ਤੇ ਲੋਕਾਂ ਦੀਆਂ ਮੰਗਾਂ ਦੇ ਹੱਲ ਲਈ ਤਤਪਰ ਸਮਾਜਿਕ ਸੰਸਥਾ ਵਾਇਸ ਆਫ ਮਾਨਸਾ ਵੱਲੋਂ ਆਪਣੇ ਮੈਂਬਰਾਂ ਤੇ ਸ਼ਹਿਰੀਆਂ ਦੀ ਮੀਟਿੰਗ ਮਾਨਸਾ ਕਲੱਬ ਵਿਖੇ ਕੀਤੀ ਗਈ, ਜਿਸ ਵਿੱਚ ਜ਼ਮੀਨਾਂ ਤੇ ਪਲਾਟਾਂ ਸਮੇਤ ਪ੍ਰਾਪਰਟੀਆਂ ਦੀ ਖਰੀਦ ਵੇਚ ਲਈ ਲਾਗੂ ਕੀਤੇ ਗਏ ਐੱਨ ਓ ਸੀ (ਇਤਰਾਜ਼ਹੀਣਤਾ ਸਰਟੀਫਿਕੇਟਾਂ) ਦੀ ਪ੍ਰਣਾਲੀ ਵਿੱਚ ਖਾਮੀਆਂ ਹੋਣ ਕਰਕੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਰਾਮ ਕ੍ਰਿਸ਼ਨ ਚੁੱਘ ਨੇ ਪਰਿਵਾਰ ਨੂੰ ਇਲਾਜ ਲਈ ਪਲਾਟ ਵੇਚਣ ਦੀ ਲੋੜ ਬਾਰੇ ਦੱਸਦੇ ਹੋਏ ਵੀ ਪਲਾਟ ਦੀ ਐੱਨ ਓ ਸੀ ਲੈਣ ਲਈ ਹੋ ਰਹੀ ਖੱਜਲ ਖੁਆਰੀ ਦਾ ਜ਼ਿਕਰ ਕੀਤਾ, ਜਿਸ ਨਾਲ ਸਬੰਧਤ ਹੋਰ ਸਮੱਸਿਆਵਾਂ 'ਤੇ ਡਾ. ਲਖਵਿੰਦਰ ਮੂਸਾ, ਸਰਬਜੀਤ ਕੌਸ਼ਲ, ਓਮ ਪ੍ਰਕਾਸ਼ ਜਿੰਦਲ ਤੇ ਨਰੇਸ਼ ਬਿਰਲਾ ਨੇ ਆਪੋ ਆਪਣੇ ਵਿਚਾਰ ਰੱਖੇ। ਇਸ ਵਿਸ਼ੇ ਉਪਰ ਅਸ਼ੋਕ ਬਾਂਸਲ, ਬਲਜੀਤ ਸਿੰਘ ਸੂਬਾ, ਭਰਪੂਰ ਸਿੰਘ, ਸੰਜੀਵ ਸਿੰਗਲਾ ਤੇ ਵਿਕਰਮਜੀਤ ਸਿੰਘ ਟੈਕਸਲਾ ਨੇ ਸੰਸਥਾ ਨੂੰ ਡਿਪਟੀ ਕਮਿਸ਼ਨਰ ਨੂੰ ਲਿਖਤੀ ਰੂਪ ਵਿੱਚ ਮੈਮੋਰੰਡਮ ਦੇ ਕੇ ਸਮਾਂਬੱਧ ਰੂਪ 'ਚ ਮਸਲਾ ਹੱਲ ਕਰਨ ਲਈ ਕਿਹਾ, ਜਿਸ ਉੱਪਰ ਸਾਰੇ ਮੈਂਬਰਾਂ ਨੇ ਸਰਬਸੰਮਤੀ ਪ੍ਰਗਟਾਈ। ਇਸ ਮੌਕੇ ਸ਼ਹਿਰ 'ਚ ਪੋਸਟ ਆਫਸ ਨਾਲ ਸਬੰਧਤ ਸਮੱਸਿਆਵਾਂ 'ਤੇ ਵੀ ਮਾਨਸਾ ਬਾਰ ਕੌਂਸਲ ਦੇ ਪ੍ਰਧਾਨ ਨਵਲ ਕੁਮਾਰ ਤੇ ਐਡਵੋਕੇਟ ਅਮਨਦੀਪ ਸਿੰਗਲਾ ਨੇ ਕਿਹਾ ਕਿ ਬੱਸ ਸਟੈਂਡ ਦੇ ਇਲਾਕੇ ਵਿੱਚ ਵਸੋਂ ਦੇ ਪਸਾਰ ਕਰਕੇ ਇੱਕ ਹੋਰ ਪੋਸਟ ਆਫਿਸ ਬਣਾਇਆ ਜਾਣਾ ਚਾਹੀਦਾ ਹੈ। ਸਕੱਤਰ ਵਿਸ਼ਵਦੀਪ ਬਰਾੜ ਨੇ ਮੌਜੂਦਾ ਡਾਕਖਾਨੇ ਵਿੱਚ ਲੋਕਾਂ ਦੀ ਸਹੂਲਤ ਲਈ ਵਧੇਰੇ ਕਾਊਂਟਰ ਬਣਾਏ ਜਾਣ ਦੀ ਲੋੜ 'ਤੇ ਜ਼ੋਰ ਦਿੱਤਾ। ਸੋਸ਼ਲਿਸਟ ਪਾਰਟੀ ਆਗੂ ਹਰਿੰਦਰ ਮਾਨਸ਼ਾਹੀਆ, ਰਵਿੰਦਰ ਗਰਗ ਤੇ ਦਰਸ਼ਨਪਾਲ ਨੇ ਸ਼ਹਿਰ ਵਿੱਚ ਮੀਹਾਂ ਦੌਰਾਨ ਸੀਵਰੇਜ ਦੀ ਸਮੱਸਿਆ ਕਰਕੇ ਸ਼ਹਿਰ ਵਿੱਚ ਫੈਲਣ ਵਾਲੀਆਂ ਭਿਆਨਕ ਬੀਮਾਰੀਆਂ ਤੋਂ ਬਚਾਅ ਲਈ ਪ੍ਰਸ਼ਾਸਨ ਨੂੰ ਤਿਆਰ ਰਹਿਣ ਲਈ ਤਾਕੀਦ ਕੀਤੀ ਤੇ ਨਾਲ ਹੀ ਸ਼ਹਿਰ ਦੀ ਵੀ ਆਈ ਪੀ ਰੋਡ ਦੀ ਮੁਰੰਮਤ ਫੌਰਨ ਕਰਵਾਏ ਜਾਣ ਲਈ ਕਿਹਾ। ਸੰਸਥਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਤੇ ਮੀਤ ਪ੍ਰਧਾਨ ਬਲਵਿੰਦਰ ਸਿੰਘ ਕਾਕਾ ਨੇ ਸੰਸਥਾ ਵੱਲੋਂ ਲੋਕਾਂ ਦੀ ਭਲਾਈ ਲਈ ਹਰ ਮਸਲਾ ਹਰੇਕ ਪਲੇਟਫਾਰਮ 'ਤੇ ਚੁੱਕਣ ਲਈ ਆਪਣੀ ਵਚਨਬੱਧਤਾ ਦੋਹਰਾਉਂਦੇ ਹੋਏ ਕਿਹਾ ਕਿ ਡਿਪਟੀ ਕਮਿਸ਼ਨਰ ਮਾਨਸਾ ਨੂੰ ਇਸ ਬਾਰੇ ਮੈਮੋਰੰਡਮ ਦੇਣ ਤੋਂ ਬਾਅਦ ਵੀ ਜੇਕਰ ਮਸਲਾ ਹੱਲ ਨਾ ਹੋਇਆ ਤਾਂ ਸੰਸਥਾ ਪਹਿਲਾਂ ਦਿੱਤੇ ਗਏ ਮੰਗ ਪੱਤਰਾਂ ਦਾ ਹਵਾਲਾ ਦੇ ਕੇ ਮੁੱਖ ਮੰਤਰੀ ਪੰਜਾਬ ਕੋਲ ਵੀ ਮਾਨਸਾ ਦੀਆਂ ਸਮੱਸਿਆਵਾਂ ਦੇ ਹੱਲ ਲਈ ਪਹੁੰਚ ਕਰੇਗੀ। ਉਨ੍ਹਾ ਮੰਗ ਕੀਤੀ ਕਿ ਐੱਨ ਓ ਸੀ ਸਬੰਧੀ ਸਮੁੱਚੀ ਜਾਣਕਾਰੀ ਦੇ ਦਿਸ਼ਾ ਨਿਰਦੇਸ਼ ਜਨਤਕ ਤੌਰ 'ਤੇ ਲਗਾਏ ਜਾਣ ਤੇ ਤਹਿ ਸਮਾਂ ਸੀਮਾਂ ਤੱਕ ਐੱਨ ਓ ਸੀ ਮਿਲਣਾ ਯਕੀਨੀ ਬਣਾਇਆ ਜਾਵੇ।

# ਵਧਾਵਾ ਮੱਲ ਪਰਵਾਰ ਨੇ ਸ਼ਿਵ ਨਿਕੇਤਨ ਵਿਖੇ ਲੰਗਰ ਹਾਲ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸਮਾਜ ਸੇਵੀ ਵਧਾਵਾ ਮੱਲ ਦੇ ਪਰਿਵਾਰ ਮਨੋਜ ਕੁਮਾਰ ਸਿੰਗਲਾ, ਸੰਜੀਵ ਕੁਮਾਰ ਸਿੰਗਲਾ, ਐਡਵੋਕੇਟ ਵਰਿੰਦਰ ਸਿੰਗਲਾ ਬਿੱਟੂ, ਐਡਵੋਕੇਟ ਪੰਕਜ ਸਿੰਗਲਾ ਤੇ ਅੰਕੁਰ ਸਿੰਗਲਾ ਵੱਲੋਂ ਆਪਣੇ ਪੁਰਖਿਆਂ ਨੌਹਰ ਚੰਦ, ਬਨਾਰਸੀ ਦਾਸ, ਵਿੱਦਿਆ ਦੇਵੀ, ਗਿਰਧਾਰੀ ਲਾਲ, ਮਾ. ਚਿਮਨ ਲਾਲ ਤੇ ਸੁਸ਼ੀਲ ਕੁਮਾਰ ਦੀ ਯਾਦ ਵਿੱਚ ਸਥਾਨਕ ਸ਼ਿਵ ਨਿਕੇਤਨ ਮੰਦਰ ਵਿਖੇ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਬੀਰ ਦਲ ਦੇ ਸਹਿਯੋਗ ਨਾਲ ਸੰਤ ਬਾਬਾ ਰੁੱਖੜ ਦਾਸ ਜੀ ਦੀ ਯਾਦ ਵਿੱਚ ਉਸਾਰੇ ਜਾ ਰਹੇ ਲੰਗਰ ਹਾਲ ਦੀ ਸਮੁੱਚੀ ਕਾਰ ਸੇਵਾ ਦਾ ਸੰਕਲਪ ਲੈ ਕੇ ਨਿਰਮਾਣ ਕਾਰਜ ਸ਼ੁਰੂ ਕਰਵਾਏ। ਇਸ ਮੌਕੇ ਮਨੋਜ ਕੁਮਾਰ ਸਿੰਗਲਾ ਨੇ ਕਿਹਾ ਕਿ ਭਾਵੇਂ ਅਜੋਕੇ ਭੌਤਿਕੀ ਯੁੱਗ ਵਿੱਚ ਮਨੁੱਖ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਹੀ ਉਮਰ ਕੱਢ ਲੈਂਦਾ ਹੈ, ਪ੍ਰੰਤੂ ਸਮਾਜ ਸੇਵਾ ਤੇ ਲੋਕਾਂ ਨੂੰ ਅਧਿਆਤਮਕ ਧਾਰਾ ਨਾਲ ਜੋੜਨ ਲਈ ਧਾਰਮਿਕ ਕਾਰਜ ਵੀ ਕਰਨੇ ਚਾਹੀਦੇ ਹਨ। ਉਨ੍ਹਾਂ ਮੰਦਿਰ ਕਮੇਟੀ ਵੱਲੋਂ ਕੀਤੇ ਜਾ ਰਹੇ ਧਾਰਮਿਕ ਤੇ ਮਨੁੱਖੀ ਕਲਿਆਣ ਲਈ ਕਾਰਜਾਂ ਦੀ ਸ਼ਲਾਘਾ ਵੀ ਕੀਤੀ ਤੇ ਆਪਣੇ ਪਰਿਵਾਰ ਵੱਲੋਂ ਹਰ ਮੁਮਕਿਨ ਮੱਦਦ ਕਰਨ ਦਾ ਭਰੋਸਾ ਦਿੱਤਾ। ਜ਼ਿਕਰਯੋਗ ਹੈ ਕਿ ਸਮੁੱਚਾ ਵਧਾਵਾ ਮੱਲ ਖਾਨਦਾਨ ਸ਼ਹਿਰ ਦੇ ਵਿਕਾਸ, ਧਾਰਮਿਕ ਤੇ ਮਨੁੱਖੀ ਭਲਾਈ ਦੇ ਕਾਰਜਾਂ ਵਿੱਚ ਦਿਲ ਖੋਲ੍ਹ ਕੇ ਮੱਦਦ ਕਰਦਾ ਹੈ। ਪਰਿਵਾਰ ਵੱਲੋਂ ਬੀਤੇ ਸਮੇਂ ਵਿੱਚ ਨਗਰ ਪੰਚਾਇਤ ਦੇ ਸਹਿਯੋਗ ਨਾਲ ਨਗਰ ਵਿੱਚ ਇੱਕ ਲਾਲਾ ਦੌਲਤ ਮੱਲ ਵਧਾਵੇ ਕੇ ਸੁੰਦਰ ਮਿਊਂਸਪਲ ਪਾਰਕ ਦਾ ਨਿਰਮਾਣ ਕਰਵਾਇਆ ਗਿਆ ਤੇ ਸ਼ਹਿਰ ਦੀਆਂ ਵਿੱਦਿਅਕ ਸੰਸਥਾਵਾਂ ਦਰ ਤੇ ਲੋੜਵੰਦ ਵਿਦਿਆਰਥੀਆਂ ਨੂੰ ਦਿਲ ਖੋਲ੍ਹ ਕੇ ਮੱਦਦ ਕਰਨ ਤੋਂ ਇਲਾਵਾ ਪਰਿਵਾਰ ਵੱਲੋਂ ਨਿੱਜੀ ਸਕੂਲ ਸ਼੍ਰੀ ਤਾਰਾ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਦੀ ਸਥਾਪਨਾ ਕਰਵਾਈ ਗਈ ਤੇ ਇਲਾਕੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਨੈਸ਼ਨਲ ਕਾਲਜ ਦੀ ਉਸਾਰੀ ਸਮੇਂ ਵਿੱਤੀ ਮੱਦਦ ਕੀਤੀ ਅਤੇ ਸਰਕਾਰੀ ਸਕੂਲਾਂ ਦੀ ਵਿੱਤੀ ਮੱਦਦ ਤੋਂ ਇਲਾਵਾ ਇਨ੍ਹਾਂ ਸਕੂਲਾਂ ਦੇ ਲੋੜਵੰਦ ਵਿਦਿਆਰਥੀਆਂ ਨੂੰ ਸਮੇਂ-ਸਮੇਂ ਵਜ਼ੀਫਾ ਤੇ ਵਿਦਿਆਰਥੀਆਂ ਦੀ ਨਗਦ ਰਾਸ਼ੀ ਨਾਲ ਹੌਸਲਾ ਅਫਜ਼ਾਈ ਕੀਤੀ। ਇਸ ਤੋਂ ਇਲਾਵਾ ਇਸ ਪਰਿਵਾਰ ਵੱਲੋਂ ਪਿਛਲੇ 10 ਸਾਲਾਂ ਤੋਂ ਲਗਾਤਾਰ ਅੱਖਾਂ ਦੀ ਜਾਂਚ ਦੇ ਮੁਫਤ ਕੈਂਪ ਲਗਵਾਏ ਜਾ ਰਹੇ ਹਨ। ਇਸ ਮੌਕੇ ਸਮੂਹ ਮੰਦਰ ਕਮੇਟੀ ਵੱਲੋਂ ਵਧਾਵਾ ਪਰਿਵਾਰ ਦਾ ਧੰਨਵਾਦ ਕੀਤਾ ਗਿਆ ਅਤੇ ਪਰਿਵਾਰ ਦੇ ਮੈਂਬਰਾਂ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਐਡਵੋਕੇਟ ਮਨੋਜ ਕੁਮਾਰ ਰੌਕੀ, ਸੰਜੀਵ ਕੁਮਾਰ ਸਿੰਗਲਾ, ਵਿਨੋਦ ਕੁਮਾਰ ਸਿੰਗਲਾ, ਰਾਕੇਸ਼ ਕੁਮਾਰ ਸਿੰਗਲਾ, ਨਵੀਨ ਕੁਮਾਰ, ਸੰਦੀਪ ਕੁਮਾਰ ਸਿੰਗਲਾ, ਮਾ. ਸਤੀਸ਼ ਕੁਮਾਰ, ਡਾ. ਵਿਜੈ ਜਿੰਦਲ, ਮਨੀਸ਼ ਜਿੰਦਲ, ਨਰਿੰਦਰ ਜਿੰਦਲ ਡੀ ਸੀ, ਲਵਲੀਨ ਜਿੰਦਲ ਜ਼ੋਨੀ, ਇੰਸਪੈਕਟਰ ਸੰਦੀਪ ਕੁਮਾਰ ਦੀਪੂ, ਮਹੇਸ਼ ਕੁਮਾਰ ਸਿੰਗਲਾ, ਰਿੰਕੂ ਜਿੰਦਲ, ਪੰਡਤ ਰਾਘਵ ਸ਼ਾਸਤਰੀ ਤੋਂ ਇਲਾਵਾ ਸਮੂਹ ਕਮੇਟੀ ਮੈਂਬਰ ਹਾਜ਼ਰ ਸਨ।

11-July-PAGE-8.qxd 7/11/2023 12:56 AM Page 1



# ਤਿੰਨ ਦਰਜਨ ਤੋਂ ਵੱਧ ਪਿੰਡਾਂ 'ਚ ਹੜ੍ਹ ਵਰਗੇ ਹਾਲਾਤ ਬਣੇ



**ਸੁਲਤਾਨਪੁਰ ਲੋਧੀ, ( ਹਨੀ )**-ਲਗਾਤਾਰ ਪੈ ਰਹੇ ਭਾਰੀ ਮੀਂਹ ਕਾਰਨ ਲੋਹੀਆਂ ਤੇ ਸੁਲਤਾਨਪੁਰ ਲੋਧੀ ਇਲਾਕੇ ਵਿੱਚ ਹੜ੍ਹ ਵਰਗੀ ਸਥਿਤੀ ਬਣ ਗਈ ਹੈ। ਤਿੰਨ ਦਰਜਨ ਤੋਂ ਵੱਧ ਪਿੰਡਾਂ ਦੀ 25 ਹਜ਼ਾਰ ਦੇ ਕਰੀਬ ਝੋਨੇ ਦੀ ਫਸਲ ਪਾਣੀ ਵਿੱਚ ਡੁੱਬ ਗਈ ਹੈ। ਇਸ ਨਾਜ਼ੁਕ ਸਥਿਤੀ ਦਾ ਜ਼ਾਇਜਾ ਲੈਣ ਲਈ ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਗਿੱਦੜਪਿੰਡੀ ਤੇ ਜਾਣੀਆ ਚਾਹਲ ਦਾ ਦੌਰਾ ਕਰਕੇ ਲੋਕਾਂ ਨੂੰ ਹੌਸਲਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕਾਂ ਦੇ ਨਾਲ ਖੜ੍ਹੀ ਹੈ। ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਡਿਊਟੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਚੇਚੇ ਤੌਰ 'ਤੇ ਲਗਾਈ ਹੈ ਕਿ ਸੰਤ ਸੀਚੇਵਾਲ ਦੀ ਮਦਦ ਨਾਲ ਹੜ੍ਹਾਂ ਦਾ ਅਗਾਂਹੂ ਪ੍ਰਬੰਧ ਕਰਨੇ ਹਨ। ਇਸੇ ਕਰਕੇ ਉਹ ਅੱਜ ਉਚੇਚੇ ਤੌਰ 'ਤੇ ਗਿੱਦੜਪਿੰਡੀ ਅਤੇ ਹੋਰ ਇਲਾਕਿਆਂ ਦਾ ਦੌਰਾ ਕਰਨ ਲਈ ਆਏ ਸਨ। ਇਸ ਤੋਂ ਪਹਿਲਾਂ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਪਿੰਡ ਕਿੱਲੀਵਾੜਾ, ਗਿੱਦੜਪਿੰਡੀ, ਭਰੋਆਣਾ ਅਤੇ ਡੱਲਾ ਰੋਡ 'ਤੇ ਮੀਂਹ ਦੇ ਪਾਣੀ ਨਾਲ ਭਰੇ ਖੇਤਾਂ ਵਿੱਚ ਪਾਣੀ ਨਾ ਨਿਕਲਣ ਤੋਂ ਦੁਖੀ ਕਿਸਾਨਾਂ ਨੇ ਦੱਸਿਆ ਕਿ ਪਾਣੀ ਦੀ ਨਿਕਾਸੀ ਲਈ ਬਣੀਆਂ ਪੁਲੀਆਂ ਲੋਕਾਂ ਨੇ ਬੰਦ ਕਰ ਦਿੱਤੀਆਂ ਹਨ। ਭਰੋਆਣਾ ਵਿੱਚ ਤਾਂ ਮੰਡ ਦੇ ਕੁਝ ਲੋਕਾਂ ਨੇ ਪਾਣੀ ਦੀ ਨਿਕਾਸੀ ਲਈ ਬਣੇ ਗੇਟ ਵੀ ਨਹੀਂ ਖੋਲ੍ਹਣ ਦਿੱਤੇ ਜਿਸ ਕਾਰਨ ਹਜ਼ਾਰਾਂ ਏਕੜ ਝੋਨੇ ਦੀ ਪਾਣੀ ਵਿੱਚ ਡੁੱਬਣ ਦਾ ਖਤਰਾ ਪੈਦਾ ਹੋ ਗਿਆ ਹੈ। ਗਿੱਦੜਪਿੰਡੀ ਦੇ ਸਰਪੰਚ ਕੁਲਵੰਤ ਸਿੰਘ ਨੇ ਦੱਸਿਆ ਕਿ 2019 ਵਿੱਚ ਆਏ ਹੜ੍ਹ ਨੇ ਭਾਰੀ ਤਬਾਹੀ ਮਚਾਈ ਸੀ। ਹੁਣ ਸਤਲੁਜ ਦਰਿਆ ਵਿੱਚ ਪਾਣੀ ਲਗਾਤਾਰ ਵਧ ਰਿਹਾ ਹੈ ਤੇ ਖੇਤ ਪਹਿਲਾਂ ਹੀ ਪਾਣੀ ਨਾਲ ਭਰੇ ਪਏ ਹਨ ਪਰ ਕਈ ਲੋਕ ਪਾਣੀ ਦੀ ਨਿਕਾਸੀ ਹੋਣ ਵਿੱਚ ਅੜਿੱਕਾ ਬਣ ਰਹੇ ਹਨ। ਹੜ੍ਹ ਰੋਕੂ ਕਮੇਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਨੇ ਕੈਬਨਿਟ ਮੰਤਰੀ ਬਲਕਾਰ ਸਿੰਘ ਤੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੂੰ ਦੱਸਿਆ ਕਿ ਸਾਲ 2020 ਤੇ 2021 ਵਿੱਚ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਵਿੱਚ ਗਿੱਦੜਪਿੰਡੀ ਰੇਲਵੇ ਪੁਲ ਹੇਠੋਂ ਮਿੱਟੀ ਕੱਢ ਨਾਲ ਹੜ੍ਹ ਤੋਂ ਬਚਾਅ ਰਿਹਾ ਸੀ। ਇਸ ਵਾਰ ਹਾਲਾਤ ਪਹਿਲਾਂ ਨਾਲੋਂ ਵੀ ਵਿਗੜਦੇ ਲੱਗ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਲੋਕਾਂ ਭਰੋਆਣਾ ਵਿੱਚ ਪਾਣੀ ਦੀ ਨਿਕਾਸੀ ਵਿੱਚ ਰੁਕਾਵਟ ਖੜ੍ਹੀ ਕੀਤੀ ਹੈ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇ। ਲੋਕਾਂ ਨੇ ਦੱਸਿਆ ਕਿ ਕੁਤਬੀਵਾਲ, ਗਿੱਦੜਪਿੰਡੀ, ਵਾੜਾ ਜੋਧ ਸਿੰਘ, ਕਿੱਲੀਵਾੜਾ, ਵਾਟਾਂਵਾਲੀ ਕਲਾਂ, ਵਾਟਾਂਵਾਲੀ ਖੁਰਦ, ਸੇਖਾਂ ਮਾਂਗਾ, ਨੱਲ, ਮੰਡਾਲਾ, ਭਰੋਆਣਾ ਆਦਿ ਤਿੰਨ ਦਰਜਨ ਤੋਂ ਵੱਧ ਪਿੰਡਾਂ ਵਿੱਚ 25 ਹਾਜ਼ਾਰ ਏਕੜ ਝੋਨੇ ਦੀ ਫਸਲ ਪਾਣੀ ਵਿੱਚ ਡੁੱਬ ਗਈ ਹੈ। ਲੋਕਾਂ ਦਾ ਕਹਿਣਾ ਸੀ ਕਿ ਜੇ ਦੋ-ਤਿੰਨ ਦਿਨਾਂ ਤੱਕ ਪਾਣੀ ਖੇਤਾਂ ਵਿੱਚੋਂ ਬਾਹਰ ਨਾ ਨਿਕਲਿਆ ਤਾਂ ਝੋਨੇ ਦੀ ਫਸਲ ਤਬਾਹ ਹੋ ਜਾਵੇਗੀ। ਉਧਰ ਡਿਪਟੀ ਕਮਿਸ਼ਨਰ ਜਲੰਧਰ ਵਿਸ਼ੇਸ਼ ਸਾਰੰਗਲ ਅਤੇ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਕੈਪਟਨ ਕਰਨੈਲ ਸਿੰਘ ਨੇ ਆਪੋ ਆਪਣੇ ਜ਼ਿਲ੍ਹਿਆਂ ਦੇ ਸਾਰੇ ਅਫਸਰਾਂ ਨੂੰ ਹਦਾਇਤਾਂ ਕੀਤੀਆਂ ਹਨ ਕਿ ਉਹ ਪਹਿਲ ਦੇ ਅਧਾਰ 'ਤੇ ਖੇਤਾਂ ਵਿੱਚੋਂ ਪਾਣੀ ਦੀ ਨਿਕਾਸੀ ਕਰਵਾਉਣ। ਜ਼ਿਕਰਯੋਗ ਹੈ ਕਿ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਸਵੇਰੇ 7 ਵਜੇ ਤੋਂ ਹੀ ਲੋਹੀਆਂ ਤੇ ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਦਾ ਦੌਰਾ ਕਰ ਰਹੇ ਸਨ। ਉਹਨਾਂ ਵੱਲੋਂ ਕੁਝ ਸਮਾਂ ਪਹਿਲਾਂ ਸੰਗਤਾਂ ਦੇ ਸਹਿਯੋਗ ਨਾਲ ਇਸ ਇਲਾਕੇ ਵਿੱਚ ਹੜ੍ਹਾਂ ਦੇ ਮੁੱਖ ਕਾਰਨ ਬਣਦੇ ਗਿੱਦੜਪਿੰਡੀ ਰੇਲਵੇ ਦੇ ਪੁਲ ਹੇਠੋਂ ਕਾਫੀ ਮਾਤਰਾ ਵਿੱਚ ਮਿੱਟੀ ਕੱਢੀ ਗਈ ਹੈ। ਜਿਸ ਨਾਲ ਹੁਣ ਤੱਕ ਇਸ ਇਲਾਕੇ ਨੂੰ ਬਹੁਤ ਰਾਹਤ ਮਿਲੀ ਹੈ ਪ੍ਰੰਤੂ ਹਲੇ ਵੀ ਇਹ ਕਾਰਜ ਅਧੂਰਾ ਹੈ, ਸੋ ਕੁਦਰਤ ਅੱਗੇ ਕੋਈ ਨਹੀਂ ਟਿਕ ਸਕਦਾ। ਇਸ ਲਈ ਉਨ੍ਹਾਂ ਖੁਦ ਪਿੰਡਾਂ ਦੇ ਲੋਕਾਂ ਨਾਲ ਮੁਲਾਕਾਤ ਕਰਕੇ ਪਿੰਡ ਵਾਸੀਆਂ ਨੂੰ ਲਗਾਤਾਰ ਬੰਨ੍ਹਾਂ 'ਤੇ ਨਿਗਰਾਨੀ ਰੱਖਣ ਤੇ ਅਧਿਕਾਰੀਆਂ ਨੂੰ ਅਗਾਂਹੂ ਤਿਆਰੀਆਂ ਰੱਖਣ ਦੀਆਂ ਹਦਾਇਤਾਂ ਕੀਤੀਆਂ।

## ਪੁਲਸ ਅਕੈਡਮੀ ਨੇੜਿਉਂ ਤੇ ਸ਼ਾਉਲੇ ਬੁਜਾੜ ਕੋਲੋਂ ਸਤਲੁਜ ਦਰਿਆ ਦਾ ਬੰਨ੍ਹ ਟੁੱਟਾ




**ਫਿਲੌਰ, (ਨਿਰਮਲ)**- ਪੰਜਾਬ ਪੁਲਸ ਅਕੈਡਮੀ ਫਿਲੌਰ ਦੇ ਪਿਛਲੇ ਪਾਸੇ ਸਤਲੁਜ ਦਰਿਆ ਦੇ ਬੰਨ੍ਹ ਅਤੇ ਪਿਛਲੇ ਪਿੰਡ ਸ਼ਾਉਲੇ ਬੁਜਾੜ ਸਾਹਿਬ ਨੇੜੇ ਵੱਖ ਵੱਖ ਥਾਵਾਂ ਤੋਂ ਬੰਨ੍ਹ ਟੁੱਟ ਗਿਆ ਜਿਸ ਕਰਕੇ ਆਲੇ ਦੁਆਲੇ ਦੇ ਇਲਾਕੇ ਅਤੇ ਅਨੇਕਾਂ ਪਿੰਡ ਪਾਣੀ ਦੀ ਮਾਰ ਹੇਠ ਆ ਗਏ। ਜ਼ਿਕਰਯੋਗ ਹੈ ਕਿ ਪੰਜਾਬ ਪੁਲਸ ਅਕੈਡਮੀ ਫਿਲੌਰ 'ਚ 10 ਜੁਲਾਈ ਨੂੰ ਹੋਣ ਵਾਲੀ ਪਾਸਿੰਗ ਆਊਟ ਪਰੇਡ ਵਿਚ 700 ਦੇ ਕਰੀਬ ਟ੍ਰੇਨੀਜ਼ ਨੇ ਭਾਗ ਲੈਣਾ ਸੀ ਜਿਸ ਕਰਕੇ ਉਨ੍ਹਾਂ ਤੋਂ ਇਲਾਵਾ ਉਨ੍ਹਾਂ ਦੇ ਪਰਵਾਰ ਵੀ ਪਾਸਿੰਗ ਆਊਟ ਪਰੇਡ ਦੇਖਣ ਲਈ ਆਏ ਹੋਏ ਸਨ, ਪਰ ਬੰਨ੍ਹ ਟੁੱਟਣ ਕਾਰਨ ਉਨ੍ਹਾਂ ਦੀਆਂ ਸੈਕੜੇ ਕਾਰਾਂ ਅਕੈਡਮੀ ਦੇ ਝੱਲ ਗਰਾਊਂਡ 'ਚ ਖੜ੍ਹੀਆਂ ਪਾਣੀ 'ਚ ਨੱਕੋ ਨੱਕ ਡੁੱਬ ਗਈਆਂ। ਸੂਚਨਾ ਮਿਲਦੇ ਹੀ ਆਮ ਆਦਮੀ ਪਾਰਟੀ ਫਿਲੌਰ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਫਿਲੌਰ ਅਤੇ ਪ੍ਰਸ਼ਾਸਨਿਕ ਅਧਿਕਾਰੀ ਏ.ਡੀ.ਸੀ. ਜਲੰਧਰ ਜਸਵੀਰ ਸਿੰਘ ਵੱਡੀ ਗਿਣਤੀ ਵਿਚ ਮੌਕੇ 'ਤੇ ਪਹੁੰਚ ਗਏ, ਉਨ੍ਹਾਂ ਦੱਸਿਆ ਕਿ ਪਿਛੋਂ 2 ਲੱਖ ਕਿਊਸਿਕ ਫੁੱਟ ਪਾਣੀ ਛੱਡਿਆ ਗਿਆ ਸੀ ਪਰ ਫਿਲੌਰ ਤੱਕ ਪਹੁੰਚਦੇ ਹੋਏ ਆਲੇ ਦਆਲੇ ਦੇ ਨਦੀਆਂ ਨਾਲਿਆਂ ਦਾ ਪਾਣੀ ਦਰਿਆ 'ਚ ਪੈਣ ਕਾਰਨ ਪਾਣੀ ਦਾ ਪੱਧਰ 3 ਲੱਖ ਕਿਊਸਿਕ ਫੁੱਟ ਦੇ ਕਰੀਬ ਪਹੁੰਚ ਗਿਆ ਸੀ ਪਰ ਹੁਣ ਇਸ ਵੇਲੇ ਢਾਈ ਲੱਖ ਕਿਊਸਿਕ ਫੁੱਟ ਦੇ ਕਰੀਬ ਪਾਣੀ ਚੱਲ ਰਿਹਾ ਹੈ। ਦੇਖਦੇ ਹੀ ਦੇਖਦੇ ਪੰਜਾਬ ਪੁਲਸ ਅਕੈਡਮੀ ਦੇ ਕਈ ਗਰਾਊਂਡ, ਅਕੈਡਮੀ ਪਿਛੇ ਬੱਚਿਆਂ ਵਾਲਾ ਕਬਰਸਤਾਨ ਅਤੇ ਨੇੜਲੀ ਸਮਸ਼ਾਨਘਾਟ ਵਾਲੇ ਇਲਾਕੇ ਪਾਣੀ 'ਚ ਡੁੱਬ ਗਏ। ਅਕੈਡਮੀ ਦੇ ਜਵਾਨਾਂ ਦੀਆਂ ਪਾਰਕਿੰਗ 'ਚ ਖੜ੍ਹੀਆਂ ਗੱਡੀਆਂ ਪਾਣੀ 'ਚ ਡੁੱਬ ਗਈਆਂ। ਜਾਣਕਾਰੀ ਮਿਲਦੇ ਹੀ ਆਲੇ ਦੁਆਲੇ ਦੇ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿਚ ਇਕੱਠੇ ਹੋ ਗਏ ਅਤੇ ਦਰਿਆ 'ਚ ਪਾੜ ਨੂੰ ਪੂਰਨ ਵਿਚ ਜੁਟ ਗਏ। ਪਾਣੀ ਦੇ ਵਧਦੇ ਪੱਧਰ ਕਾਰਨ ਇਲਾਕੇ ਦੇ ਲੋਕਾਂ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਸਥਿਤੀ ਤਣਾਓ ਪੂਰਨ ਹੈ। ਮੀਡੀਆ ਕਰਮੀ ਵੀ ਵੱਡੀ ਗਿਣਤੀ 'ਚ ਮੌਕੇ 'ਤੇ ਪਹੁੰਚੇ ਹੋਏ ਸਨ। ਆਪ ਆਗੂ ਰਜਿੰਦਰ ਸੰਧੂ ਆਪਣੇ ਸਾਥੀਆਂ ਸਮੇਤ ਪਿੰਡ ਸ਼ਾਉਲੇ ਵਾਲੇ ਬੰਨ 'ਤੇ ਮਿੱਟੀ ਪਾਉਣ ਲਈ ਪੁੱਜੇ ਹੋਏ ਸਨ। ਦਰਿਆ 'ਤੇ ਖੜ੍ਹੇ ਸਿਆਣਿਆਂ ਦਾ ਕਹਿਣਾ ਸੀ ਕਿ ਜੇ ਪਿੱਛੋਂ ਪਾਣੀ ਹੋਰ ਛੱਡ ਦਿੱਤਾ ਗਿਆ ਤਾਂ ਸੈਂਕੜੇ ਪਿੰਡ ਪਾਣੀ ਦੀ ਮਾਰ ਹੇਠ ਆ ਜਾਣਗੇ। ਐਸ ਡੀ ਓ ਡਰੇਨੇਜ, ਸਮਾਜ ਸੇਵੀ ਸੰਸਥਾਵਾਂ ਦੇ ਆਗੂ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂ ਵੱਡੀ ਗਿਣਤੀ 'ਚ ਮੌਕੇ 'ਤੇ ਹਾਜ਼ਰ ਸਨ।

## ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਭਵਨ ਦੇ ਪ੍ਰਧਾਨ ਦੀ ਵਿਵਾਦਤ ਵੀਡੀਓ ਵਾਇਰਲ



**ਗੁਰਾਇਆ (ਬਿੰਦਰ ਸੁੰਮਨ)**- ਨੇੜਲੇ ਪਿੰਡ ਵਿਰਕਾਂ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਭਵਨ ਦੇ ਪ੍ਰਧਾਨ ਰਣਜੀਤ ਲਾਲ ਦੀ ਇੱਕ ਲੱਚਰ ਗੀਤ ਵਾਲੀ ਵੀਡੀਉ ਸੋਸ਼ਲ ਮੀਡੀਆ ਤੇ ਕਾਫੀ ਵਾਇਰਲ ਹੋ ਰਹੀ ਹੈ, ਜਿਸ 'ਚ ਪ੍ਰਧਾਨ ਗੁਰਦੁਆਰਾ ਸਾਹਿਬ ਵਿਖੇ ਜਿੱਥੇ ਗੁਰੂ ਮਹਾਰਾਜ ਦਾ ਪ੍ਰਕਾਸ਼ ਹੋਇਆ ਹੈ, ਉਸ ਜਗ੍ਹਾ 'ਤੇ ਮੁੱਛਾਂ ਨੂੰ ਵੱਟ ਦੇ ਰਿਹਾ ਹੈ ਤੇ ਉਸ ਵੀਡੀਉ 'ਚ ਗੀਤ ਵੀ ਲਾਇਆ ਹੋਇਆ ਹੈ,ਜਿਸ ਨੂੰ ਲੈ ਕੇ ਕਾਫੀ ਵਿਵਾਦ ਪੈਦਾ ਹੋ ਗਿਆ ਹੈ ਅਤੇ ਸੰਗਤਾਂ ਵਿੱਚ ਕਾਫੀ ਗੁੱਸਾ ਪਾਇਆ ਜਾ ਰਿਹਾ ਹੈ। ਮਾਮਲਾ ਲਗਾਤਾਰ ਤੂਲ ਫੜਦਾ ਜਾ ਰਿਹਾ ਹੈ। ਮਾਮਲੇ ਨੂੰ ਲੈ ਕੇ ਪਿੰਡ ਚ ਵੱਖ ਵੱਖ ਸਿੱਖ ਜਥੇਬੰਦੀਆਂ,ਟਾਈਗਰ ਫੋਰਸ ਪੰਜਾਬ ਤੋ ਇਲਾਵਾ ਪਿੰਡ ਵਿਰਕਾ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਦਾ ਇਕੱਠ ਹੋਇਆ ਹੈ। ਟਾਈਗਰ ਫੋਰਸ ਪੰਜਾਬ ਦੇ ਮੁੱਖੀ ਜੱਸੀ ਤੱਲਣ, ਸਰਦਾਰ ਸੁਖਦੇਵ ਸਿੰਘ ਖਾਲਸਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਦੇ ਮੈਂਬਰ ਇੱਕਠੇ ਹੋਏ, ਉਨਾਂ ਕਿਹਾ ਕਿ ਗੁਰਦੁਆਰਾ ਸਾਹਿਬ 'ਚ ਵਾਪਰੀ ਇਹ ਘਟਨਾ ਮੰਦਭਾਗੀ ਹੈ ਅਤੇ ਜੇਕਰ ਪ੍ਰਧਾਨ ਖੁਦ ਅਜਿਹੀ ਹਰਕਤ ਕਰਦਾ ਹੈ ਤਾਂ ਸੰਗਤ ਨੂੰ ਕੀ ਸੰਦੇਸ਼ ਦੇਣਗੇ। ਪ੍ਰਧਾਨ ਨੂੰ ਇਸ ਹਰਕਤ ਲਈ ਮੁਆਫੀ ਮੰਗਣ ਲਈ ਕਿਹਾ ਸੀ ਪਰ ਰਣਜੀਤ ਲਾਲ ਨਾ ਤਾਂ ਪਿੰਡ ਦੇ ਗੁਰਦੁਆਰੇ ਸਾਹਿਬ 'ਚ ਆਇਆ ਨਾ ਹੀ ਗ੍ਰਾਮ ਪੰਚਾਇਤ ਤੇ ਨਾ ਹੀ ਪਿੰਡ ਵਾਸੀਆਂ ਦੇ ਇੱਕਠ ਵਿੱਚ। ਪਿੰਡ ਵਾਸੀਆਂ ਨੇ ਕਿਹਾ ਕਿ ਜੇਕਰ ਪ੍ਰਧਾਨ ਆਪਣੀ ਗਲਤੀ ਨਹੀ ਮੰਨਦਾ ਤਾਂ ਉਸ ਦੇ ਖਿਲਾਫ 295 ਦਾ ਮਾਮਲਾ ਦਰਜ ਕੀਤਾ ਜਾਵੇ। ਉਨਾਂ 11 ਜੁਲਾਈ ਤੱਕ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਨੂੰ ਮੁਆਫੀ ਮੰਗਣ ਦਾ ਸਮਾਂ ਦਿੱਤਾ ਗਿਆ। ਉਧਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਰਣਜੀਤ ਲਾਲ ਨੇ ਕਿਹਾ ਕਿ ਮੇਰੀ ਵੀਡੀਉ 'ਤੇ ਕਿਸੇ ਸ਼ਰਾਰਤੀ ਅਨਸਰ ਨੇ ਗੀਤ ਲਾ ਕੇ ਜਾਣਬੁੱਝ ਕੇ ਵਾਇਰਲ ਕਰ ਦਿੱਤੀ ਹੈ। ਉਸ ਨੇ ਗ੍ਰੰਥੀ ਸਿੰਘ ਦੇ ਨਾਲ ਜਾ ਕੇ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਆਪਣੀ ਗਲਤੀ ਦੀ ਮੁਆਫੀ ਮੰਗੀ ਹੈ, ਉਨਾਂ ਕਿਹਾ ਕਿ ਇਸ ਮਾਮਲੇ ਨੂੰ ਸਿਆਸੀ ਰੰਗ ਦਿੱਤਾ ਜਾ ਰਿਹਾ ਹੈ। ਉਹ ਆਪਣੀ ਗਲਤੀ ਲਈ ਮੁਆਫੀ ਮੰਗ ਚੁੱਕੇ ਹਨ।

## ਲਾਇਲਪੁਰ ਖ਼ਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ



**ਜਲੰਧਰ ( ਸ਼ੈਲੀ ਐਲਬਰਟ)** : ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਬੀ. ਡਿਜਾਇਨ (ਮਲਟੀ ਮੀਡੀਆ) ਪੰਜਵਾਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਸ਼ਾਂਤ ਸਿੰਘ ਠਾਕੁਰ ਨੇ 600 ਵਿਚੋਂ 530 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਪੰਜਵਾਂ ਸਥਾਨ ਹਾਸਲ ਕੀਤਾ। ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ।

ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਇਸ ਮੌਕੇ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ ਮੁਖੀ ਕੰਪਿਊਟਰ ਸਾਇੰਸ ਵਿਭਾਗ, ਪ੍ਰੋ. ਸੰਦੀਪ ਬਸੀ, ਪ੍ਰੋ. ਦਲਜੀਤ ਕੌਰ ਅਤੇ ਪ੍ਰੋ. ਨਵਨੀਤ ਕੌਰ ਵੀ ਹਾਜ਼ਰ ਸਨ ।

## ਪੁਲਸ ਨੇ ਵਿਅਕਤੀ ਪਾਸੋਂ ਦਸ ਕਿਲੋ ਭੁੱਕੀ ਕੀਤੀ ਬਰਾਮਦ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਪੁਲਸ ਚੌਕੀ ਬੇਲਾ ਨੇ ਵਿਅਕਤੀ ਕੋਲੋਂ 10 ਕਿਲੋ ਭੁੱਕੀ ਬਰਾਮਦ ਕੀਤੀ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਗੁਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਲਗਭਗ ਸਾਢੇ 9 ਵਜੇ ਬੇਲਾ ਚੌਕੀ ਇੰਚਾਰਜ ਸੰਜੀਵ ਕੁਮਾਰ ਨੇ ਪੁਲਸ ਪਾਰਟੀ ਸਮੇਤ ਪਿੰਡ ਜਟਾਣਾਂ ਦੇ ਟੀ-ਪੁਆਇੰਟ 'ਤੇ ਨਾਕਾ ਲਗਾਇਆ ਹੋਇਆ ਸੀ ਕਿ ਇੱਕ ਵਿਅਕਤੀ ਰੋਪੜ ਸਾਈਡ ਤੋਂ ਆਪਣੇ ਮੋਢੇ 'ਤੇ ਬੈਗ ਲਟਕਾ ਕੇ ਆ ਰਿਹਾ ਸੀ ਅਤੇ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਇੱਕਦਮ ਪਿੱਛੇ ਨੂੰ ਮੁੜਨ ਲੱਗਾ, ਜਿਸ 'ਤੇ ਪੁਲਸ ਨੂੰ ਉਸ 'ਤੇ ਸ਼ੱਕ ਹੋ ਗਿਆ। ਜਦੋਂ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਦੇ ਬੈਗ ਵਿੱਚੋਂ ਦਸ ਕਿਲੋ ਭੁੱਕੀ ਬਰਾਮਦ ਹੋਈ। ਇਸ ਵਿਅਕਤੀ ਨੇ ਆਪਣੀ ਪਹਿਚਾਣ ਜਰਨੈਲ ਸਿੰਘ ਪਿੰਡ ਰਾਏਪੁਰ ਵਜੋਂ ਦੱਸੀ। ਪੁਲਸ ਨੇ ਨਸ਼ਾ ਰੋਕੂ ਐਕਟ ਤਹਿਤ ਪਰਚਾ ਦਰਜ ਕਰਕੇ ਮੁਜਰਮ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

## ਸੇਂਟ ਸੋਲਜਰ ਦਾ ਵਿਦਿਆਰਥੀ ਪ੍ਰਥਮ ਬਣਿਆ ਸੀ ਏ



**ਜਲੰਧਰ (ਇਕਬਾਲ ਸਿੰਘ ਉੱਭੀ)**-ਇੰਸਟੀਚਿਊਟ ਆਫ ਚਾਰਟਰਡ ਅਕਾਊਂਟੈਂਟਸ ਆਫ ਇੰਡੀਆ (ਆਈ ਸੀ ਏ ਆਈ) ਵੱਲੋਂ ਲਈ ਗਈ ਸੀ ਏ ਦੀ ਪ੍ਰੀਖਿਆ ਦੇ ਐਲਾਨੇ ਨਤੀਜਿਆਂ ਦੀ ਸੂਚੀ 'ਚ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਦੇ ਵਿਦਿਆਰਥੀ ਪ੍ਰਥਮ ਸ਼ਰਮਾ ਨੇ ਆਪਣਾ ਨਾਂਅ ਦਰਜ ਕਰਵਾ ਕੇ ਸੰਸਥਾ ਦੇ ਨਾਲ-ਨਾਲ ਆਪਣਾ ਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ ਹੈ। ਸਕੂਲ ਡਾਇਰੈਕਟਰ ਸੁਖਦੇਵ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਪ੍ਰਥਮ ਬਹੁਤ ਮਿਹਨਤੀ ਹੈ ਤੇ ਉਸ ਨੇ ਪਹਿਲੀ ਹੀ ਕੋਸ਼ਿਸ਼ 'ਚ 60 ਫ਼ੀਸਦੀ ਅੰਕ ਪ੍ਰਾਪਤ ਕਰਦੇ ਹੋਏ ਪ੍ਰੀਖਿਆ ਦੇ ਤਿੰਨੋਂ ਲੈਵਲ ਕਲੀਅਰ ਕੀਤੇ ਹਨ। ਪ੍ਰਥਮ ਦੀ ਮਾਤਾ ਨੀਲਮ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਬੇਟੇ 'ਤੇ ਮਾਣ ਹੈ। ਉਨ੍ਹਾਂ ਨੇ ਸੇਂਟ ਸੋਲਜਰ ਸਕੂਲ ਦੇ ਸਟਾਫ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਸੇਂਟ ਸੋਲਜਰ ਨੇ ਹਮੇਸ਼ਾ ਅੱਗੇ ਵਧਣ ਲਈ ਉਸ ਦੇ ਬੇਟੇ ਦੀ ਮਦਦ ਕੀਤੀ ਹੈ। ਪ੍ਰਥਮ ਨੇ ਦੱਸਿਆ ਕਿ ਉਸ ਦੇ ਪਿਤਾ ਸਵ. ਵਿਨੀਸ਼ ਸ਼ਰਮਾ ਦਾ ਸੁਪਨਾ ਸੀ ਕਿ ਉਹ ਸੀ ਏ ਬਣੇ। ਇਸ ਲਈ ਉਸ ਨੇ ਸਖ਼ਤ ਮਿਹਨਤ ਕੀਤੀ ਤੇ ਸੇਂਟ ਸੋਲਜਰ ਸਕੂਲ ਦੇ ਸਟਾਫ ਨੇ ਹਰ ਕਦਮ 'ਤੇ ਉਸ ਦਾ ਸਾਥ ਦਿੱਤਾ। ਪ੍ਰਿੰਸੀਪਲ ਸ਼ੈਲੀ ਭੱਲਾ ਨੇ ਪ੍ਰਥਮ ਨੂੰ ਇਸ ਉਪਲਬਧੀ ਲਈ ਵਧਾਈ ਦਿੰਦਿਆਂ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਹੈਰੋਇਨ ਸਮੇਤ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ)** ਪੁਲਸ ਥਾਣਾ ਸਦਰ ਅਧੀਨ ਪੈਂਦੀ ਚੌਕੀ ਉੱਗੀ ਵੱਲੋਂ ਨਾਕੇਬੰਦੀ ਦੌਰਾਨ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਹੈ। ਚੌਕੀ ਇੰਚਾਰਜ ਏ.ਐਸ.ਆਈ ਉਮੇਸ਼ ਕੁਮਾਰ ਪਠਾਨੀਆਂ ਨੇ ਦੱਸਿਆ ਕਿ ਪੁਲਸ ਪਾਰਟੀ ਨੇ ਨਕੋਦਰ-ਕਪੂਰਥਲਾ ਮਾਰਗ ਰਹੀਮਪੁਰ ਗੇਟ 'ਤੇ ਨਾਕੇਬੰਦੀ ਦੌਰਾਨ ਕਾਲਾ ਸੰਘਿਆਂ ਵਾਲੀ ਸਾਈਡ ਤੋਂ ਪੈਦਲ ਆ ਰਹੇ ਵਿਅਕਤੀ ਨੂੰ ਰੋਕ ਕੇ ਪੁੱਛਗਿੱਛ ਦੌਰਾਨ ਚੈਕਿੰਗ ਕੀਤੀ ਤਾਂ ਉਸ ਦੇ ਹੱਥ ਵਿੱਚ ਲਿਫਾਫਾ ਫੜਿਆ ਹੋਇਆ ਸੀ, ਜਿਸ ਦੀ ਤਲਾਸ਼ੀ ਦੌਰਾਨ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਮੁਲਜ਼ਮ ਦੀ ਪਹਿਚਾਣ ਹਰਦੇਵ ਸਿੰਘ ਉਰਫ ਬੱਗਾ ਪੁੱਤਰ ਦੁੱਲਾ ਵਾਸੀ ਪਿੰਡ ਕੁਲਾਰ ਥਾਣਾ ਸਦਰ ਨਕੋਦਰ ਵਜੋਂ ਹੋਈ ਤੇ ਅਦਾਲਤ 'ਚ ਪੇਸ਼ ਕਰਕੇ ਉਸ ਨੂੰ ਜੇਲ੍ਹ ਭੇਜ ਦਿੱਤਾ ਗਿਆ ।

## ਸਾਥੀ ਹਰਭਜਨ ਸਿੰਘ ਹੁੰਦਲ ਨਹੀਂ ਰਹੇ



**ਫਗਵਾੜਾ (ਡਾ. ਰਮਨ)**- ਉੱਘੇ ਜਨਵਾਦੀ ਲੇਖਕ, ਜੁਝਾਰੂ ਟਰੇਡ ਯੂਨੀਅਨਿਸਟ ਅਤੇ ਸਮਾਜਕ ਤਬਦੀਲੀ ਦੇ ਮਾਨਵਤਾਵਤਾ ਸੰਗਰਾਮ ਦੇ ਬੇਖੌਫ ਤੇ ਮਿਸਾਲੀ ਸਿਪਾਹੀ ਸਾਥੀ ਹਰਭਜਨ ਸਿੰਘ ਹੁੰਦਲ ਸਦੀਵੀ ਵਿਛੋੜਾ ਦੇ ਗਏ ਹਨ। ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.), ਸਾਥੀ ਹੁੰਦਲ ਜਿਸ ਦੇ ਸੰਸਥਾਪਕਾਂ 'ਚੋਂ ਸਨ, ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ, ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ, ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, 'ਚਿਰਾਗ' ਤਿਮਾਹੀ ਦੇ ਸੰਪਾਦਕ ਡਾਕਟਰ ਕਰਮਜੀਤ ਸਿੰਘ, 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ, 'ਸੰਗਰਾਮੀ ਲਹਿਰ' ਦੇ ਮੈਨੇਜਰ ਗੁਰਦਰਸ਼ਨ ਬੀਕਾ, ਉੱਘੇ ਲੋਕ ਕਵੀ ਮੱਖਣ ਕੁਹਾੜ ਨੇ ਉਨ੍ਹਾਂ ਦੀ ਸਮਾਜ ਪ੍ਰਤੀ ਵਡਮੁੱਲੀ ਦੇਣ ਅਤੇ ਅਦੁੱਤੀ ਘਾਲਣਾਵਾਂ ਨੂੰ ਬੇਹਦ ਸਤਿਕਾਰ ਨਾਲ ਯਾਦ ਕਰਦਿਆਂ ਉਨ੍ਹਾਂ ਨੂੰ ਸੂਹੀ ਸ਼ਰਧਾਂਜਲੀ ਭੇਂਟ ਕੀਤੀ। ਆਗੂਆਂ ਨੇ ਇਸ ਦੁੱਖ ਦੀ ਘੜੀ ਵਿਚ ਸਾਥੀ ਹੁੰਦਲ ਦੇ ਪਰਵਾਰ ਨਾਲ ਆਪਣੀਆਂ ਸੰਵੇਦਨਾਵਾਂ ਸਾਂਝੀਆਂ ਕੀਤੀਆਂ ਹਨ।

## ਐਕਸ਼ਨ ਕਮੇਟੀ ਕਰੇਗੀ ਅਰਥੀ ਫੂਕ ਮੁਜ਼ਾਹਰੇ ਤੇ ਮੰਤਰੀ ਦੀ ਕੋਠੀ ਦਾ ਘਿਰਾਓ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਮਿਉਂਸਿਪਲ ਮੁਲਾਜ਼ਮ ਐਕਸ਼ਨ ਕਮੇਟੀ ਦੀ ਇੱਕ ਮੀਟਿੰਗ ਸਰਦਾਰੀ ਲਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਕਨਵੀਨਰ ਰਮੇਸ਼, ਕੋ-ਕਨਵੀਨਰ ਕੁਲਵੰਤ ਸਿੰਘ ਸੈਣੀ, ਅਸ਼ੋਕ ਕੁਮਾਰ ਸ਼ਾਹਵਾਨ ਫਰੀਦਕੋਟ, ਗੋਪਾਲ ਥਾਪਰ ਕਪੂਰਥਲਾ, ਸੁਰਿੰਦਰ ਕੁਮਾਰ, ਸੰਜੇ ਧੀਰ, ਮਹੇਸ਼ ਕੁਮਾਰ, ਜੀ ਐਮ ਸਿੰਘ, ਬਲਵਿੰਦਰ ਸਿੰਘ ਖਰੜ, ਲਲਿਤ ਕੁਮਾਰ, ਸੁਰੇਸ਼ ਕੁਮਾਰ ਨੰਗਲ ਅਤੇ ਸਰਪ੍ਰਸਤ ਕੁਲਦੀਪ ਸ਼ਰਮਾ ਵੀ ਸ਼ਾਮਲ ਹੋਏ। ਮੀਟਿੰਗ ਦੌਰਾਨ ਸਾਰੇ ਬੁਲਾਰਿਆਂ ਪੰਜਾਬ ਸਰਕਾਰ ਵੱਲੋਂ ਮੰਗਾਂ ਨਾ ਮੰਨਣ ਅਤੇ ਟਾਲਮਟੋਲ ਨਾਲ ਸਮਾਂ ਕੱਢਣ ਦੀ ਨੀਤੀ ਦਾ ਗੰਭੀਰ ਨੋਟਿਸ ਲਿਆ। ਮੀਟਿੰਗ ਦੌਰਾਨ ਹਾਜ਼ਰ ਸਮੂਹ ਸਾਥੀਆਂ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ ਸਰਕਾਰ ਦੀਆਂ ਨਾਕਾਮੀਆਂ ਨੂੰ ਦੇਖਦੇ ਹੋਏ 12-13-14 ਜੁਲਾਈ ਨੂੰ ਪੂਰੇ ਪੰਜਾਬ ਵਿਚ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ ਅਤੇ ਇਸ ਤੋਂ ਬਾਅਦ ਜ਼ੋਨਲ ਵਾਈਜ਼ ਮੰਤਰੀ ਦੀ ਕੋਠੀ ਦਾ ਘਿਰਾਉ ਕੀਤਾ ਜਾਵੇਗਾ। ਕਿਉਂਕਿ ਸਰਕਾਰ ਵੋਟਾਂ ਤੋਂ ਪਹਿਲਾਂ ਕੀਤੇ ਹੋਏ ਵਾਅਦਿਆਂ ਤੋਂ ਮੁੱਕਰ ਰਹੀ ਹੈ ਅਤੇ ਨਗਰ ਕੌਂਸਲਾਂ ਤੇ ਕਾਰਪੋਰੇਸ਼ਨਾਂ ਵਿੱਚੋਂ ਪੁਰਾਣੇ ਮੁਲਾਜ਼ਮ ਕੱਢ ਕੇ ਨਵੀਂ ਰੱਖ ਰਹੀ ਹੈ। ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਥੇਬੰਦੀ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ ਪਹਿਲਾਂ ਹੀ 23 ਮਈ 2023 ਨੂੰ ਮੰਗ ਪੱਤਰ ਦਿੱਤਾ ਜਾ ਚੁੱਕਾ ਹੈ ਅਤੇ 23 ਜੂਨ 23 ਨੂੰ ਉਸ ਦਾ ਡਿਮਾਂਡ ਵੀ ਭੇਜਿਆ ਗਿਆ ਸੀ। ਪਰ ਸਰਕਾਰ ਦੇ ਸਿਰ 'ਤੇ ਜੂੰ ਤੱਕ ਨਹੀਂ ਸਰਕੀ। ਜਿਸ ਕਰਕੇ ਐਕਸ਼ਨ ਕਮੇਟੀ ਨੂੰ ਮਜਬੂਰੀ ਵੱਸ ਸੰਘਰਸ਼ ਦਾ ਇਹ ਫੈਸਲਾ ਲੈਣਾ ਪਿਆ।

## ਤੇਜ ਬਾਰਿਸ਼ ਕਾਰਨ ਹੜ੍ਹ ਵਰਗੀ ਸਥਿਤੀ ਬਣੀ

**ਕਰਤਾਰਪੁਰ (ਹਰਮੇਸ਼ ਦੱਤ )** ਪੰਜਾਬ ਵਿੱਚ ਹੋ ਰਹੀ ਤੇਜ ਬਾਰਿਸ਼ ਕਾਰਨ ਕਈ ਥਾਵਾਂ 'ਤੇ ਹੜ੍ਹ ਵਰਗੀ ਸਥਿਤੀ ਬਣ ਚੁੱਕੀ ਹੈ ਪ੍ਰੰਤੂ ਪੰਜਾਬ ਸਰਕਾਰ ਵੱਲੋ ਹਰ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਤਿਆਰੀ ਕੀਤੀ ਹੋਈ ਹੈ। ਐਮਰਜੰਸੀ ਹਲਾਤਾਂ ਨਾਲ ਨਜਿੱਠਣ ਲਈ ਕੈਬਨਿਟ ਮੰਤਰੀ ਬਲਕਾਰ ਸਿੰਘ ਵੱਲੋਂ ਚੰਡੀਗੜ੍ਹ ਦੇ ਸਾਰੇ ਰੁਝੇਵੇਂ ਛੱਡ ਕੇ ਜਲੰਧਰ ਵਿੱਚ ਪੈਂਦੇ ਸਤਲੁਜ ਦਰਿਆ ਦੇ ਨਾਲ ਲੱਗਦੇ ਇਲਾਕੇ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਰਾਜ ਸਭਾ ਮੈਂਬਰ ਸੰਤ ਬਲਵੀਰ ਸਿੰਘ, ਡੀ ਸੀ ਜਲੰਧਰ ਵਿਸ਼ੇਸ਼ ਸਾਰੰਗਲ ਅਤੇ ਲੋਕਲ ਪ੍ਰਸ਼ਾਸਨ ਵੀ ਹਾਜਰ ਸੀ, ਜਿਨ੍ਹਾਂ ਆਮ ਲੋਕਾਂ ਨਾਲ ਗੱਲ-ਬਾਤ ਕੀਤੀ ਤੇ ਉਹਨਾਂ ਨੂੰ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਦਿੱਤਾ।

## ਡੀ ਸੀ ਵੱਲੋਂ ਸ਼ਾਹਕੋਟ ਦੇ 50 ਹੜ੍ਹ ਸੰਭਾਵਤ ਪਿੰਡਾਂ ਨੂੰ ਖਾਲੀ ਕਰਵਾਉਣ ਦੇ ਹੁਕਮ

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**-ਖ਼ਰਾਬ ਮੌਸਮ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਉਪ ਮੰਡਲ ਮੈਜਿਸਟ੍ਰੇਟ ਸ਼ਾਹਕੋਟ ਨੂੰ ਅਹਿਤਿਆਤ ਦੇ ਤੌਰ 'ਤੇ 50 ਨੀਵੇਂ ਅਤੇ ਹੜ੍ਹਾਂ ਸੰਭਾਵਿਤ ਪਿੰਡਾਂ ਨੂੰ ਖਾਲੀ ਕਰਵਾਉਣ ਲਈ ਕਿਹਾ ਹੈ ਤਾਂ ਜੋ ਜੇਕਰ ਹੜ੍ਹਾਂ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਇਨ੍ਹਾਂ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਬਚਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਐਤਵਾਰ ਨੂੰ ਸੰਵੇਦਨਸ਼ੀਲ ਪਿੰਡਾਂ ਦਾ ਦੌਰਾ ਕਰਦਿਆਂ ਲੋਕਾਂ ਨਾਲ ਗੱਲਬਾਤ ਕੀਤੀ । ਉਨ੍ਹਾਂ ਅਧਿਕਾਰੀਆਂ ਨੂੰ ਦਰਿਆ ਦੇ ਪਾਣੀ ਦੇ ਪੱਧਰ ਤੇ ਨੇੜਿਓਂ ਨਜ਼ਰ ਰੱਖਣ ਲਈ ਜ਼ਰੂਰੀ ਨਿਰਦੇਸ਼ ਵੀ ਜਾਰੀ ਕੀਤੇ ਤਾਂ ਜੋ ਲੋੜੀਂਦੇ ਪ੍ਰਬੰਧ ਸਮੇਂ ਸਿਰ ਕੀਤੇ ਜਾ ਸਕਣ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਸਮਿਆਂ ਦੌਰਾਨ ਹੜ੍ਹਾਂ ਦੀ ਮਾਰ ਹੇਠ ਆਉਣ ਵਾਲੇ ਪਿੰਡਾਂ ਵਿੱਚ ਰਹਿਣ ਵਾਲੀ ਆਬਾਦੀ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਹਿਤਿਆਤੀ ਤੌਰ 'ਤੇ ਇਹ ਹੁਕਮ ਜਾਰੀ ਕੀਤੇ ਗਏ ਹਨ । ਉਨ੍ਹਾਂ ਅੱਗੇ ਦੱਸਿਆ ਕਿ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੂੰ ਸਬ ਡਵੀਜ਼ਨ ਵਿੱਚ ਇੰਚਾਰਜਾਂ ਵਜੋਂ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਸਥਿਤੀ ਤੇ ਨੇੜਿਓਂ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੂੰ ਸ਼ਾਹਕੋਟ ਬਲਾਕ ਦਾ ਇੰਚਾਰਜ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੂੰ ਲੋਹੀਆਂ ਬਲਾਕ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨੂੰ ਫਿਲੌਰ ਅਤੇ ਸਕੱਤਰ ਜ਼ਿਲ੍ਹਾ ਪ੍ਰੀਸ਼ਦ ਨੂੰ ਮਹਿਤਪੁਰ ਬਲਾਕ ਦਾ ਇੰਚਾਰਜ ਲਗਾਇਆ ਗਿਆ ਹੈ। । ਇਨ੍ਹਾਂ ਅਧਿਕਾਰੀਆਂ ਨੂੰ ਸਮੁੱਚੀ ਸਥਿਤੀ ਦੀ ਨਿਗਰਾਨੀ ਕਰਨ ਲਈ ਆਪੋ-ਆਪਣੇ ਬਲਾਕਾਂ ਵਿੱਚ ਤਾਇਨਾਤ ਰਹਿਣ ਲਈ ਕਿਹਾ ਗਿਆ ਹੈ।

ਡਿਪਟੀ ਕਮਿਸ਼ਨਰ ਵੱਲੋਂ ਉਪ ਮੰਡਲ ਮੈਜਿਸਟ੍ਰੇਟ ਸ਼ਾਹਕੋਟ ਨੂੰ ਜਿੰਨ੍ਹਾਂ ਪਿੰਡਾਂ ਨੂੰ ਜਲਦ ਤੋਂ ਜਲਦ ਖਾਲੀ ਕਰਵਾਉਣ ਲਈ ਕਿਹਾ ਗਿਆ ਹੈ ਉਨ੍ਹਾਂ ਵਿੱਚ ਬੂੜੇਵਾਲ, ਚੱਕ ਹਾਥੀਵਾਲਾ, ਨਰੰਗਪੁਰ, ਪਰਜੀਆਂ ਖੁਰਦ, ਗੇਹਲਣ, ਭਦੋ, ਦਾਨੇਵਾਰ, ਬਾਊਪੁਰ, ਰਾਮੇਤਾਹਰਪੁਰ, ਸਾਂਦ, ਰਾਮਪੁਰ, ਫਖਰੂਵਾਲ, ਸੰਢਾਂਵਾਲ, ਫਾਜਲਵਾਲ, ਸਾਹਲਾਪੁਰ, ਐਦਲਪੁਰ, ਬਾਜਵਾ ਕਲਾਂ, ਲੰਗੇਵਾਲ, ਭੋਏਪੁਰ, ਥੰਮੂਵਾਲ, ਬਾਹਮਣੀਆਂ, ਚੱਕ ਬਾਹਮਣੀਆਂ, ਤਾਹਰਪੁਰ, ਰਾਮੇ, ਚੱਕ ਰਾਮੇ, ਸਮੈਲਪੁਰ, ਫਤਹਿਪੁਰ ਭਗਵਾਂ, ਚੱਕ ਗਦਈਪੁਰ, ਗੱਟੀ ਪੀਰ ਬਖ਼ਸ਼, ਰਾਏਪੁਰ, ਜੱਕੋਪੁਰ ਕਲਾਂ, ਗੱਟੀ ਰਾਏਪੁਰ, ਜਾਨੀਆ ਚਾਹਲ, ਜਾਨੀਆ, ਕੋਠਾ, ਚੱਕ ਬੁਡਾਲਾ, ਮਰਾਜਵਾਲਾ, ਮੁੰਡੀ ਕਾਸੂ, ਮੁੰਡੀ ਚੋਹਲੀਆਂ, ਮੁੰਡੀ ਸ਼ੈਹਰੀਆਂ, ਗੱਟਾ ਮੁੰਡੀ ਕਾਸੂ, ਪੜਾਣਾ, ਨਸੀਰਪੁਰ, ਮੰਡਾਲਾ, ਮੁੰਡੀ ਕਾਲੂ, ਕੁਤਬੀਵਾਲ, ਗਿੱਦੜਪਿੰਡੀ, ਯੂਸਫਪੁਰ ਆਲੇਵਾਲ, ਯੂਸਫ਼ਪੁਰ ਦਾਰੇਵਾਲ ਅਤੇ ਚੱਕ ਯੂਸਫ਼ਪੁਰ ਆਲੇਵਾਲ ਸ਼ਾਮਲ ਹਨ। ਇਨ੍ਹਾਂ ਸਥਾਨਾਂ 'ਤੇ ਤਾਇਨਾਤ ਅਧਿਕਾਰੀਆਂ ਨੂੰ ਆਪੋ-ਆਪਣੇ ਸਟੇਸ਼ਨ ਨਾ ਛੱਡਣ ਅਤੇ ਆਪਣੇ ਮੋਬਾਈਲ 24 ਘੰਟੇ ਚਾਲੂ ਰੱਖਣ ਲਈ ਕਿਹਾ ਗਿਆ ਹੈ ਤਾਂ ਜੋ ਕੋਈ ਅਣਸੁਖਾਵੀਂ ਸਥਿਤੀ ਪੈਦਾ ਹੋਣ ਤੇ ਤਾਲਮੇਲ ਨਾਲ ਯਤਨ ਕੀਤੇ ਜਾ ਸਕਣ ।

## ਸਰਕਾਰ ਸੰਘਰਸ਼ ਦੀ ਅਵਾਜ਼ ਜਬਰ ਨਾਲ ਨਹੀਂ ਦਬਾਅ ਸਕਦੀ : ਅਜਨੋਹਾ



**ਮੋਹਟੀਆਣਾ( ਜਗਤਾਰ ਸਿੰਘ ਭੂੰਗਰਨੀ)**-ਆਪਣੀਆਂ ਸੇਵਾਵਾਂ ਰੈਗੂਲਰ ਕਰਵਾਉਣ ਲਈ ਸੰਘਰਸ਼ ਕਰ ਰਹੇ ਕੱਚੇ ਮੁਲਾਜਮਾਂ ਦੀਆਂ ਸੇਵਾਵਾਂ ਖਤਮ ਕਰਨਾ ਲੋਕਤੰਤਰਿਕ ਸਰਕਾਰ ਦੀ ਨਿਸ਼ਾਨੀ ਨਹੀਂ ਹੈ। ਸਰਕਾਰ ਸੰਘਰਸ਼ਸ਼ੀਲ ਜੱਥੇਬੰਦੀਆਂ ਨੂੰ ਦਬਾਉਣ ਲਈ ਉਨ੍ਹਾਂ ਦੇ ਆਗੂਆਂ ਦੀਆਂ ਸੇਵਾਵਾਂ ਖਤਮ ਕਰਕੇ ਸੰਘਰਸ ਨੂੰ ਦਬਾਅ ਨਹੀਂ ਸਕਦੀ। ਇਸਦੇ ਨਾਲ ਸਰਕਾਰ ਵਿਰੁੱਧ ਸੰਘਰਸ਼ ਹੋਰ ਤੇਜ ਕੀਤਾ ਜਾਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕੋਟ ਫਤੂਹੀ ਦੇ ਜੀ.ਟੀ.ਯੂ ਪ੍ਰਧਾਨ ਨਰਿੰਦਰ ਅਜਨੋਹਾ , ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ ਅਤੇ ਸੱਤਪਾਲ ਲੱਠ ਨੇ ਬਿਆਨ ਜਾਰੀ ਕਰਦਿਆਂ ਕੀਤਾ। ਇੱਕ ਪਾਸੇ ਸਰਕਾਰ ਕੱਚੇ ਮੁਲਾਜਮਾਂ ਦੇ ਤਨਖਾਹ ਵਾਧੇ ਨੂੰ ਹੀ ਪੱਕੇ ਕਰਨ ਦੇ ਵੱਡੇ-ਵੱਡੇ ਇਸ਼ਤਿਹਾਰ ਲਗਾ ਕੇ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰ ਰਹੀ ਅਤੇ ਦੂਜੇ ਪਾਸੇ ਇਹਨਾਂ ਮੁਲਾਜਮਾਂ ਦੀ ਅਵਾਜ ਨੂੰ ਪੁਲਸ ਤਸ਼ੱਦਦ ਕਰਕੇ ਅਤੇ ਸੇਵਾਵਾਂ ਖਤਮ ਕਰਕੇ ਬੰਦ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਆਗੂਆਂ ਵਲੋਂ ਕਿਹਾ ਗਿਆ ਕਿ ਸਰਕਾਰ ਕੱਚੇ ਮੁਲਾਜਮਾਂ ਨੂੰ ਪ੍ਰੇਸ਼ਾਨ ਕਰਨ ਦੀ ਬਜਾਏ ਇਹਨਾਂ ਨੂੰ ਰੈਗੂਲਰ ਕਰਕੇ ਆਪਣਾ ਚੋਣਾਂ ਦੌਰਾਨ ਕੀਤਾ ਵਾਅਦਾ ਪੂਰਾ ਕਰੇ। ਇਸ ਮੌਕੇ ਸੰਦੀਪ ਕੁਮਾਰ, ਸੰਜੀਵ ਕੁਮਾਰ, ਅਵਤਾਰ ਸਿੰਘ, ਮਨਜਿੰਦਰ ਸਿੰਘ ਲੱਕੀ, ਭੂਸ਼ਣ ਸਿੰਘ, ਜਸਵਿੰਦਰ ਸਿੰਘ, ਸੁਖਜਿੰਦਰ ਸਿੰਘ ਅਤੇ ਗੁਰਸੇਵਕ ਸਿੰਘ ਮੌਜੂਦ ਸਨ।

## ਕੈਬਨਿਟ ਮੰਤਰੀ ਤੇ ਰਾਜ ਸਭਾ ਮੈਂਬਰ ਵੱਲੋਂ ਹੜ੍ਹਾਂ ਤੋਂ ਸੁਰੱਖਿਆ ਸੰਬੰਧੀ ਕਾਰਜਾਂ ਦੀ ਸਮੀਖਿਆ

**ਜਲੰਧਰ ( ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)** -ਕੈਬਨਿਟ ਮੰਤਰੀ ਬਲਕਾਰ ਸਿੰਘ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਗਿੱਦੜਪਿੰਡੀ ਵਿਖੇ ਹੜ੍ਹ ਸੰਭਾਵਿਤ ਇਲਾਕਿਆਂ ਦਾ ਤੂਫ਼ਾਨੀ ਦੌਰਾ ਕੀਤਾ ਅਤੇ ਮੌਜੂਦਾ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲਿਆ। ਆਗੂਆਂ ਨੇ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਹੜ੍ਹ ਸੰਵੇਦਨਸ਼ੀਲ ਪਿੰਡਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਲਗਾਤਾਰ ਮੀਂਹ ਦੇ ਮੱਦੇਨਜ਼ਰ ਚੌਕਸ ਰਹਿਣ ਲਈ ਕਿਹਾ। ਉਨ੍ਹਾਂ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਨੂੰ ਹੜ੍ਹਾਂ ਤੋਂ ਬਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹੜ੍ਹ ਵਰਗੀ ਸਥਿਤੀ ਨਾਲ ਨਜਿੱਠਣ ਲਈ ਪ੍ਰਸ਼ਾਸਨ ਵੱਲੋਂ ਸਾਰੇ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਹੜ੍ਹਾਂ ਤੋਂ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪੱਧਰ 'ਤੇ ਪਹਿਲਾਂ ਹੀ ਹੜ੍ਹ ਕੰਟਰੋਲ ਰੂਮ ਸਥਾਪਤ ਕੀਤਾ ਜਾ ਚੁੱਕਾ ਹੈ ਅਤੇ ਸੀਨੀਅਰ ਅਧਿਕਾਰੀਆਂ ਵੱਲੋਂ ਸਾਰੀ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਤਲੁਜ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਸਬੰਧਤ ਵਿਭਾਗਾਂ ਵੱਲੋਂ ਲੋੜੀਂਦੇ ਸੁਰੱਖਿਆ ਕਾਰਜ ਪਹਿਲਾਂ ਹੀ ਕੀਤੇ ਜਾ ਚੁੱਕੇ ਹਨ।

## ਭਾਰੀ ਮੀਂਹ ਕਾਰਨ ਇਲਾਕਾ ਚਮਕੌਰ ਸਾਹਿਬ ਜਲਥਲ ਹੋਇਆ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਬੀਤੀ ਰਾਤ ਤੋਂ ਪੈ ਰਹੇ ਭਾਰੀ ਮੀਂਹ ਕਾਰਨ ਇਲਾਕਾ ਸ੍ਰੀ ਚਮਕੌਰ ਸਾਹਿਬ ਜਲਥਲ ਹੋ ਗਿਆ। ਸਥਾਨਕ ਬੁਰਜ਼ੇ ਰੋਡ 'ਤੇ ਸਥਿਤ ਇੰਦਰਾਂ ਕਲੋਨੀ ਵਿੱਚ ਨਿਕਾਸੀ ਨਾਲਾ ਓਵਰ ਫਲੋਅ ਹੋ ਕੇ 7 ਤੋਂ 8 ਫੁੱਟ ਪਾਣੀ ਬਸਤੀ ਵਾਸੀਆਂ ਦੇ ਘਰਾਂ ਵਿੱਚ ਵੜ ਗਿਆ। ਜਿਸ ਕਾਰਨ ਉਨ੍ਹਾਂ ਦਾ ਜ਼ਰੂਰੀ ਸਮਾਨ ਘਰਾਂ ਦੇ ਅੰਦਰ ਹੀ ਪਾਣੀ ਦੀ ਲਪੇਟ 'ਚ ਆ ਗਿਆ। ਕਲੋਨੀ ਵਾਸੀ ਗੁਰਮੀਤ ਸਿੰਘ, ਕੁਲਵਿੰਦਰ ਰਾਮ, ਪੂਜਾ, ਕਿਰਨਾਂ, ਮੁੰਨੀ, ਮੰਗਾ ਨੇ ਦੱਸਿਆ ਕਿ ਬੀਤੀ ਰਾਤ ਨਿਕਾਸੀ ਨਾਲੇ ਦਾ ਪਾਣੀ ਉਨ੍ਹਾਂ ਦੇ ਘਰਾਂ ਵਿੱਚ ਦਾਖਲ ਹੋ ਗਿਆ, ਜਿਸ ਕਾਰਨ ਉਹ ਘਰ ਦੀ ਵਰਤੋਂ ਦਾ ਘਰੇਲੂ ਸਮਾਨ ਵੀ ਨਹੀਂ ਚੁੱਕ ਸਕੇ। ਉਨ੍ਹਾਂ ਆਪਣੇ ਬੱਚਿਆਂ, ਜਾਨਵਰਾਂ ਤੇ ਬਜ਼ੁਰਗਾਂ ਨੂੰ ਬੜੀ ਮੁਸ਼ਕਲ ਨਾਲ ਪਾਣੀ ਵਿੱਚੋਂ ਬਾਹਰ ਕੱਢਿਆ। ਬਸਤੀ ਵਾਸੀਆਂ ਨੇ ਰੋਸ ਜ਼ਾਹਰ ਕਰਦਿਆਂ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਉਨ੍ਹਾਂ ਦੀ ਕਲੋਨੀ ਵਿੱਚ ਨਿਕਾਸੀ ਪਾਣੀ ਲਈ ਸੀਵਰੇਜ ਪਾਇਆ ਗਿਆ ਸੀ, ਪ੍ਰੰਤੂ ਲੰਮੇ ਸਮੇਂ ਤੋਂ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਸੀਵਰੇਜ ਦੀ ਸਫਾਈ ਨਹੀਂ ਕੀਤੀ ਗਈ। ਜਿਸ ਕਾਰਨ ਮੀਂਹ ਦੇ ਪਾਣੀ ਦਾ ਨਿਕਾਸ ਨਹੀਂ ਹੋਇਆ ਅਤੇ ਸਾਰਾ ਪਾਣੀ ਲੋਕਾਂ ਦੇ ਘਰਾਂ ਵਿੱਚ ਵੜ ਗਿਆ। ਇਸੇ ਤਰ੍ਹਾਂ ਖਾਲਸਾ ਕਲੋਨੀ ਵਾਰਡ ਨੰ. 11 ਵਿੱਚ ਵੀ ਨਿਕਾਸੇ ਨਾਲੇ ਦਾ ਪਾਣੀ ਓਵਰ ਫਲੋਅ ਹੋ ਕੇ ਕਲੋਨੀ ਵਿੱਚ ਦਾਖਲ ਹੋ ਕੇ ਲੋਕਾਂ ਦੇ ਘਰਾਂ ਵਿੱਚ ਵੜ ਗਿਆ। ਇਸੇ ਤਰਾਂ ਸੰਧੂਆਂ ਰੋਡ 'ਤੇ ਕਾਫੀ ਪਾਣੀ ਭਰ ਗਿਆ ਹੈ, ਜਿਸ ਕਾਰਨ ਆਵਾਜਾਈ ਵਿੱਚ ਵੀ ਵਿਘਨ ਪਿਆ।

## ਸਿਵਲ ਹਸਪਤਾਲ 'ਚ ਮਰੀਜ਼ਾਂ ਨੂੰ ਖਾਣਾ ਮੁਹੱਈਆ ਕਰਵਾਉਣਾ ਸ਼ਲਾਘਾਯੋਗ : ਇੰਸਪੈਕਟਰ ਸੁਰਜੀਤ ਸਿੰਘ

**ਫਗਵਾੜਾ (ਰਮਨ ਸ਼ਰਮਾ)** ਯੂਥ ਵਾਇਸ ਫਾਊਂਡੇਸ਼ਨ ਦੀ ਤਰਫੋਂ ਹਫਤਾਵਾਰੀ ਪ੍ਰੋਜੈਕਟ ਤਹਿਤ ਸਥਾਨਕ ਸਿਵਲ ਹਸਪਤਾਲ ਵਿਖੇ ਇਲਾਜ ਅਧੀਨ ਮਰੀਜ਼ਾਂ ਨੂੰ ਦੁਪਹਿਰ ਦਾ ਖਾਣਾ ਦਿੱਤਾ ਗਿਆ ਜਿਸ ਦਾ ਉਦਘਾਟਨ ਥਾਣਾ ਸਦਰ ਫਗਵਾੜਾ ਦੇ ਐੱਸ.ਐੱਚ.ਓ ਸੁਰਜੀਤ ਸਿੰਘ ਨੇ ਕੀਤਾ। ਇਸ ਐੱਸ.ਐਮ.ਓ.ਡਾ.ਲਹਿੰਬਰ ਰਾਮ, ਡਾ. ਰਾਜੇਸ਼ ਚੰਦਰ ਅਤੇ ਖੱਤਰੀ ਸਮਾਜ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਦੇ ਪ੍ਰਧਾਨ ਰਮਨ ਨਹਿਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਮਰੀਜ਼ਾਂ ਨੂੰ ਭੋਜਨ ਵੰਡਣ ਦੀ ਸੇਵਾ ਆਪਣੇ ਹੱਥੀਂ ਨਿਭਾਈ। ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਐਸ.ਐਚ.ਓ ਸਦਰ ਨੇ ਕਿਹਾ ਕਿ ਇਹ ਬਹੁਤ ਹੀ ਪੁੰਨ ਦਾ ਕੰਮ ਹੈ ਅਤੇ ਪ੍ਰਮਾਤਮਾ ਦੀ ਕਿਰਪਾ ਨਾਲ ਹੀ ਅਜਿਹੀ ਸੇਵਾ ਕਰਨ ਦਾ ਮੌਕਾ ਮਿਲਦਾ ਹੈ। ਇਸ ਦੌਰਾਨ ਐੱਸ.ਐਮ.ਓ.ਡਾ.ਲਹਿੰਬਰ ਰਾਮ ਨੇ ਵੀ ਫਾਊਂਡੇਸ਼ਨ ਦੇ ਇਸ ਸਥਾਈ ਪ੍ਰੋਜੈਕਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਤੌਰ ਐੱਸ.ਐਮ.ਓ.ਉਨ੍ਹਾਂ ਦੀ ਅਤੇ ਹਸਪਤਾਲ ਦੇ ਸਮੁੱਚੇ ਸਟਾਫ ਦੀ ਇਹ ਕੋਸ਼ਿਸ਼ ਹੈ ਕਿ ਹਸਪਤਾਲ 'ਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਫਾਊਂਡੇਸ਼ਨ ਪ੍ਰਧਾਨ ਗਗਨਦੀਪ ਢੱਟ ਅਤੇ ਸਕੱਤਰ ਨੰਦ ਸੋਨੀ ਨੇ ਦੱਸਿਆ ਕਿ ਸਥਾਨਕ ਸਿਵਲ ਹਸਪਤਾਲ ਵਿੱਚ ਇਹ ਸੇਵਾ ਹਫਤੇ ਵਿੱਚ ਦੋ ਵਾਰ ਪੱਕੇ ਤੌਰ 'ਤੇ ਕੀਤੀ ਜਾਂਦੀ ਹੈ। ਇਸ ਮੌਕੇ ਫਾਊਂਡੇਸ਼ਨ ਦੇ ਅਧਿਕਾਰੀ ਅਤੇ ਹਸਪਤਾਲ ਸਟਾਫ ਮੈਂਬਰ ਹਾਜ਼ਰ ਸਨ।

## ਰੇਲ ਮੰਤਰਾਲੇ ਵੱਲੋਂ 'ਅੰਮ੍ਰਿਤ ਭਾਰਤ ਸਟੇਸ਼ਨ' ਤਹਿਤ ਵਿਕਾਸ ਕਾਰਜਾਂ ਦਾ ਨੀਂਹ ਪੱਥਰ



**ਹੁਸ਼ਿਆਰਪੁਰ/ਫਗਵਾੜਾ (ਬਲਵੀਰ ਸਿੰਘ ਸੈਣੀ, ਰਮਨ ਸ਼ਰਮਾ)**- ਰੇਲਵੇ ਮੰਤਰਾਲੇ ਨੇ ਸਟੇਸ਼ਨਾਂ ਦੇ ਆਧੁਨਿਕੀਕਰਨ ਲਈ ਅੰਮ੍ਰਿਤ ਭਾਰਤ ਸਟੇਸ਼ਨ ਸਕੀਮ ਨਾਂਅ ਦੀ ਨਵੀਂ ਨੀਤੀ ਬਣਾਈ ਹੈ। ਅੰਮ੍ਰਿਤ ਭਾਰਤ ਯੋਜਨਾ ਲਈ ਫਿਰੋਜ਼ਪੁਰ ਡਵੀਜ਼ਨ ਦੇ 18 ਰੇਲਵੇ ਸਟੇਸ਼ਨਾਂ ਦੀ ਚੋਣ ਕੀਤੀ ਗਈ ਹੈ, ਜਿਨ੍ਹਾਂ 'ਚ ਲੁਧਿਆਣਾ, ਜਲੰਧਰ ਛਾਉਣੀ, ਜੰਮੂ ਤਵੀ, ਫਗਵਾੜਾ, ਹੁਸ਼ਿਆਰਪੁਰ, ਫਿਰੋਜ਼ਪੁਰ ਛਾਉਣੀ, ਮੁਕਤਸਰ, ਫਾਜ਼ਿਲਕਾ, ਕੋਟਕਪੂਰਾ, ਢੰਡਾਰੀ ਕਲਾਂ, ਫਿਲੌਰ, ਮੋਗਾ, ਪਠਾਨਕੋਟ, ਗੁਰਦਾਸਪੁਰ, ਯੂ.ਬੈਜਨਾਥ ਪਪਰੋਲਾ, ਬਡਗਾਮ ਅਤੇ ਕਪੂਰਥਲਾ ਸਟੇਸ਼ਨ । ਕਰੀਬ 1133 ਕਰੋੜ ਰੁਪਏ ਦੀ ਲਾਗਤ ਨਾਲ ਇਨ੍ਹਾਂ ਸਟੇਸ਼ਨਾਂ ਨੂੰ ਅਪਗ੍ਰੇਡ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਿਆਸ, ਅੰਮ੍ਰਿਤਸਰ, ਜਲੰਧਰ ਸਿਟੀ, ਪਾਲਮਪੁਰ, ਪਠਾਨਕੋਟ ਕੈਂਟ, ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਰੇਲਵੇ ਸਟੇਸ਼ਨਾਂ 'ਤੇ ਮਾਸਟਰ ਪਲਾਨ ਬਣਾਉਣ ਲਈ ਕੰਸਲਟੈਂਸੀ ਦਾ ਕੰਮ ਚੱਲ ਰਿਹਾ ਹੈ। ਸਨਿਚਰਵਾਰ ਕੇਂਦਰੀ ਵਣਜ ਅਤੇ ਉਦਯੋਗ ਰਾਜ ਮੰਤਰੀ ਨੇ ਭਾਰਤ ਸਰਕਾਰ ਸੋਮ ਪ੍ਰਕਾਸ਼ ਨੇ ਫਗਵਾੜਾ ਅਤੇ ਹੁਸ਼ਿਆਰਪੁਰ ਰੇਲਵੇ ਸਟੇਸ਼ਨਾਂ 'ਤੇ ਆਮ ਜਨਤਾ ਦੀ ਸਹੂਲਤ ਲਈ ਅੰਮ੍ਰਿਤ ਭਾਰਤ ਸਟੇਸ਼ਨ ਦੇ ਤਹਿਤ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਇਸ ਦੇ ਨਾਲ ਹੀ ਰਾਜ ਮੰਤਰੀ ਨੇ ਫਗਵਾੜਾ ਸਟੇਸ਼ਨ 'ਤੇ ਨਵੇਂ ਬਣੇ ਫੁੱਟਓਵਰ ਬ੍ਰਿਜ ਤੇ ਫਸਟ ਕਲਾਸ ਵੇਟਿੰਗ ਹਾਲ ਦਾ ਉਦਘਾਟਨ ਕੀਤਾ ਤੇ ਗੇਟ ਨੰਬਰ 79 ਤੇ 80 'ਤੇ 5-5 ਮੀਟਰ ਦੇ ਦੋ ਅੰਡਰਪਾਸ ਦਾ ਨੀਂਹ ਪੱਥਰ ਰੱਖਿਆ। ਫਗਵਾੜਾ ਸਟੇਸ਼ਨ 'ਤੇ ਪਲੇਟਫਾਰਮ ਸ਼ੈਲਟਰ, 2.5 ਲੱਖ ਲੀਟਰ ਦੀ ਸਮਰੱਥਾ ਵਾਲਾ ਓਵਰਹੈੱਡ ਟੈਂਕ 2.60 ਕਰੋੜ ਰੁਪਏ, ਸਰਕੂਲੇਟਿੰਗ ਏਰੀਆ, ਯਾਤਰੀ ਸੁਵਿਧਾ ਅਪਗ੍ਰੇਡੇਸ਼ਨ 2.56 ਕਰੋੜ, ਸਾਫਟ ਅੱਪਗ੍ਰੇਡ, ਸਟੇਸ਼ਨ ਬਿਲਡਿੰਗ ਪ੍ਰਵੇਸ਼ ਦੁਆਰ, ਪਲੇਟਫਾਰਮ ਸ਼ੈਲਟਰ, ਟਾਇਲਟ ਬਲਾਕ, ਦੂਜੇ ਪ੍ਰਵੇਸ਼ ਦੁਆਰ 'ਤੇ ਰਾਸ਼ਟਰੀ ਝੰਡਾ, ਉੱਚ ਪੱਧਰ ਦਾ ਨਿਰਮਾਣ ਪਲੇਟਫਾਰਮ, 12.50 ਕਰੋੜ,12 ਮੀਟਰ ਫੁੱਟ ਓਵਰਬ੍ਰਿਜ ਦਾ ਨਿਰਮਾਣ 13.64 ਕਰੋੜ, ਦੋ ਲੂਸ 79 ਅਤੇ 80 7.6 ਕਰੋੜ ਦਾ ਨਿਰਮਾਣ ਤੇ 4690 ਕਰੋੜ ਦੀ ਲਾਗਤ ਨਾਲ ਵੰਦੇ ਭਾਰਤ ਰੇਲ ਰੂਟ ਦੇ ਨਿਰਮਾਣ ਦੇ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ ਜੋ ਕਿ ਜਲਦੀ ਹੀ ਸ਼ੁਰੂ ਹੋ ਜਾਵੇਗਾ । ਇਸ ਮੌਕੇ ਅਨੀਤਾ ਸੋਮ ਪ੍ਰਕਾਸ਼, ਡੀ.ਆਰ.ਐਮ ਨਾਰਦਨ ਰੇਲਵੇ ਡਾ. ਸੀਮਾ ਸ਼ਰਮਾ, ਐਸ.ਡੀ.ਐਮ.ਫਗਵਾੜਾ ਜੈ ਇੰਦਰ ਸਿੰਘ, ਅਵਤਾਰ ਮੰਡ, ਅਰੁਣ ਖੋਸਲਾ, ਦੇਵ ਸ਼ਰਮਾ, ਰਾਜੀਵ ਪਾਹਵਾ, ਸੁਰਿੰਦਰ ਚੋਪੜਾ, ਦੇਵ ਸ਼ਰਮਾ, ਵਿੱਕੀ ਸੂਦ, ਗਗਨ ਸੋਨੀ, ਸੋਨੂੰ ਰਾਵਲਪਿੰਡੀ, ਨਰੇਸ਼ ਕੋਟਰਾਣੀ, ਸੰਜੈ ਗਰੋਵਰ, ਪਰਮਜੀਤ ਖੁਰਾਣਾ, ਨਿਤਨ ਚੱਢਾ, ਅਮਿਤ ਸ਼ੁਕਲਾ, ਜਸਵਿੰਦਰ ਕੌਰ, ਸਿੰਮੀ ਨਾਰੰਗ, ਅਮਿਤ ਸਚਦੇਵਾ, ਹੈਪੀ ਬਰੋਕਰ, ਚੰਦਰੇਸ਼ ਕੌਲ, ਬੀਰਾ ਰਾਮ, ਚਰਨਜੀਤ ਗੋਬਿੰਦਪੁਰਾ, ਮਧੂ ਭੂਸ਼ਣ ਕਾਲੀਆ, ਵਿਪਨ ਬੇਦੀ, ਰਜਿੰਦਰ ਕੌਰ ਡਾਬਰੀ, ਰਸਮੀ ਕਾਲੜਾ, ਮਨਿੰਦਰ ਕੌਰ, ਸੰਗੀਤਾ ਓਂਕਾਰ ਨਗਰ, ਮਨਜੀਤ ਕੌਰ, ਸੋਨੀਆ ਮਹਿਤ, ਪਰਮਜੀਤ ਕੌਰ ਕੰਬੋਜ, ਮਾਸਟਰ ਰੇਸ਼ਮ, ਕੁਲਵਿੰਦਰ ਗੋਬਿੰਦਪੁਰਾ, ਰਾਮਪਾਲ, ਭੋਲੀ ਸ਼ਾਮ ਨਗਰ ਤੇ ਹੋਰ ਭਾਜਪਾ ਆਗੂ ਵੀ ਹਾਜ਼ਰ ਸਨ।

## ਚੱਕ ਸਾਧੂ ਤੋਂ ਚੱਗਰਾਂ ਤੱਕ ਬਣੀ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਦਾ ਉਦਘਾਟਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੇਂਦਰੀ ਵਣਜ ਅਤੇ ਉਦਯੋਗ ਰਾਜ ਮੰਤਰੀ ਸੋਮ ਪ੍ਰਕਾਸ਼ ਤੇ ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਸਾਂਝੇ ਤੌਰ 'ਤੇ ਅੱਜ ਸ਼ਾਮ 7 ਕਰੋੜ 53 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਚੱਕ ਸਾਧੂ ਤੋਂ ਪਿੰਡ ਚੱਗਰਾਂ ਤੱਕ ਬਣੀ 10.47 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਕੀਤਾ। ਇਸ ਦੌਰਾਨ ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨਾਲ ਮਿਲ ਕੇ ਕੇਂਦਰੀ ਯੋਜਨਾਵਾਂ ਤਹਿਤ ਵੱਧ ਤੋਂ ਵੱਧ ਵਿਕਾਸ ਕਾਰਜ ਕਰਵਾਏ ਜਾਣਗੇ, ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਦੌਰਾਨ ਸਾਬਕਾ ਕੈਬਨਿਟ ਮੰਤਰੀ ਤੀਕਸ਼ਨ ਸੂਦ, ਮੇਅਰ ਸੁਰਿੰਦਰ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਲਰਾਜ ਸਿੰਘ ਵੀ ਮੌਜੂਦ ਸਨ। ਕੇਂਦਰੀ ਰਾਜ ਮੰਤਰੀ ਤੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਸ਼ਿਆਰਪੁਰ ਵਿਚ ਕੇਂਦਰ ਅਤੇ ਰਾਜ ਸਰਕਾਰ ਦੀਆਂ ਯੋਜਨਾਵਾਂ ਰਾਹੀਂ ਸੜਕ ਨੈੱਟਵਰਕ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਹੋਰ ਕਈ ਮਹੱਤਵਪੂਰਨ ਸੜਕਾਂ ਦਾ ਨਿਰਮਾਣ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ ਬਣਾਈ ਗਈ ਇਹ ਸੜਕ ਪਿੰਡ ਚੱਕ ਸਾਧੂ ਤੋਂ ਸ਼ੁਰੂ ਹੋ ਕੇ ਪਿੰਡ ਮੰਨਣ, ਬੱਸੀ ਹਸਤ ਖਾਂ ਹੁੰਦੀ ਹੋਈ ਮਲਮਾਜਾਰਾ ਤੇ ਬਹਾਦਰਪੁਰ ਬਾਹੀਆਂ ਤੋਂ ਹੁੰਦੀ ਹੋਈ ਚੰਡੀਗੜ੍ਹ ਰੋਡ ਚੱਗਰਾਂ ਵਿਚ ਨਿਕਲੇਗੀ, ਜਿਸ ਨਾਲ ਗਵਾਂਢੀ ਰਾਜ ਹਿਮਾਚਲ ਪ੍ਰਦੇਸ਼ ਤੋਂ ਆਉਣ ਵਾਲੀ ਆਵਾਜਾਈ ਨੂੰ ਵੀ ਬਹੁਤ ਫਾਇਦਾ ਪਹੁੰਚੇਗਾ। ਉਨ੍ਹਾਂ ਦੱਸਿਆ ਕਿ ਭਵਿੱਖ ਦੀਆਂ ਜ਼ਰੂਰਤਾਂ ਦੇ ਮੱਦੇਨਜ਼ਰ ਇਸ ਪ੍ਰੋਜੈਕਟ ਨਾਲ ਲੋਕਾਂ ਨੂੰ ਬਹੁਤ ਲਾਭ ਮਿਲੇਗਾ ਅਤੇ ਹੁਣ ਸ਼ਹਿਰ ਵਿਚ ਆਉਣ ਵਾਲੇ ਵੱਡੇ ਟ੍ਰੈਫਿਕ ਨੂੰ ਬਾਹਰ ਤੋਂ ਹੀ ਚੰਡੀਗੜ੍ਹ ਰੋਡ ਲਈ ਤਬਦੀਲ ਕੀਤਾ ਜਾ ਸਕੇਗਾ। ਕੈਬਨਿਟ ਮੰਤਰੀ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਲੈ ਕੇ ਤਤਪਰ ਹੈ। ਇਸ ਦੌਰਾਨ ਉਨ੍ਹਾਂ ਨੇ ਕੇਂਦਰੀ ਰਾਜ ਮੰਤਰੀ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਸਰਕਾਰ ਦੇ ਆਰ.ਡੀ.ਐਫ ਫੰਡ ਨੂੰ ਜਲਦ ਜਾਰੀ ਕਰਕੇ ਪੰਜਾਬ ਦੇ ਪੇਂਡੂ ਵਿਕਾਸ ਵਿਚ ਸਹਿਯੋਗ ਕਰੇ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਸਰਪੰਚ ਹਰਜਿੰਦਰ ਕੌਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

CMYK

## ਸਰਹਿੰਦ ਨਹਿਰ 'ਚ ਝਾੜੀਆਂ ਫਸਣ ਕਾਰਨ ਵਿਭਾਗ ਚੌਕਸ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਭਾਰੀ ਮੀਂਹ ਕਾਰਨ ਇੱਥੇ ਨਹਿਰ ਸਰਹਿੰਦ ਦੇ ਪੁਲ ਥੱਲੇ ਫਸੀਆਂ ਝਾੜੀਆਂ ਨੇ ਅੱਜ ਨਹਿਰੀ ਵਿਭਾਗ ਨੂੰ ਹੱਥਾਂ ਪੈਰਾਂ ਦੀ ਪਾ ਦਿੱਤੀ, ਕਿਉਂਕਿ ਇਨ੍ਹਾਂ ਝਾੜੀਆਂ ਕਾਰਨ ਪੁਲ ਦੇ ਹੇਠਾਂ ਤੋਂ ਪਾਣੀ ਦਾ ਲਾਂਘਾ ਬਿਲਕੁਲ ਸੁਸਤ ਰਫਤਾਰ ਹੋ ਗਿਆ ਤੇ ਨਹਿਰ ਵਿਚ ਪਾਣੀ ਵੀ ਇਕੱਠਾ ਹੋਣਾ ਸ਼ੁਰੂ ਹੋ ਗਿਆ। ਇਹ ਝਾੜੀਆਂ ਪਿਛਲੇ ਦੋ ਦਿਨਾਂ ਤੋਂ ਪੈ ਰਹੇ ਮੀਂਹ ਕਾਰਨ ਨਹਿਰ ਵਿਚ ਆਈਆਂ ਹਨ ਅਤੇ ਪਹਾੜਾਂ ਵਿੱਚ ਵੀ ਰੋਜ਼ਾਨਾ ਪੈ ਰਹੇ ਮੀਂਹ ਦੇ ਕਾਰਨ ਇਹ ਝਾੜੀਆਂ ਪਾਣੀ ਦੇ ਤੇਜ਼ ਵਹਾਅ ਕਾਰਨ ਪੁਲ ਦੇ ਹੇਠਾਂ ਫਸ ਗਈਆਂ ਹਨ । ਇਨ੍ਹਾਂ ਫਸੀਆਂ ਝਾੜੀਆਂ ਨੂੰ ਸਵੇਰ ਤੋਂ ਹੀ ਨਹਿਰੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਦਿਹਾੜੀਦਾਰ ਲਗਾ ਕੇ ਹਟਾਇਆ ਗਿਆ। ਨਹਿਰੀ ਵਿਭਾਗ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਪਹਾੜਾਂ ਅਤੇ ਇਲਾਕੇ ਵਿਚ ਪਏ ਭਾਰੀ ਮੀਂਹ ਕਾਰਨ ਨਹਿਰ ਵਿਚ ਹੜ੍ਹ ਕੇ ਆਈਆਂ ਵੱਡੀਆਂ-ਵੱਡੀਆਂ ਝਾੜੀਆਂ ਤੇ ਘਾਹ ਫੂਸ ਨਹਿਰ ਦੇ ਪੁਲ ਥੱਲੇ ਬਣੇ ਬੀਮਾਂ ਵਿੱਚ ਆ ਕੇ ਫਸ ਗਏ ਅਤੇ ਕਰੀਬ 15 ਤੋਂ 20 ਮੀਟਰ ਤੱਕ ਇਹ ਝਾੜੀਆਂ ਫਸ ਗਈਆਂ ਹਨ, ਜਿਨ੍ਹਾਂ ਕਾਰਨ ਪਾਣੀ ਦੇ ਵਹਾਅ ਵਿੱਚ ਰੁਕਾਵਟ ਪੈਦਾ ਹੋ ਗਈ।

## ਚਰਨ ਸਿੰਘ ਰਾਜੋਵਾਲ ਕਾਂਗਰਸ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਨਿਯੁਕਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਨੂਰਮਹਿਲ ਕਸਬੇ ਤੋਂ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ ਚਰਨ ਸਿੰਘ ਰਾਜੋਵਾਲ ਨੂੰ ਜ਼ਿਲ੍ਹਾ ਜਲੰਧਰ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਹੈ । ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਰਾਜੋਵਾਲ ਦੀਆਂ ਪਾਰਟੀ ਪ੍ਰਤੀ ਸਰਗਰਮੀਆਂ ਨੂੰ ਦੇਖਦਿਆਂ ਹੋਇਆਂ ਇਹ ਮਾਣ ਸਨਮਾਨ ਦਿੱਤਾ ਹੈ । ਲਾਡੀ ਨੇ ਦੱਸਿਆ ਕਿ ਚਰਨ ਸਿੰਘ ਰਾਜੋਵਾਲ ਮੁੱਢ ਤੋਂ ਪਾਰਟੀ ਪ੍ਰਤੀ ਵਫਾਦਾਰ ਰਹੇ ਹਨ । ਰਾਜੋਵਲ ਨੇ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹੁਣ ਵੀ ਪੂਰੀ ਤਰ੍ਹਾਂ ਨਾਲ ਕਾਂਗਰਸ ਪਾਰਟੀ ਨੂੰ ਸਮਰਪਿਤ ਹਨ ਅਤੇ ਤਨ ਮਨ ਧੰਨ ਨਾਲ ਦਿਨ ਰਾਤ ਪਾਰਟੀ ਦੀ ਸੇਵਾ ਕਰਦੇ ਰਹਿਣਗੇ

## ਏ ਜੀ ਆਈ ਗਲੋਬਲ ਸਕੂਲ ਜਲੰਧਰ ਹਾਈਟਸ 2 'ਚ ਵਣ ਮਹਾਉਤਸਵ ਦਿਵਸ ਮਨਾਇਆ



**ਜਲੰਧਰ (ਰਾਜੇਸ਼ ਥਾਪਾ )**-ਸ਼ਹਿਰ ਦੇ ਸਰਵੋਤਮ ਆਧੁਨਿਕ ਸਕੂਲਾਂ ਵਿੱਚੋਂ ਇੱਕ ਏਜੀਆਈ ਗਲੋਬਲ ਸਕੂਲ ਜਲੰਧਰ ਹਾਈਟਸ 2 ਨੇ ਸਕੂਲ ਦੇ ਵਿਹੜੇ ਵਿੱਚ ਵਣ ਮਹਾਂਉਤਸਵ ਮਨਾਇਆ। ਸਟਾਫ ਅਤੇ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਵਣ ਮਹਾਉਤਸਵ ਦਿਵਸ ਨੂੰ ਹਰ ਸਾਲ ਇੱਕ ਹਫਤੇ ਤੱਕ ਰੁੱਖ ਲਗਾਏ ਜਾਣ ਦੀ ਮਹੱਤਤਾ ਬਾਰੇ ਸਕੂਲ ਦੇ ਬੱਚਿਆਂ ਨੂੰ ਕਈ ਤਰੀਕਿਆਂ ਨਾਲ ਸਿੱਖਿਆ ਦੇ ਕੇ ਮਨਾਇਆ। ਬੱਚਿਆਂ ਨੇ ਰੁੱਖ ਲਗਾਉਣ ਲਈ ਕਈ ਗਤੀਵਿਧੀਆਂ ਵਿੱਚ ਹਿੱਸਾ ਲਿਆ ਕਿਉਂਕਿ ਇਹ ਦਿਨ ਜੰਗਲਾਤ ਤਿਉਹਾਰ ਵਜੋਂ ਵੀ ਮਨਾਇਆ ਜਾਂਦਾ ਹੈ। ਸਕੂਲ ਦੀ ਚੇਅਰਪਰਸਨ ਸ੍ਰੀਮਤੀ ਸਲਵਿੰਦਰਜੀਤ ਕੌਰ ਨੇ ਵੀ ਬੱਚਿਆਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰਨ ਅਤੇ ਬੱਚਿਆਂ ਵਿੱਚ ਰੁੱਖ ਲਗਾਉਣ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਅਧਿਆਪਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਜੁਲਾਈ ਦਾ ਪਹਿਲਾ ਹਫਤਾ ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਰੁੱਖ ਲਗਾਉਣ ਦਾ ਸਹੀ ਸਮਾਂ ਹੈ ਕਿਉਂਕਿ ਇਹ ਮਾਨਸੂਨ ਦੇ ਨਾਲ ਮੇਲ ਖਾਂਦਾ ਹੈ।

## ਸਕੂਲ ਆਫ ਐਮੀਨੈਂਸ ਵਿਖੇ ਪ੍ਰਿੰਸੀਪਲ ਵੱਲੋਂ ਸਮਰ ਕੈਂਪ ਦਾ ਉਦਘਾਟਨ



**ਦਸੂਹਾ (ਲਵਜੀਤ ਸਿੰਘ)** -ਸਕੂਲ ਆਫ ਐਮੀਨੈਂਸ ਸਰਕਾਰੀ ਸੀਨੀਅਰ ਸਕੈਂਡਰੀ ਸਮਾਰਟ ਸਕੂਲ ਦਸੂਹਾ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਮਰ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਪ੍ਰਿੰਸੀਪਲ ਗੁਰਦਿਆਲ ਸਿੰਘ ਨੇ ਰੀਬਨ ਕੱਟ ਕੇ ਸਮਰ ਕੈਂਪ ਦਾ ਉਦਘਾਟਨ ਕੀਤਾ। ਕੈਂਪ ਵਿੱਚ ਵਿਦਿਆਰਥੀਆਂ ਦੇ ਸਮਾਜਿਕ , ਸਰੀਰਕ ਅਤੇ ਸਿਰਜਨਾਤਮਿਕ ਵਿਕਾਸ ਲਈ ਕਸਰਤ, ਖੇਡਾਂ, ਪੇਂਟਿੰਗ ਗੋਲ ਦਾਇਰੇ ਦੀਆਂ ਗਤੀਵਿਧੀਆਂ, ਕਹਾਣੀ ਸੁਣੋ, ਵਾਤਾਵਰਣ ਅਤੇ ਪਾਣੀ ਦੀ ਸੰਭਾਲ ਅਤੇ ਸਭਿਆਚਾਰਕ ਗਤੀਵਿਧੀਆਂ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਗੀਤਾ ਰਾਣੀ, ਸੁਮਨ ਰਤਨ,ਸਰਬਜੀਤ ਕੌਰ, ਸਰਬਜੀਤ ਕੌਰ ਬੋਦਲ, ਜਸਵੀਰ ਕੌਰ , ਕਮਲਜੀਤ ਡੋਗਰਾ, ਹਰਪ੍ਰੀਤ ਕੌਰ, ਸੁਖਦੀਪ ਕੌਰ ,ਨੀਲਮ ਕੁਮਾਰੀ ,ਸੰਤੋਸ਼ ਕੁਮਾਰੀ, ਸੁਖਵਿੰਦਰ ਕੌਰ, ਸੁਰਜੀਤ ਸਿੰਘ, ਚੇਤਨ, ਦਿਆਲ, ਰੀਪਕ ਸਰਮਾ, ਲਖਵਿੰਦਰ ਸਿੰਘ, ਸੰਦੀਪ ਸਿੰਘ ਆਦਿ ਸਮੇਤ ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।



**ਪਿੰਡ ਖੋਜਕੀਪੁਰ ਵਿਖੇ ਗੁਰਦੁਆਰਾ ਸਾਹਿਬ ਦੀ ਨਵੀਂ ਬਣਾਈ ਜਾ ਰਹੀ ਇਮਾਰਤ ਦਾ ਉਦਘਾਟਨ ਕਰਦੇ ਹੋਏ ਡੇਰਾ ਮਹਾਨ ਪੁਰੀ ਸਾਹਰੀ ਦੇ ਸੰਤ ਬਲਵੀਰ ਦਾਸ, ਸਰਪੰਚ ਤੁਲਸੀ ਰਾਮ ਅਤੇ ਕਮੇਟੀ ਮੈਂਬਰ ਤੇ ਨਗਰ ਨਿਵਾਸੀ ਹਾਜ਼ਰ ਸਨ (ਫੋਟੋ ਤੇ ਵੇਰਵਾ : ਪਰਮਜੀਤ ਸਿੰਘ )**

# ਚਮਕੌਰ ਸਾਹਿਬ 'ਚ ਭਾਰੀ ਬਾਰਸ਼ ਨਾਲ ਹਾਲਾਤ ਚਿੰਤਾਜਨਕ

**☛ ਸਤਲੁਜ ਦਰਿਆ ਦਾ ਪਾਣੀ ਖਤਰੇ ਦੇ ਨਿਸ਼ਾਨ ਦੇ ਨੇੜੇ ☛ ਸੀਸਵਾਂ ਅਤੇ ਬੁਧਕੀ ਨਦੀਆਂ ਦੇ ਬੰਨ੍ਹ ਟੁੱਟੇ**



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੋਬੀ)**-ਭਾਰੀ ਬਰਸਾਤ ਕਾਰਨ ਚਮਕੌਰ ਸਾਹਿਬ ਅਤੇ ਨੇੜੇ ਪੈਂਦੇ ਬੇਟ ਅਤੇ ਹੋਰ ਇਲਾਕਿਆਂ ਦੇ ਹਾਲਤ ਗੰਭੀਰ ਬਣੇ ਹੋਏ ਹਨ। ਜਿੱਥੇ ਸਤਲੁਜ ਦਰਿਆ ਵਿੱਚ ਪਾਣੀ ਦਾ ਸਤਰ ਵਧਣ ਨਾਲ ਸਥਿਤੀ ਗੰਭੀਰ ਬਣੀ ਹੋਈ ਹੈ , ਉੱਥੇ ਬੇਟ ਖੇਤਰ ਦੇ ਪਿੰਡਾਂ ਸਮੇਤ ਸਮੁਚੇ ਇਲਾਕੇ ਵਿੱਚ ਹਾਲਤ ਚਿੰਤਾਜਨਕ ਬਣੀ ਹੋਈ ਹੈ । ਸਤਲੁਜ ਦੀਆਂ ਸਹਾਇਕ ਨਦੀਆਂ ਸੀਸਵਾਂ ਅਤੇ ਬੁਧਕੀ ਦੇ ਬੰਨ੍ਹ ਟੁੱਟਣ ਨਾਲ ਮੰਡ ਖੇਤਰ ਦੇ ਪਿੰਡਾਂ ਲਈ ਵੀ ਖਤਰਾ ਪੈਦਾ ਹੋ ਗਿਆ ਹੈ ਤੇ ਦਰਜਨਾਂ ਪਿੰਡ ਪਾਣੀ ਦੀ ਲਪੇਟ ਵਿੱਚ ਆਉਣ ਕਾਰਨ ਮਾਲੀ ਨੁਕਸਾਨ ਹੋਣ ਦਾ ਖਤਰਾ ਵਧ ਗਿਆ ਹੈ । ਇਨ੍ਹਾਂ ਦੋਵਾਂ ਨਦੀਆਂ ਦੇ ਬੰਨ੍ਹ ਟੁੱਟਣ ਕਾਰਨ ਡੀ ਐਸ ਪੀ ਜਰਨੈਲ ਸਿੰਘ, ਥਾਣਾ ਮੁਖੀ ਗੁਰਜੀਤ ਸਿੰਘ ਅਤੇ ਬੇਲਾ ਪੁਲਸ ਚੌਕੀ ਦੇ ਇੰਚਾਰਜ ਸੰਜੀਵ ਭਨੋਟ ਆਪਣੀਆਂ ਟੀਮਾਂ ਰਾਹੀਂ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਅਗਾਊਂ ਸੁਚੇਤ ਕਰ ਰਹੇ ਹਨ ਤਾਂ ਜੋ ਕਿ ਕਿਸੇ ਵੀ ਪਿੰਡ ਵਿਚ ਕੋਈ ਜਾਨੀ ਨੁਕਸਾਨ ਨਾ ਹੋ ਸਕੇ । ਇੱਥੋਂ ਦੀ ਇੰਦਰਾ ਕਾਲੋਨੀ ਵਿੱਚ ਵੀ ਬਰਸਾਤ ਦਾ ਚਾਰ ਤੋਂ ਪੰਜ ਫੁੱਟ ਪਾਣੀ ਘਰਾਂ ਵਿੱਚ ਜਾ ਵੜਿਆ ਜਿਸ ਕਾਰਨ ਜਿੱਥੇ ਕਾਲੋਨੀ ਵਾਸੀਆਂ ਦਾ ਅਨਾਜ ਜਾਂ ਹੋਰ ਖਾਧ ਪਦਾਰਥ ਖਰਾਬ ਹੋ ਗਏ ਹਨ, ਉੱਥੇ ਹੋਰ ਸਮਾਨ ਸਮੇਤ ਅਨੇਕਾਂ ਇਲੈਕਟ੍ਰਾਨਿਕ ਉਪਕਰਨ ਵੀ ਖਰਾਬ ਹੋ ਗਏ ਹਨ । ਫੌਰੀ ਰਾਹਤ ਦੇ ਤੌਰ 'ਤੇ ਪ੍ਰਸ਼ਾਸਨ ਵੱਲੋਂ ਕਾਲੋਨੀ ਨਿਵਾਸੀਆਂ ਨੂੰ ਸਿਟੀ ਸੈਂਟਰ ਜਾਂ ਹੋਰ ਸੁਰੱਖਿਅਤ ਥਾਵਾਂ ਤੇ ਪਨਾਹ ਦਿੱਤੀ ਜਾ ਰਹੀ ਹੈ । ਨਜ਼ਦੀਕੀ ਪਿੰਡ ਰੁੜਕੀ ਹੀਰਾਂ ਨੇੜੇ ਖੇਤਾਂ ਦੇ ਤੇਜ਼ ਵਹਾਅ ਪਾਣੀ ਨੇ ਸੂਏ ਦੀਆਂ ਸਲੈਬਾਂ ਹੜ੍ਹਾਂ ਦਿੱਤੀਆਂ ਹਨ। ਪਿੰਡ ਦੇ ਸਰਪੰਚ ਹਰਜਿੰਦਰ ਸਿੰਘ ਲਾਲੀ ਨੇ ਦੱਸਿਆ ਕਿ ਉਕਤ ਸੂਏ ਨੂੰ ਕੁਝ ਸਮਾਂ ਪਹਿਲਾਂ ਹੀ ਪੱਕਾ ਕੀਤਾ ਗਿਆ ਸੀ ਪਰ ਪਾਣੀ ਦੇ ਤੇਜ਼ ਵਹਾਅ ਨੇ ਸੂਏ 'ਤੇ ਕੀਤੇ ਕੰਮਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਸੂਏ ਨੂੰ ਪੱਕਾ ਕਰਨ ਦੇ ਕੰਮਾਂ ਦੀ ਜਾਂਚ ਕੀਤੀ ਜਾਵੇ । ਦੂਜੇ ਪਾਸੇ ਉਸਾਰੀ ਅਧੀਨ ਚਮਕੌਰ ਸਾਹਿਬ ਮੋਰਿੰਡਾ ਸੜਕ ਕਈ ਥਾਵਾਂ ਤੋਂ ਧਸ ਗਈ ਹੈ । ਇਸੇ ਤਰ੍ਹਾਂ ਚਮਕੌਰ ਸਾਹਿਬ ਰੈਲੋਂ ਮਾਰਗ ਸੜਕ ਵੀ ਕਈ ਥਾਵਾਂ ਤੋਂ ਧਸ ਗਈ ਹੈ, ਜਿਸ ਕਾਰਨ ਇਸ ਸੜਕ 'ਤੇ ਆਵਾਜਾਈ ਬੰਦ ਕਰ ਦਿੱਤੀ ਗਈ ਹੈ। ਪਿੰਡਾਂ ਦੇ ਟੋਭੇ ਉਛਲਣ ਕਾਰਨ ਕਈ ਪਿੰਡਾਂ ਦੇ ਘਰਾਂ ਵਿੱਚ ਪਾਣੀ ਦਾਖਲ ਹੋ ਗਿਆ ਹੈ, ਜਿਸ ਕਾਰਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ । ਦਾਸਤਾਨ ਏ ਸ਼ਹਾਦਤ ਥੀਮ ਪਾਰਕ ਵਿੱਚ ਵੀ ਪਾਣੀ ਭਰ ਗਿਆ ਹੈ ਅਤੇ ਕੁਝ ਗੈਲਰੀਆਂ ਵਿੱਚ ਪਾਣੀ ਦਾਖਲ ਹੋਣ ਦੀ ਜਾਣਕਾਰੀ ਮਿਲੀ ਹੈ । ਇਸ ਤੋਂ ਇਲਾਵਾ ਇੱਥੋਂ ਦੀ ਖਾਲਸਾ ਕਾਲੋਨੀ ਵਿਚ ਰੈਕਸ ਟੇਲਰ ਦਾ ਮਕਾਨ ਡਿਗ ਗਿਆ ਹੈ, ਉੱਥੇ ਹੀ ਨਜ਼ਦੀਕੀ ਪਿੰਡ ਬਸੀ ਗੁੱਜਰਾਂ ਵਿਖੇ ਇੱਕ ਇੱਟਾਂ ਦੇ ਭੱਠੇ 'ਤੇ ਮਜ਼ਦੂਰਾਂ ਦਾ ਮਕਾਨ ਵੀ ਢਹਿ ਗਿਆ ਹੈ ਪਰ ਜਾਨੀ ਨੁਕਸਾਨ ਤੋਂ ਬਚਾਅ ਰਿਹਾ । ਸ਼ਹਿਰ ਦਾ ਸੀਵਰੇਜ ਸਿਸਟਮ ਤਕਰੀਬਨ ਫੇਲ੍ਹ ਹੋਣ ਕਾਰਨ ਨਗਰ ਕੌਂਸਲ ਦੀ ਪੋਲ ਖੁੱਲ੍ਹੀ ਹੈ। ਸੀਵਰੇਜ ਦੀਆਂ ਤੰਗ ਪਾਈਪਾਂ ਬਰਸਾਤ ਦੇ ਪਾਣੀ ਨੂੰ ਸਾਂਭਣ ਵਿੱਚ ਨਿਹਫਲ ਹੀ ਸਾਬਤ ਹੋਈਆਂ ਹਨ ।

## ਪੀਰ ਬਾਬਾ ਲੱਖ ਦਾਤਾ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਭੁੰਗਰਨੀ ਵਿਖੇ ਦਰਬਾਰ ਲੱਖ ਦਾਤਾ ਜੀ ਦੀ ਮਜਾਰ 'ਤੇ ਉਨ੍ਹਾਂ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਅਵਤਾਰ ਸ਼ਾਹ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸੇਵਾਦਾਰ ਅਵਤਾਰ ਸ਼ਾਹ, ਅਲਿਨ ਕੁਮਾਰ ਲੋਈ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਪੰਜਾਬ ਦੇ ਨਾਮਵਰ ਕਲਾਕਾਰ ਉਂਕਾਰ ਐਂਡ ਗੁਰਸਾਨ ਪਾਰਟੀ ਗੋਬਿੰਦਪੁਰ ਬੰਗਾ, ਬਾਬਾ ਬੁੱਲ੍ਹੇ ਸ਼ਾਹ ਨਕਾਲ ਪਾਰਟੀ ਫਗਵਾੜਾ, ਲਾਡੀ ਘੋੜਾ ਨਕਾਲ ਪਾਰਟੀ ਭਬਿਆਣਾ ਨੇ ਪੀਰਾਂ ਦੀ ਮਹਿਫਲ ਸਜਾਈ। ਬਾਬਾ ਸਤਨਾਮ ਸਿੰਘ ਅਜਨੋਹਾ, ਭਗਤ ਬਲਵੀਰ ਰਾਮ, ਬਾਬਾ ਸਤਨਾਮ ਦਾਸ ਭੁੰਗਰਨੀ, ਬਾਬਾ ਹਰਭਜਨ ਸਿੰਘ ਨਰੂੜ ਤੋਂ ਇਲਾਵਾ ਵੱਡੀ ਗਿਣਤੀ ਫੱਕਰ ਫਕੀਰਾਂ ਨੇ ਪੁੱਜ ਕੇ ਹਾਜਰੀ ਭਰੀ। ਇਸ ਮੌਕੇ ਵਿਵੇਕ ਲੋਈ ਇਟਲੀ, ਜਸਵੀਰ ਸਿੰਘ, ਬਲਵੀਰ ਸਿੰਘ, ਰੋਜਾ ਲੋਈ, ਕਿਸ਼ਨ ਲਾਲ, ਹਰਮਨ, ਰਵੀ, ਮਨੋਜ ਕੁਮਾਰ, ਜਗੀਰ ਕੌਰ, ਕਮਲੇਸ਼ ਕੌਰ, ਮਨਜੀਤ ਕੌਰ, ਗੁਰਨਾਮ ਸਿੰਘ ਗਾਮਾ, ਕੁਲਦੀਪ ਸਿੰਘ ਪੇਂਟਰ ਆਦਿ ਹਾਜਰ ਸਨ। ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## ਤੀਆਂ ਦੇ 23ਵੇਂ ਮੇਲੇ ਦਾ ਬੈਨਰ ਕੀਤਾ ਜਾਰੀ




**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**- ਪੰਜਾਬ ਕਲਾ ਮੰਚ ਰਜਿ: ਸਟੇਟ ਐਵਾਰਡ ਸ੍ਰੀ ਚਮਕੌਰ ਸਾਹਿਬ ਵੱਲੋਂ ਇਲਾਕਾ ਨਿਵਾਸੀਆਂ ਅਤੇ ਵਿੱਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ 5 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ ਦਸ ਵਜੇ ਅਨਾਜ ਮੰਡੀ ਸ੍ਰੀ ਚਮਕੌਰ ਸਾਹਿਬ ਵਿਖੇ ਤੀਆਂ ਦਾ 23ਵਾਂ ਸ਼ਾਨਦਾਰ ਮੇਲਾ ਕਰਵਾਇਆ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਡਾ. ਰਾਜਪਾਲ ਸਿੰਘ ਕਲੀਨਿਕ ਵਿਖੇ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੱਬਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਮੇਲੇ ਦੀ ਤਾਰੀਖ ਦਾ ਬੈਨਰ ਜਾਰੀ ਕਰਨ ਦੀ ਰਸਮ ਜਸਵਿੰਦਰ ਕੌਰ ਖਾਲਸਾ ਧਰਮ ਪਤਨੀ ਸੰਤ ਬਾਬਾ ਗੁਰਮੇਲ ਸਿੰਘ ਖਾਲਸਾ ਵੱਲੋਂ ਨਿਭਾਈ ਗਈ। ਉਨ੍ਹਾਂ ਨੇ ਪੰਜਾਬ ਕਲਾ ਮੰਚ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਅਤੇ ਇਸ ਸੱਭਿਆਚਾਰਕ ਕਾਰਜ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੱਬਰ ਤੋਂ ਇਲਾਵਾ ਡਾ. ਰਾਜਪਾਲ ਸਿੰਘ, ਸਵਰਨ ਸਿੰਘ ਸੈਣੀ, ਮਨਮੋਹਨ ਸਿੰਘ ਕਮਾਲਪੁਰ, ਮਿਸਤਰੀ ਮਨਮੋਹਨ ਸਿੰਘ ਕਾਲਾ, ਰਘਵੀਰ ਸਿੰਘ ਫਤਹਿਪੁਰ, ਬਲਜੀਤ ਸਿੰਘ ਬੱਸੀ ਗੁੱਜਰਾ, ਕੈਪਟਨ ਹਰਪਾਲ ਸਿੰਘ ਸੰਧੂਆਂ, ਸਰਪੰਚ ਸੋਮ ਸਿੰਘ ਮੁੰਡੀਆਂ, ਹਰਦਿਆਲ ਸਿੰਘ ਸੰਧੂ ਸਲੇਮਪੁਰ ਆਦਿ ਮੈਂਬਰ ਹਾਜ਼ਰ ਸਨ।

## ਇਲਾਕੇ ਵਿੱਚ ਭਾਰੀ ਮੀਂਹ ਨੇ ਮਚਾਈ ਤਬਾਹੀ, ਲੱਖਾਂ ਰੁਪਏ ਦਾ ਨੁਕਸਾਨ

**ਨੰਗਲ (ਸੁਰਜੀਤ ਸਿੰਘ)**- ਬੀਤੇ ਕੱਲ੍ਹ ਤੋਂ ਪੈ ਰਹੀ ਵਰਖਾ ਨੇ ਇਲਾਕੇ ਵਿੱਚ ਭਾਰੀ ਤਬਾਹੀ ਮਚਾ ਦਿੱਤੀ ਹੈ। ਜਿਥੇ ਸਰਕਾਰੀ ਪ੍ਰਾਪਰਟੀਆਂ ਦਾ ਨੁਕਸਾਨ ਹੋਇਆ ਓਥੇ ਲੋਕਾਂ ਦਾ ਭਾਰੀ ਆਰਥਕ ਨੁਕਸਾਨ ਹੋਣ ਦੇ ਵੀ ਸਮਾਚਾਰ ਪ੍ਰਾਪਤ ਹੋਏ ਹਨ। ਨਜ਼ਦੀਕੀ ਪਿੰਡ ਉਪਰਲੇ ਸੂਰੇਵਾਲ ਵਿਖੇ ਸੱਤਪਾਲ ਦੀ ਕਰੀਬ 80 ਫੁੱਟ ਕੰਧ ਡਿਗ ਗਈ। ਇਹ ਕੰਧ 15 ਫੁੱਟ ਉਚੀ ਸੀ। ਪਿੰਡ ਢੇਰ ਦੀ ਸੁਰਜੀਤ ਕੌਰ ਉਰਫ ਦੀਪੋ ਪਤਨੀ ਜਰਨੈਲ ਸਿੰਘ ਦੀ 100 ਫੁੱਟ ਲੰਬੀ ਕੰਧ ਡਿਗ ਗਈ। ਇਸੇ ਤਰ੍ਹਾਂ ਪਿੰਡ ਢੇਰ ਦੇ ਯੋਗੀ ਖਾਨ ਦੀ ਟੋਭਿਆਂ ਵਿਚ ਪਾਲੀ ਮੱਛੀ ਹੜ੍ਹ ਗਈ। ਢੇਰ ਤੋਂ ਖਮੇੜਾ ਅਤੇ ਸੂਰੇਵਾਲ ਲਿੰਕ ਸੜਕਾਂ ਵਿਚ ਪਾੜ ਪੈ ਗਏ ਹਨ। ਨੀਵੇਂ ਮਕਾਨਾਂ ਵਿੱਚ ਪਾਣੀ ਵੜਨ ਨਾਲ ਲੋਕਾਂ ਦਾ ਘਰੇਲੂ ਸਮਾਨ ਖਰਾਬ ਹੋ ਗਿਆ ਹੈ। ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਹਕੀਮ ਹਰਮਿੰਦਰ ਪਾਲ ਸਿੰਘ ਮਿਨਹਾਸ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਜਿਨ੍ਹਾਂ ਲੋਕਾਂ ਦਾ ਮੀਂਹ ਨਾਲ ਨੁਕਸਾਨ ਹੋਇਆ, ਉਨ੍ਹਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਗਰੀਬ ਲੋਕਾਂ ਦੀ ਜ਼ਿੰਦਗੀ ਦੁਬਾਰਾ ਲੀਹ 'ਤੇ ਆ ਸਕੇ। ਇਸ ਮੀਂਹ ਨੇ ਇਲਾਕੇ ਵਿੱਚ ਵੱਡੇ ਪੱਧਰ 'ਤੇ ਤਬਾਹੀ ਮਚਾਈ ਹੈ।



## ਤੇਜ਼ ਰਫਤਾਰ ਬਾਰਿਸ਼ ਦੇ ਚਲਦੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੇ ਸੜਕਾਂ 'ਚ ਭਰਿਆ ਪਾਣੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਵਾਂਸ਼ਹਿਰ 'ਚ ਸਵੇਰ ਤੋਂ ਹੀ ਤੇਜ਼ ਰਫਤਾਰ ਨਾਲ ਹੋਈ ਬਾਰਿਸ਼ ਦੇ ਚਲਦੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਅਤੇ ਸੜਕਾਂ ਵਿਚ ਪਾਣੀ ਭਰਿਆ ਵੇਖਣ ਨੂੰ ਮਿਲਿਆ। ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਦੇ ਕੋਠੀ ਰੋਡ, ਗੀਤਾ ਭਵਨ ਅਤੇ ਕੁਲਾਮ ਰੋਡ 'ਤੇ ਹੋਏ ਜਲ ਭਰਾਓ ਦੇ ਚਲਦੇ ਲੋਕਾਂ ਨੂੰ ਆਉਣ-ਜਾਣ 'ਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।, ਉਥੇ ਬਾਰਿਸ਼ ਕਾਰਨ ਕਈ ਥਾਵਾਂ 'ਤੇ ਜਲਜੀਵਨ ਲਈ ਪ੍ਰੇਸ਼ਾਨੀ ਦਾ ਸਬੱਬ ਵੀ ਬਣ ਰਹੀ ਹੈ। ਕਈ ਕੰਡੀ ਬੇਟ ਲਾਗੇ ਲਗਦੇ ਪਿੰਡਾਂ ਵਿੱਚ ਹੜ੍ਹ ਵਰਗੇ ਹਾਲਾਤ ਬਣੇ ਹੋਏ ਹਨ। ਭਾਰੀ ਬਾਰਿਸ਼ ਕਾਰਨ ਕਈ ਇਲਾਕੇ ਜਲਮਗਨ ਹੋ ਗਏ ਤਾਂ ਕਈ ਥਾਵਾਂ 'ਤੇ ਸੜਕਾਂ ਧਸ ਗਈਆਂ ਅਤੇ ਪਾਣੀ 'ਚ ਬਹਿ ਗਈਆਂ। ਲੋਕ ਆਪਣੇ ਘਰਾਂ 'ਚ ਕੈਦ ਹੋ ਗਏ ਹਨ । ਕਈ ਦਿਨਾਂ ਤੋ ਹੋ ਰਹੀ ਤੇਜ਼ ਰਫਤਾਰ ਬਾਰਿਸ਼ ਦੇ ਚਲਦੇ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ਹੈ ਤਾਂ ਉੱਥੇ ਹੀ ਝੋਨੇ ਦੇ ਸੀਜ਼ਨ ਵਿਚ ਬਾਰਿਸ਼ ਨੂੰ ਕਿਸਾਨਾਂ ਨੇ ਲਾਹਵੰਦ ਦੱਸਿਆ ਹੈ। ਬਾਰਿਸ਼ ਦੇ ਚਲਦੇ ਤਾਪਮਾਨ 'ਚ ਕਰੀਬ 4 ਡਿਗਰੀ ਦੀ ਘਾਟ ਦਰਜ ਕੀਤੀ ਗਈ ਹੈ। ਅੱਜ ਹੇਠਲਾ ਤਾਪਮਾਨ 24 ਅਤੇ ਵੱਧ ਤਾਪਮਾਨ 27 ਡਿਗਰੀ ਰਿਹਾ। ਮੌਸਮ ਵਿਭਾਗ ਦੇ ਮਾਹਰਾਂ ਨੇ ਅਗਲੇ ਪੂਰੇ ਹਫਤੇ ਬਰਸਾਤ ਦਾ ਅੰਦਾਜ਼ਾ ਲਗਾਇਆ ਹੈ।

## ਵਿੱਤ ਖੇਤਰ ਦੇ 77 ਸਿਵਲ ਸਪੋਰਟ ਸਟਾਫ ਦਾ ਇੱਕ ਹੋਰ ਬੈਚ ਪੰਜਾਬ ਪੁਲਸ 'ਚ ਹੋਵੇਗਾ ਸ਼ਾਮਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਪੂਰਾ ਕਰਦਿਆਂ ਵਿੱਤੀ ਖੇਤਰ ਦੇ 77 ਸਿਵਲੀਅਨ ਉਮੀਦਵਾਰਾਂ ਦਾ ਇੱਕ ਹੋਰ ਬੈਚ ਸੋਮਵਾਰ ਤੋਂ ਪੰਜਾਬ ਪੁਲਸ ਦੇ ਪੰਜਾਬ ਬਿਊਰੋ ਆਫ ਇਨਵੈਸਟੀਗੇਸਨ (ਪੀ ਬੀ ਆਈ) ਵਿੱਚ ਸ਼ਾਮਲ ਹੋਣ ਜਾ ਰਿਹਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਦੱਸਣਯੋਗ ਹੈ ਕਿ ਇਨ੍ਹਾਂ 77 ਵਿੱਤੀ ਮਾਹਰਾਂ ਵਿੱਚੋਂ 10 ਉਮੀਦਵਾਰ ਵਿੱਤੀ ਅਫਸਰ ਵਜੋਂ ਸੇਵਾਵਾਂ ਨਿਭਾਉਣਗੇ, ਜਦੋਂ ਕਿ 67 ਉਮੀਦਵਾਰ (46 ਪੁਰਸ਼ ਅਤੇ 21 ਮਹਿਲਾ ਉਮੀਦਵਾਰ) ਸਹਾਇਕ ਵਿੱਤੀ ਅਫਸਰ ਵਜੋਂ ਸੇਵਾਵਾਂ ਨਿਭਾਉਣਗੇ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 18 ਮਈ, 2023 ਨੂੰ ਆਯੋਜਿਤ ਸਮਾਗਮ ਦੌਰਾਨ ਕਾਨੂੰਨੀ ਮਾਹਰਾਂ ਅਤੇ ਫੋਰੈਂਸਿਕ ਮਾਹਰਾਂ ਦੇ 144 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾਣ ਤੋਂ ਮਹੀਨੇ ਤੋਂ ਕੁਝ ਦਿਨਾਂ ਉਪਰੰਤ ਇਹ ਨਿਯੁਕਤੀ ਕੀਤੀ ਗਈ ਹੈ। ਇਸ ਬੈਚ ਦੀ ਨਿਯੁਕਤੀ ਨਾਲ ਸਿਵਲ ਸਪੋਰਟ ਸਟਾਫ ਦੀ ਗਿਣਤੀ 221 ਤੱਕ ਪਹੁੰਚ ਜਾਵੇਗੀ। ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਇਹ ਦੇਸ਼ ਦਾ ਪਹਿਲਾ ਪੁਲਸ ਬਲ ਹੈ ਜਿਸ ਨੇ ਕਾਨੂੰਨ, ਫੋਰੈਂਸਿਕ ਅਤੇ ਵਿੱਤ ਸਮੇਤ ਖੇਤਰਾਂ ਵਿੱਚ ਸਿਵਲ ਸਪੋਰਟ ਸਟਾਫ ਦੀ ਭਰਤੀ ਕੀਤੀ ਹੈ, ਜੋ ਨਾ ਸਿਰਫ ਕਾਨੂੰਨ ਅਤੇ ਵਿਵਸਥਾ ਤੋਂ ਵੱਖ ਹੋਣ ਕੇ ਜਾਂਚ ਪ੍ਰਕਿਰਿਆ ਵਿੱਚ ਵਾਧਾ ਕਰੇਗੀ ਬਲਕਿ ਜਾਂਚ ਅਤੇ ਸਮੁੱਚੀ ਪੁਲਿਸਿੰਗ ਵਿੱਚ ਪ੍ਰਭਾਵਸ਼ਾਲੀ ਸੁਧਾਰ ਵੀ ਕਰੇਗੀ। ਉਨ੍ਹਾਂ ਪੰਜਾਬ ਪੁਲਸ ਵਿੱਚ ਨਵੇਂ ਭਰਤੀ ਹੋਏ ਬੈਚ ਦਾ ਸਵਾਗਤ ਕਰਦਿਆਂ ਨੌਜਵਾਨਾਂ ਨੂੰ ਪੰਜਾਬ ਪੁਲਸ ਦਾ ਅਨਿੱਖੜਵਾਂ ਅੰਗ ਬਣਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਸਮਾਜ ਨੂੰ ਦਰਪੇਸ਼ ਵੱਡੀਆਂ ਚੁਣੌਤੀਆਂ ਨੂੰ ਦੂਰ ਕਰਨ ਲਈ ਇਹ ਜਰੂਰੀ ਹੈ ਕਿ ਪੁਲਿਸ ਬਲ ਨੂੰ ਜਾਂਚ, ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚਲੀ ਲੋੜਾਂ ਅਨੁਸਾਰ ਅੱਪਡੇਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਉਮੀਦਵਾਰਾਂ ਦੀ ਚੋਣ ਪੂਰੀ ਤਰ੍ਹਾਂ ਮੈਰਿਟ ਦੇ ਅਧਾਰ 'ਤੇ ਕੀਤੀ ਗਈ ਹੈ ਅਤੇ ਇਸ ਅਹੁਦੇ ਨੂੰ ਹਾਸਲ ਕਰਨ ਲਈ ਉਨ੍ਹਾਂ ਨੇ ਸਖਤ ਮਿਹਨਤ ਕੀਤੀ ਹੈ। ਪੀ ਬੀ ਆਈ ਦੇ ਡਾਇਰੈਕਟਰ ਐਲ.ਕੇ. ਯਾਦਵ ਨੇ ਕਿਹਾ ਕਿ ਇਹ ਸਾਰੇ ਅਧਿਕਾਰੀ, ਜੋ ਕਾਮਰਸ/ਵਿੱਤ ਗ੍ਰੈਜੂਏਟ ਹਨ ਅਤੇ ਵਿੱਤੀ ਅਫਸਰਾਂ ਵਜੋਂ ਸੱਤ ਸਾਲ ਦਾ ਤਜਰਬਾ ਅਤੇ ਸਹਾਇਕ ਵਿੱਤੀ ਅਫਸਰਾਂ ਵਜੋਂ ਦੋ ਸਾਲ ਦਾ ਤਜਰਬਾ ਰੱਖਦੇ ਹਨ, ਆਰਥਕ/ਵਿੱਤ ਨਾਲ ਸੰਬੰਧਤ ਧੋਖਾਧੜੀ ਨੂੰ ਰੋਕਣ ਵਿੱਚ ਮਦਦ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਲਾਜ਼ਮੀ ਸਿਖਲਾਈ ਦੇ ਮੁਕੰਮਲ ਹੋਣ ਉਪਰੰਤ ਇਨ੍ਹਾਂ ਨਵੇਂ ਭਰਤੀ ਅਫਸਰਾਂ ਨੂੰ ਵੱਖ-ਵੱਖ ਡਵੀਜ਼ਨਾਂ/ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਵਿੱਤੀ ਟ੍ਰੇਲ ਜਿਵੇਂ ਕਿ ਬੈਂਕ ਖਾਤਿਆਂ, ਬੈਲੇਂਸ ਸ਼ੀਟਾਂ, ਅਕਾਊਂਟ ਬੁੱਕਾਂ ਆਦਿ ਦੀ ਜਾਂਚ ਨਾਲ ਅਪਰਾਧ ਦਾ ਪਤਾ ਲਗਾਉਣ ਵਿੱਚ ਜਾਂਚ ਅਧਿਕਾਰੀਆਂ/ਵਿਸ਼ੇਸ਼ ਜਾਂਚ ਟੀਮਾਂ ਦੀ ਸਹਾਇਤਾ ਕੀਤੀ ਜਾ ਸਕੇ। ਵਿੱਤੀ ਅਫਸਰਾਂ ਦੀ ਭਰਤੀ ਅਪਰਾਧੀਆਂ, ਖਾਸ ਕਰਕੇ ਨਸ਼ਾ ਤਸਕਰਾਂ, ਗੈਂਗਸਟਰਾਂ ਅਤੇ ਅੱਤਵਾਦੀਆਂ ਦੀ ਜਾਇਦਾਦ ਕੁਰਕ ਕਰਨ ਦੀ ਪ੍ਰਕਿਰਿਆ ਨੂੰ ਲਾਗੂ ਕਰਨ ਵਿੱਚ ਵੀ ਮਦਦ ਕਰੇਗੀ।

## ਭਾਰਤ ਗੌਰਵ ਸੰਸਥਾ ਵੱਲੋਂ ਨਸ਼ਿਆਂ ਵਿਰੁੱਧ ਸੈਮੀਨਾਰ



**ਫਗਵਾੜਾ (ਰਮਨ ਸ਼ਰਮਾ)**- ਭਾਰਤ ਗੌਰਵ ਸੰਸਥਾ ਵੱਲੋਂ ਨਸ਼ਿਆਂ ਵਿਰੁੱਧ ਇਕ ਸੈਮੀਨਾਰ ਸਥਾਨਕ ਜੀ ਟੀ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ । ਜਿਸ 'ਚ ਭਾਰਤ ਸਰਕਾਰ ਦੇ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਵਿਜੇ ਸਾਂਪਲਾ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ । ਜਦਕਿ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਦੇਸਰਾਜ, ਜਨਰਲ ਸਕੱਤਰ ਵਿਦਿਆ ਭਾਰਤੀ, ਪ੍ਰਿੰਸੀਪਲ ਗੁਰਮੀਤ ਪਲਾਹੀ ਤੇ ਡਾ. ਰਾਜੀਵ ਅਗਰਵਾਲ ਨੇ ਵੀ ਨਸ਼ਿਆਂ ਦੀ ਰੋਕਥਾਮ ਲਈ ਅਹਿਮ ਸੁਝਾਅ ਦਿੱਤੇ। ਸੰਬੋਧਨ ਕਰਦਿਆਂ ਵਿਜੇ ਸਾਂਪਲਾ ਨੇ ਕਿਹਾ ਕਿ ਨਸ਼ਾ ਕਿਸੇ ਜਾਨਲੇਵਾ ਬਿਮਾਰੀ ਤੋਂ ਘੱਟ ਨਹੀਂ ਹੈ। ਇਹ ਇੱਕ ਸ਼ੌਕ ਵਜੋਂ ਪਹਿਲਾਂ ਪ੍ਰਯੋਗ ਕਰਨ ਨਾਲ ਸ਼ੁਰੂ ਹੁੰਦਾ ਹੈ ਜੋ ਬਾਅਦ 'ਚ ਇੱਕ ਘਾਤਕ ਨਸ਼ਾ ਬਣ ਜਾਂਦਾ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਚੰਗੇ ਆਚਰਣ ਦੇਣ, ਉਨ੍ਹਾਂ ਨਾਲ ਸਮਾਂ ਬਿਤਾਉਣ। ਪ੍ਰਧਾਨ ਦੇਸਰਾਜ ਜਨਰਲ ਸਕੱਤਰ ਵਿਦਿਆ ਭਾਰਤੀ ਨੇ ਕਿਹਾ ਕਿ ਸਾਰੇ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਬਚਪਨ 'ਚ ਹੀ ਦੇਸ਼ ਲਈ ਕੁਰਬਾਨੀ ਕਰਨ ਵਾਲੇ ਮਹਾਨ ਸੂਰਮਿਆਂ, ਯੋਧਿਆਂ ਤੇ ਧਰਮ ਨਾਲ ਸੰਬੰਧਤ ਕਹਾਣੀਆਂ ਸੁਣਾਉਣ । ਕਿਉਂਕਿ ਮਾਸੂਮ ਅਵਸਥਾ 'ਚ ਸੁਣੀ ਗਈ ਹਰ ਚੀਜ਼ ਮਨ 'ਤੇ ਦਿਮਾਗ 'ਤੇ ਡੂੰਘਾ ਪ੍ਰਭਾਵ ਛੱਡਦੀ ਹੈ। ਪ੍ਰਿੰਸੀਪਲ ਗੁਰਮੀਤ ਪਲਾਹੀ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦਾ ਬਹੁਤ ਨੁਕਸਾਨ ਕੀਤਾ ਹੈ । ਪੰਜਾਬ ਦੀ ਇੱਕ ਪੀੜ੍ਹੀ ਅੱਤਵਾਦ ਦਾ ਸ਼ਿਕਾਰ ਹੋਈ ਅਤੇ ਉਸ ਤੋਂ ਬਾਅਦ ਦੂਜੀ ਪੀੜ੍ਹੀ ਨਸ਼ਿਆਂ ਨੇ ਬਰਬਾਦ ਕਰ ਦਿੱਤੀ ਹੈ । ਹੁਣ ਸਮਾਂ ਆ ਗਿਆ ਹੈ ਕਿ ਸਮਾਜ ਦੇ ਸਾਰੇ ਲੋਕ ਇਕਜੁੱਟ ਹੋ ਕੇ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੀ ਸਹੁੰ ਚੁੱਕਣ । ਕਾਰਡੀਓਲੋਜਿਸਟ ਡਾ.ਰਾਜੀਵ ਅਗਰਵਾਲ ਨੇ ਕਿਹਾ ਕਿ ਨਸ਼ੇ ਦਾ ਆਦੀ ਵਿਅਕਤੀ ਨਫਰਤ ਦੀ ਬਜਾਏ ਹਮਦਰਦੀ ਦੇ ਕਾਬਲ ਹੁੰਦਾ ਹੈ। ਜਿੱਥੇ ਉਸ ਨੂੰ ਚੰਗੇ ਡਾਕਟਰ ਤੋਂ ਕਾਊਂਸਲਿੰਗ ਦੀ ਲੋੜ ਹੁੰਦੀ ਹੈ, ਉੱਥੇ ਪਰਵਾਰ ਦਾ ਸਹਿਯੋਗ ਤੇ ਪਿਆਰ ਵੀ ਨਸ਼ੇ ਤੋਂ ਛੁਟਕਾਰਾ ਪਾਉਣ 'ਚ ਸਹਾਈ ਹੁੰਦਾ ਹੈ । ਸੰਸਥਾ ਦੇ ਬੁਲਾਰੇ ਅਨੁਰਾਗ ਮਾਨਖੰਡ ਨੇ ਦੱਸਿਆ ਕਿ ਨਸ਼ਿਆਂ ਵਿਰੁੱਧ ਇਹ ਮੁਹਿੰਮ ਪੂਰਾ ਮਹੀਨਾ ਜਾਰੀ ਰਹੇਗੀ ਤਾਂ ਜੋ ਆਮ ਲੋਕਾਂ ਅਤੇ ਖਾਸ ਕਰ ਕੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਕਾਰਨ ਹੋਣ ਵਾਲੇ ਸਰੀਰਕ ਤੇ ਪਰਵਾਰਕ ਨੁਕਸਾਨਾਂ ਤੋਂ ਜਾਣੂ ਕਰਵਾ ਕੇ ਨਸ਼ਿਆਂ ਦੇ ਸ਼ਿਕਾਰ ਨੌਜਵਾਨਾਂ ਨੂੰ ਹਮੇਸ਼ਾ ਲਈ ਖਤਮ ਕੀਤਾ ਜਾ ਸਕੇ । ਨਸ਼ੇ ਛੱਡਣ ਲਈ ਪ੍ਰੇਰਿਤ ਕੀਤਾ ਜਾ ਸਕੇ । ਇਸ ਮੌਕੇ ਚੌਧਰੀ ਮੋਹਨ ਲਾਲ, ਮਲਕੀਅਤ ਸਿੰਘ ਰਘਬੋਤਰਾ, ਸ਼ਿਵ ਹਾਂਡਾ, ਸਤੀਸ਼ ਬੱਗਾ, ਭਾਜਪਾ ਮੰਡਲ ਫਗਵਾੜਾ ਦੇ ਸਾਬਕਾ ਜਨਰਲ ਸਕੱਤਰ ਬਲਵਿੰਦਰ ਠਾਕੁਰ, ਰਮਨ ਨਹਿਰਾ, ਬਲਦੇਵ ਕਲੂਚਾ, ਸੰਜੂ ਖੁਰਾਣਾ, ਆਸ਼ੂ ਸਾਂਪਲਾ, ਚੌਧਰੀ ਗੁਰਦੇਵ ਰਾਮ, ਰਾਮ ਚੰਦਰ, ਐਡਵੋਕੇਟ ਲੋਕੇਸ਼ ਨਾਰੰਗ, ਪ੍ਰਵੀਨ ਧੁੰਨਾ, ਕਮਲ ਮਾਟਾ, ਰਾਜੀਵ ਸੂਦ, ਸਾਹਿਲ ਸੇਠ, ਸੁਭਮ ਠਾਕੁਰ, ਪੂਰਬੀ ਨਗਰ ਕੌਂਸਲ ਫਗਵਾੜਾ ਦੇ ਪ੍ਰਧਾਨ ਬਲਭਦਰ ਸੇਨ ਦੁੱਗਲ, ਮਾਰਕੀਟ ਕਮੇਟੀ ਫਗਵਾੜਾ ਦੇ ਸਾਬਕਾ ਚੇਅਰਮੈਨ ਤੇਜਸਵੀ ਭਾਰਦਵਾਜ, ਗੁਰਦੀਪ ਦੀਪਾ, ਸਾਬਕਾ ਕੌਂਸਲਰ ਅਨੁਰਾਗ ਮਾਨਖੰਡ, ਸਾਬਕਾ ਕੌਂਸਲਰ ਓਮ ਪ੍ਰਕਾਸ਼ ਬਿੱਟੂ, ਸਾਬਕਾ ਸਰਕਲ ਪ੍ਰਧਾਨ ਪੰਕਜ ਚਾਵਲਾ, ਅਸ਼ੋਕ ਦੁੱਗਲ, ਮਾਸਟਰ ਹਰੀਸ਼, ਰਾਜ ਕੁਮਾਰ ਗੁਪਤਾ, ਰਾਮ ਸਾਂਪਲਾ, ਮਨਜੀਤ ਬੱਲੀ, ਚੰਦਾ ਮਿਸਰਾ, ਰਜਨੀ ਬਾਲਾ, ਵਿਨਾਇਕ ਰਾਜ ਕੁਮਾਰ ਪਾਰਸ, ਪ੍ਰਮੋਦ ਮਿਸਰਾ, ਸੁਰਿੰਦਰ ਸ਼ਿੰਦਾ, ਜੌਹਨ ਵਰਮਾ, ਪੂਨਮ ਵਰਮਾ, ਰਾਕੇਸ਼ ਗੁਪਤਾ, ਕਮਲ ਕਪੂਰ, ਮਿਰਦੂਲ ਸੁਧੀਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਭੰਗੀ ਚੋਅ, ਮਹਿੰਗਰੋਵਾਲ ਤੇ ਨਸਰਾਲਾ ਦਾ ਕੀਤਾ ਦੌਰਾ

**ਜ਼ਿਲ੍ਹਾ ਵਾਸੀਆਂ ਨੂੰ ਦਰਿਆਵਾਂ, ਨਹਿਰਾਂ, ਚੋਆਂ ਅਤੇ ਨੀਵੇਂ ਇਲਾਕਿਆਂ ਤੋਂ ਦੂਰ ਰਹਿਣ ਦੀ ਕੀਤੀ ਅਪੀਲ**

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਿਛਲੇ ਕਈ ਦਿਨਾਂ ਤੋਂ ਹੋ ਰਹੀ ਬਾਰਿਸ਼ ਕਾਰਨ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿਚ ਜ਼ਮੀਨੀ ਹਾਲਾਤ ਜਾਨਣ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਵੱਖ-ਵੱਖ ਖੇਤਰਾਂ ਦਾ ਦੌਰਾ ਕੀਤਾ ਅਤੇ ਸੰਬੰਧਤ ਵਿਭਾਗਾਂ ਨੂੰ ਸੰਭਾਵੀ ਹੜ੍ਹ ਦੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਉਨ੍ਹਾਂ ਭੰਗੀ ਚੋਅ, ਮਹਿੰਗਰੋਵਾਲ ਚੋਅ ਅਤੇ ਨਸਰਾਲਾ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਐਸ. ਡੀ. ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ ਅਤੇ ਹੋਰ ਅਧਿਕਾਰੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੌਸਮ ਦੀ ਖ਼ਰਾਬੀ ਕਾਰਨ ਜਾਨ-ਮਾਲ ਦਾ ਨੁਕਸਾਨ ਨਾ ਹੋਵੇ, ਇਸ ਲਈ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਟੀਮਾਂ ਪਹਿਲਾਂ ਤੋਂ ਹੀ ਤਾਇਨਾਤ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ, ਤਾਂ ਜੋ ਇਸ ਕੁਦਰਤੀ ਆਫ਼ਤ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਦਰਿਆਵਾਂ, ਨਹਿਰਾਂ, ਚੋਆਂ ਅਤੇ ਨੀਵੇਂ ਇਲਾਕਿਆਂ ਵਿਚ ਜਾਣ ਤੋਂ ਗੁਰੇਜ਼ ਕਰਨ ਕਿਉਂਕਿ ਡੈਮਾਂ ਤੋਂ ਪਾਣੀ ਛੱਡਿਆ ਜਾ ਰਿਹਾ ਹੈ। ਉਨ੍ਹਾਂ ਨਗਰ ਨਿਗਮ, ਨਗਰ ਕੌਂਸਲਾਂ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ-ਆਪਣੇ ਖੇਤਰਾਂ ਵਿਚ ਪਾਣੀ ਦੀ ਨਿਕਾਸੀ ਦਾ ਯੋਗ ਪ੍ਰਬੰਧ ਕਰਨ ਦੇ ਨਾਲ-ਨਾਲ ਸੰਕਟ ਜਾਂ ਬਚਾਅ ਸੰਬੰਧੀ ਆਉਣ ਵਾਲੇ ਫੋਨਾਂ ਦਾ ਤੁਰੰਤ ਜਵਾਬ ਦੇ ਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਨਾਜ਼ੁਕ ਪੁਆਇੰਟਾਂ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਕੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ 'ਚ ਜ਼ਿਲ੍ਹਾ ਵਾਸੀਆਂ ਨੂੰ ਪ੍ਰਸ਼ਾਸਨ ਤੋਂ ਬਹੁਤ ਉਮੀਦ ਹੈ, ਇਸ ਲਈ ਸਾਨੂੰ ਸਾਰਿਆਂ ਨੂੰ ਇਸ ਮੁਸ਼ਕਿਲ ਘੜੀ ਵਿਚ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰਾ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਐਸ. ਡੀ. ਐਮਜ਼ ਨੂੰ ਨੀਵੇਂ ਇਲਕਿਆਂ ਦੀ ਪਹਿਚਾਣ ਕਰਨ ਅਤੇ ਜ਼ਰੂਰੀ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਪਾਵਰ ਸਟੇਸ਼ਨਾਂ ਅਤੇ ਹੋਰਨਾਂ ਅਜਿਹੀਆਂ ਐਮਰਜੈਂਸੀ ਸੇਵਾਵਾਂ ਨੂੰ ਪਹਿਲ ਦੇ ਅਧਾਰ 'ਤੇ ਪਾਣੀ ਤੋਂ ਮੁਕਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ ਮੋਬਾਈਲ 24 ਘੰਟੇ ਚਾਲੂ ਰੱਖਣ ਅਤੇ ਪੂਰੀ ਲਗਨ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ।

## ਲਾਇਨ ਗੁਰਦੀਪ ਸਿੰਘ ਕੰਗ ਨੇ ਬੇਟੇ ਦੇ ਜਨਮ ਦਿਨ 'ਤੇ ਬਿਰਧ ਆਸ਼ਰਮ ਨੂੰ ਭੇਟ ਕੀਤੀ ਖਾਣ-ਪੀਣ ਦਾ ਸਮੱਗਰੀ



**ਫਗਵਾੜਾ ( ਜਸਵਿੰਦਰ ਢੱਡਾ)** ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਅਤੇ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ ਇੰਡੀਆ ਦੇ ਸਟੇਟ ਡਾਇਰੈਕਟਰ ਲਾਇਨ ਗੁਰਦੀਪ ਸਿੰਘ ਕੰਗ ਨੇ ਆਪਣੇ ਇਕਲੌਤੇ ਪੁੱਤਰ ਪ੍ਰਣਵ ਕੰਗ ਦਾ ਜਨਮ ਦਿਨ ਹਮੇਸ਼ਾ ਦੀ ਤਰ੍ਹਾਂ ਸਮਾਜ ਸੇਵਾ ਕਰਦੇ ਹੋਏ ਮਨਾਇਆ। ਇਸ ਦੌਰਾਨ ਉਨ੍ਹਾਂ ਸਪਰੋੜ ਵਿਖੇ ਨੇਤਰਹੀਣ ਅਤੇ ਬਿਰਧ ਆਸ਼ਰਮ ਨੂੰ ਫਲ, ਜੂਸ, ਬਿਸਕੁਟ ਤੇ ਰੱਸ ਭੇਟ ਕੀਤੇ। ਲਾਇਨ ਕੰਗ ਨੇ ਦੱਸਿਆ ਕਿ ਉਹ ਹਰ ਸਾਲ ਆਪਣਾ ਅਤੇ ਆਪਣੇ ਪੁੱਤਰ ਦਾ ਜਨਮ ਦਿਨ ਇਸੇ ਤਰ੍ਹਾਂ ਸਮਾਜ ਸੇਵਾ ਕਰਕੇ ਮਨਾਉਂਦੇ ਹਨ ਤਾਂ ਜੋ ਉਨ੍ਹਾਂ ਦੇ ਪੁੱਤਰ ਵਿੱਚ ਵੀ ਸਮਾਜ ਸੇਵਾ ਦੀ ਭਾਵਨਾ ਪੈਦਾ ਹੋਵੇ। ਆਸ਼ਰਮ ਦੇ ਪ੍ਰਬੰਧਕ ਮੁਖਤਿਆਰ ਸਿੰਘ ਨੇ ਗੁਰਦੀਪ ਸਿੰਘ ਕੰਗ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਪੁੱਤਰ ਪ੍ਰਣਵ ਕੰਗ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਆਸ਼ਰਮ ਨੂੰ ਕੰਗ ਪਰਵਾਰ ਦਾ ਹਮੇਸ਼ਾ ਵਡਮੁੱਲਾ ਸਹਿਯੋਗ ਮਿਲਦਾ ਹੈ। ਉਹ ਹਰ ਖੁਸ਼ੀ ਦਾ ਮੌਕਾ ਇਸ ਆਸ਼ਰਮ ਦੇ ਆਸ਼ਰਿਤਾਂ ਨਾਲ ਖੁਸ਼ੀਆਂ ਸਾਂਝੀਆਂ ਕਰਕੇ ਮਨਾਉਂਦੇ ਹਨ ਅਤੇ ਆਸ਼ਰਮ ਦੀਆਂ ਲੋੜਾਂ ਦਾ ਖਾਸ ਖਿਆਲ ਰੱਖਦੇ ਹਨ। ਜਿਸ ਲਈ ਉਹ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦੇ ਪਰਵਾਰ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਪਤਵੰਤਿਆਂ ਤੇ ਸਮਾਜ ਸੇਵੀ ਸੰਸਥਾਵਾਂ ਦੀ ਬਦੌਲਤ ਹੀ ਆਸ਼ਰਮ ਦਾ ਸੰਚਾਲਨ ਵਧੀਆ ਤਰੀਕੇ ਨਾਲ ਚੱਲ ਰਿਹਾ ਹੈ ਅਤੇ ਆਸ਼ਰਮ ਦੇ ਆਸ਼ਰਿਤਾਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਸਭ ਕੁਝ ਦਿੱਤਾ ਜਾਂਦਾ ਹੈ। ਇਸ ਮੌਕੇ ਲਾਇਨਜ਼ ਇੰਟਰਨੈਸ਼ਨਲ 321-ਡੀ ਜ਼ੋਨ ਦੇ ਚੇਅਰਮੈਨ ਲਾਇਨ ਸੁਨੀਲ ਢੀਂਗਰਾ, ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਪ੍ਰਧਾਨ ਆਸ਼ੂ ਮਾਰਕੰਡਾ, ਸਕੱਤਰ ਸੰਜੀਵ ਲਾਂਬਾ, ਕੈਸ਼ੀਅਰ ਜੁਗਲ ਬਵੇਜਾ, ਜਸਵੀਰ ਮਾਹੀ, ਪਵਨ ਚਾਵਲਾ, ਆਸ਼ੂ ਕਰਵਲ, ਵਿਪਨ ਸ਼ਰਮਾ ਆਦਿ ਵੀ ਹਾਜ਼ਰ ਸਨ।

## ਪੰਜਾਬ ਪੁਲਸ ਹੜ੍ਹਾਂ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ-ਬਰ-ਤਿਆਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਖਿੱਤੇ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਦੇ ਮੱਦੇਨਜ਼ਰ ਸਾਰੇ ਅਧਿਕਾਰੀਆਂ ਨੂੰ ਚੌਕਸ ਰਹਿਣ ਦੇ ਆਦੇਸ਼ ਦਿੱਤੇ ਹਨ ਅਤੇ ਪੰਜਾਬ ਪੁਲਸ ਵੱਲੋਂ ਹੜ੍ਹਾਂ ਦੀ ਸੰਭਾਵਨਾ ਨੂੰ ਦੇਖਦਿਆਂ ਇਸ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਕਿਹਾ ਕਿ ਹੜ੍ਹਾਂ ਦੀ ਰੋਕਥਾਮ ਲਈ ਸਟੇਟ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਅਤੇ ਸੰਬੰਧਤ ਅਧਿਕਾਰੀਆਂ ਨੂੰ ਆਪਣੇ ਜ਼ਿਲ੍ਹਿਆਂ ਤੋਂ ਘੰਟਿਆਂਬੱਧੀ ਰਿਪੋਰਟ ਲੈਣ ਲਈ ਕਿਹਾ ਗਿਆ ਹੈ ਤਾਂ ਜੋ ਉਹ ਆਪਣੇ ਸੰਬੰਧਤ ਜ਼ਿਲ੍ਹਿਆਂ ਦੀ ਮੌਜੂਦਾ ਸਥਿਤੀ ਬਾਰੇ ਅਪਡੇਟ ਰਹਿਣ। ਡੀ ਜੀ ਪੀ ਗੌਰਵ ਯਾਦਵ ਅਤੇ ਵਿਸ਼ੇਸ਼ ਡੀ ਜੀ ਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨਿੱਜੀ ਤੌਰ 'ਤੇ ਸਥਿਤੀ ਦੀ ਨਿਗਰਾਨੀ ਕਰ ਰਹੇ ਹਨ, ਜਦਕਿ ਸੀ ਪੀਜ਼/ਐਸ ਐਸ ਪੀਜ਼ ਨੂੰ ਵੀ ਫੀਲਡ ਵਿੱਚ ਰਹਿਣ ਅਤੇ ਆਪਣੇ ਸੰਬੰਧਤ ਜ਼ਿਲ੍ਹਿਆਂ ਵਿੱਚ ਨਿਯਮਤ ਅੰਤਰਾਲਾਂ 'ਤੇ ਸਥਿਤੀ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹੋਰ ਜਾਣਕਾਰੀ ਦਿੰਦਿਆਂ ਵਿਸ਼ੇਸ਼ ਡੀ ਜੀ ਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸਟੇਟ ਡਿਜਾਸਟਰ ਰਿਸਪਾਂਸ ਫੋਰਸ (ਐਸ.ਟੀ.ਆਰ.ਐਫ.) ਦੀਆਂ ਟੀਮਾਂ ਅਲਰਟ 'ਤੇ ਹਨ ਅਤੇ ਕਿਸੇ ਵੀ ਕਿਸਮ ਦੇ ਸੰਕਟ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ ਕਿ ਐਸ.ਏ.ਐਸ.ਨਗਰ ਅਤੇ ਫਤਹਿਗੜ੍ਹ ਸਾਹਿਬ ਸਮੇਤ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਚਾਅ ਕਾਰਜਾਂ ਅਤੇ ਹੜ੍ਹਾਂ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਨੈਸ਼ਨਲ ਡਿਜਾਸਟਰ ਰਿਸਪਾਂਸ ਫੋਰਸ (ਐਨ.ਡੀ.ਆਰ.ਐਫ.) ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਫੌਜ ਨੂੰ ਵੀ ਚੌਕਸ ਰਹਿਣ ਲਈ ਕਿਹਾ ਗਿਆ ਹੈ। ਵਿਸ਼ੇਸ਼ ਡੀ ਜੀ ਪੀ ਨੇ ਸੂਬੇ ਦੇ ਲੋਕਾਂ ਨੂੰ ਨਾ ਘਬਰਾਉਣ ਅਤੇ ਪ੍ਰਸ਼ਾਸਨ ਅਤੇ ਪੁਲਸ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਨੇ ਨੀਵੇਂ ਇਲਾਕਿਆਂ ਜਾਂ ਹੜ੍ਹਾਂ ਪ੍ਰਭਾਵਿਤ ਇਲਾਕਿਆਂ ਵਿੱਚ ਰਹਿ ਰਹੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸੁਰੱਖਿਆ ਲਈ ਕਿਸੇ ਸੁਰੱਖਿਅਤ ਜਗ੍ਹਾ 'ਤੇ ਰਹਿਣ ਜਾਂ ਸੰਬੰਧਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਏ ਗਏ ਰਾਹਤ ਕੇਂਦਰਾਂ ਤੱਕ ਪਹੁੰਚ ਕਰਨ।

## ਸੁਸ਼ੀਲ ਰਿੰਕੂ ਨੇ ਫਿਲੌਰ 'ਚ 62 ਲੱਖ ਦੀ ਲਾਗਤ ਨਾਲ ਬਣਨ ਵਾਲੇ ਚਾਰ ਗੁਦਾਮਾਂ ਦੇ ਰੱਖੇ ਨੀਂਹ ਪੱਥਰ



**ਜਲੰਧਰ, (ਸ਼ੈਲੀ ਐਲਬਰਟ)**- ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਅੱਜ ਹਲਕਾ ਫਿਲੌਰ ਵਿਖੇ ਵੱਖ-ਵੱਖ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾਵਾਂ ਵਿੱਚ 62 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਚਾਰ ਨਵੇਂ ਗੁਦਾਮਾਂ ਦੇ ਨੀਂਹ ਪੱਥਰ ਰੱਖਦਿਆਂ ਕਿਹਾ ਕਿ ਇਹ ਗੁਦਾਮ ਇਲਾਕੇ ਦੇ ਕਿਸਾਨਾਂ ਨੂੰ ਬਿਹਤਰ ਸਟੋਰੇਜ ਸਹੂਲਤਾਂ ਪ੍ਰਦਾਨ ਕਰਨ ਵਿੱਚ ਸਹਾਈ ਸਾਬਤ ਹੋਣਗੇ। ਸੰਸਦ ਮੈਂਬਰ ਨੇ ਦੱਸਿਆ ਕਿ ਇਨ੍ਹਾਂ ਨਵੇਂ ਗੁਦਾਮਾਂ ਦੀ ਉਸਾਰੀ ਪਿੰਡ ਪੱਦੀ ਖਾਲਸਾ, ਦੁਸਾਂਝ ਕਲਾਂ, ਮੰਡੀ ਅਤੇ ਮੁਠੱਡਾ ਦੀਆਂ ਸੰਬੰਧਤ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾਵਾਂ ਵਿਖੇ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨ ਭਾਈਚਾਰੇ ਦੀ ਭਲਾਈ ਲਈ ਵਚਨਬੱਧ ਹੈ ਅਤੇ ਸਰਕਾਰ ਨੇ ਸੂਬੇ ਦੇ ਸਹਿਕਾਰੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਪਹਿਲਾਂ ਹੀ ਕਈ ਕਦਮ ਚੁੱਕੇ ਹਨ। ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਸਹਿਕਾਰੀ ਲਹਿਰ ਔਰਤਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਲਾਹੇਵੰਦ ਸਾਬਤ ਹੋਈ ਹੈ। ਇਸ ਮਿਸ਼ਨ ਰਾਹੀਂ ਵੱਡੀ ਗਿਣਤੀ ਵਿੱਚ ਔਰਤਾਂ ਸਹਿਕਾਰੀ ਸਭਾਵਾਂ ਨਾਲ ਜੁੜੀਆਂ ਹਨ ਅਤੇ ਆਪਣੀ ਰੋਜ਼ੀ-ਰੋਟੀ ਕਮਾ ਰਹੀਆਂ ਹਨ। ਉਨ੍ਹਾ ਕਿਹਾ ਕਿ ਕਿਸੇ ਵੀ ਪਿੰਡ ਦੀਆਂ 25 ਔਰਤਾਂ ਦਾ ਸਮੂਹ, ਜੋ ਕਿ ਹੁਨਰ ਸਿਖਲਾਈ ਲੈਣਾ ਚਾਹੁੰਦਾ ਹੈ, ਆਪਣੀ ਨਜ਼ਦੀਕੀ ਕਿਸਾਨ ਸਹਿਕਾਰੀ ਸਭਾ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਕੋਰਸ ਮੁਕੰਮਲ ਕਰਨ ਤੋਂ ਬਾਅਦ ਸਮੂਹ ਆਪਣਾ ਉੱਦਮ ਸ਼ੁਰੂ ਕਰਨ ਲਈ ਵਿੱਤੀ ਸਹਾਇਤਾ ਵੀ ਪ੍ਰਾਪਤ ਕਰ ਸਕਦਾ ਹੈ। ਇਸ ਦੌਰਾਨ ਸੰਸਦ ਮੈਂਬਰ ਨੇ ਪੰਚਾਇਤਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਸੰਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਮੌਕੇ 'ਤੇ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾ ਕਿਹਾ ਕਿ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਹੁਲਾਰਾ ਦੇਣ ਲਈ ਵਚਨਬੱਧ ਹੈ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾ ਕਿਹਾ ਕਿ ਪੇਂਡੂ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਜ਼ਿਲ੍ਹੇ ਵਿੱਚ ਪਹਿਲਾਂ ਹੀ ਕਈ ਪ੍ਰਾਜੈਕਟ ਸ਼ੁਰੂ ਕੀਤੇ ਜਾ ਚੁੱਕੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਨਾਸਿਰ ਹਸਨ ਸਲਮਾਨੀ, ਆਪ ਆਗੂ ਪ੍ਰਿੰਸੀਪਲ ਪ੍ਰੇਮ ਕੁਮਾਰ, ਗੁਰਪ੍ਰੀਤ ਸਿੰਘ ਸਹੋਤਾ, ਜਸਵੀਰ ਸਿੰਘ, ਪਰਮਜੀਤ ਸਿੰਘ ਖਾਲਸਾ, ਹਰਜੀਤ ਸਿੰਘ, ਮਨਪ੍ਰੀਤ ਸਿੰਘ ਅਤੇ ਰਘਵੀਰ ਸਿੰਘ ਆਦਿ ਵੀ ਮੌਜੂਦ ਸਨ।

CMYK

# ਮੰਡੌਰ ਦੀ ਸ਼ਾਮਲਾਤ ਜ਼ਮੀਨ ਵਾਹੁਣ ਨੂੰ ਲੈ ਕੇ ਚਕੌਤੇਦਾਰ ਤੇ ਦੂਜੀ ਧਿਰ ਆਹਮੋ ਸਾਹਮਣੇ

■ ਸਥਿਤੀ ਤਣਾਅਪੂਰਨ, ਪ੍ਰਸ਼ਾਸਨ ਤੋਂ ਤੁਰੰਤ ਦਖਲ ਦੀ ਕੀਤੀ ਮੰਗ



**ਨਾਭਾ (ਵਰਿੰਦਰ ਵਰਮਾ)**-ਪਿੰਡ ਮੰਡੌਰ ਵਿਖੇ ਕਰੀਬ 14 ਏਕੜ ਜ਼ਮੀਨ ਵਾਹੁਣ ਨੂੰ ਲੈ ਕੇ ਚਕੌਤੇਦਾਰ ਤੇ ਦੂਜੀ ਧਿਰ ਆਹਮੋ ਸਾਹਮਣੇ ਹੋਣ ਕਾਰਨ ਸਥਿਤੀ ਨਾਜ਼ਕ ਬਣੀ ਹੋਈ ਹੈ। ਇਸ ਸਬੰਧੀ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਪਿੰਡ ਦੇ ਹੀ ਵਸਨੀਕ ਚਕੌਤੇਦਾਰ ਜਾਗਰ ਸਿੰਘ, ਜੋ ਖੁਦ ਐੱਸ ਸੀ ਭਾਈਚਾਰੇ ਨਾਲ ਸਬੰਧਤ ਹੈ, ਨੇ ਦੱਸਿਆ ਕਿ ਬੀਤੀ 28 ਜੂਨ ਨੂੰ ਸ਼ਾਮਲਾਤ ਜ਼ਮੀਨ ਦੀ ਬੋਲੀ ਡਿਊਟੀ ਮੈਜਿਸਟਰੇਟ, ਬੀ ਡੀ ਪੀ ਓ ਤੇ ਪੰਚਾਇਤ ਵੱਲੋਂ ਕੀਤੀ ਗਈ, ਜਿਸ ਵਿੱਚ ਮੈਂ ਤਕਰੀਬਨ 14 ਏਕੜ ਜ਼ਮੀਨ ਇੱਕ ਸਾਲ ਲਈ ਬਕਾਇਦਾ ਬੋਲੀ ਦੇ ਕੇ ਅਪਣੇ ਨਾਮ 'ਤੇ ਲਈ, ਜਿਸ ਦਾ ਠੇਕਾ ਵੀ ਮੈਂ ਪੰਚਾਇਤ ਕੋਲ ਜਮ੍ਹਾਂ ਕਰਵਾ ਦਿੱਤਾ ਹੈ, ਪ੍ਰੰਤੂ ਪਿੰਡ ਦੇ ਕੁਝ ਐੱਸ ਸੀ ਵਰਗ ਦੇ ਲੋਕਾਂ ਵੱਲੋਂ ਮੈਨੂੰ ਜ਼ਮੀਨ ਵਾਹੁਣ ਨਹੀਂ ਦਿੱਤੀ ਜਾ ਰਹੀ, ਸਗੋਂ ਜ਼ਮੀਨ 'ਚ ਧਰਨਾ ਲਗਾ ਕੇ ਬੈਠ ਗਏ ਹਨ, ਜਦਕਿ ਮੇਰਾ ਲੱਖਾਂ ਦਾ ਨੁਕਸਾਨ ਹੋ ਰਿਹਾ ਹੈ, ਪ੍ਰਸ਼ਾਸਨ ਵੱਲੋਂ ਮੈਨੂੰ ਇਨਸਾਫ ਦਿਵਾਇਆ ਜਾਵੇ।

ਦੂਜੇ ਪਾਸੇ ਜ਼ਮੀਨ ਵਿੱਚ ਧਰਨਾ ਮਾਰੀ ਬੈਠੇ ਲੋਕਾਂ ਵੱਲੋਂ ਬੋਲੀ ਮੌਕੇ ਪੱਖਪਾਤ ਦਾ ਦੋਸ਼ ਲਗਾਉਂਦਿਆਂ ਬੋਲੀ ਰੱਦ ਕਰਨ ਦੀ ਮੰਗ ਕੀਤੀ ਜਾ ਰਹੀ, ਜਦੋਂ ਇਸ ਸਬੰਧੀ ਬੀਡੀਪੀਓ ਕ੍ਰਿਸ਼ਨ ਸਿੰਘ, ਸਰਪੰਚ ਕੁਲਦੀਪ ਕੌਰ, ਬਲਾਕ ਸੰਮਤੀ ਮੈਂਬਰ ਹਰਜਸਪਾਲ ਸਿੰਘ ਤੇ ਪੰਚਾਇਤ ਮੈਂਬਰ ਹਰਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸ਼ਾਮਲਾਤ ਜ਼ਮੀਨ ਦੀ ਬੋਲੀ ਸਰਕਾਰ ਦੇ ਹੁਕਮਾਂ ਤੇ ਨਿਯਮਾਂ ਮੁਤਾਬਕ ਕੀਤੀ ਗਈ ਸੀ, ਪ੍ਰੰਤੂ ਪਿੰਡ ਦੇ ਕੁਝ ਸ਼ਰਾਰਤੀ ਵਿਅਕਤੀਆਂ ਦੇ ਮਗਰ ਲੱਗ ਕੇ ਐੱਸ ਸੀ ਭਾਈਚਾਰੇ ਦੇ ਲੋਕ ਕਾਨੂੰਨ ਤੋਂ ਉਲਟ ਸ਼ਾਮਲਾਤ ਜ਼ਮੀਨ ਦੇ ਬਹਾਨੇ ਅਪਣੀ ਰਾਜਨੀਤੀ ਚਮਕਾਉਣ ਲਈ ਪਿੰਡ ਦਾ ਮਾਹੌਲ ਖਰਾਬ ਕਰ ਰਹੇ ਹਨ, ਜਦਕਿ ਜ਼ਮੀਨ ਨੂੰ ਠੇਕੇ 'ਤੇ ਲੈਣ ਵਾਲਾ ਜਾਗਰ ਸਿੰਘ ਵੀ ਐੱਸ ਸੀ ਭਾਈਚਾਰੇ ਨਾਲ ਸਬੰਧਤ ਹੈ। ਉਨ੍ਹਾ ਕਿਹਾ ਕਿ ਇਸ ਬੋਲੀ ਨੂੰ ਡਾਇਰੈਕਟਰ ਪੰਚਾਇਤ ਵਿਭਾਗ ਤੇ ਐੱਸ ਸੀ ਕਮਿਸ਼ਨ ਵੱਲੋਂ ਵੀ ਜਾਇਜ਼ ਠਹਿਰਾਇਆ ਜਾ ਚੁੱਕਾ ਹੈ। ਇਸ ਦੇ ਬਾਵਜੂਦ ਇਨ੍ਹਾਂ ਧਰਨਕਾਰੀਆਂ ਵੱਲੋਂ ਸਰੇਆਮ ਜਾਗਰ ਸਿੰਘ ਨਾਲ ਧੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਤੁਰੰਤ ਪ੍ਰਸ਼ਾਸਨ ਤੋਂ ਦਖਲ ਦੀ ਮੰਗ ਕੀਤੀ ਤੇ ਕਿਹਾ ਕਿ ਜਾਗਰ ਸਿੰਘ ਨੂੰ ਇਨਸਾਫ ਦਿਵਾਇਆ ਜਾਵੇ, ਨਹੀਂ ਤਾਂ ਹਾਲਾਤ ਇੰਨੇ ਤਨਾਅ ਪੂਰਨ ਬਣੇ ਹੋਏ ਹਨ ਕਿ ਕਿਸੇ ਵੇਲੇ ਵੀ ਲੜਾਈ ਝਗੜਾ ਹੋਣ ਕਾਰਨ ਵੱਡੀ ਘਟਨਾ ਵਾਪਰਨ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਜਿਸ ਦੀ ਜ਼ੁੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

# ਜਾਖੜ ਦੀ ਨਿਯੁਕਤੀ ਨਾਲ ਭਾਜਪਾ ਦਾ ਦਲਿਤ ਵਿਰੋਧੀ ਚਿਹਰਾ ਨੰਗਾ ਹੋਇਆ : ਅਲਾਰਮ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਨੀਲ ਜਾਖੜ ਨੂੰ ਪੰਜਾਬ ਦਾ ਪ੍ਰਧਾਨ ਨਿਯੁਕਤ ਕਰਨ ਨਾਲ ਭਾਜਪਾ ਦਾ ਦਲਿਤ ਵਿਰੋਧੀ ਚਿਹਰਾ ਨੰਗਾ ਹੋਇਆ। ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਬਸਪਾ ਆਗੂ ਸ਼੍ਰੀ ਜਗਦੇਵ ਅਲਾਰਮ ਨੇ ਕਿਹਾ ਕਿ ਭਾਜਪਾ ਵੱਲੋਂ ਸੁਨੀਲ ਜਾਖੜ ਬਾਰੇ ਲਏ ਫੈਸਲੇ ਨਾਲ ਭਾਜਪਾ ਨੂੰ ਫਾਇਦਾ ਘੱਟ ਤੇ ਨੁਕਸਾਨ ਜ਼ਿਆਦਾ ਹੋਣ ਦੇ ਆਸਾਰ ਨਜ਼ਰ ਆ ਰਹੇ ਨੇ। ਆਪਣੀ ਗੱਲਬਾਤ ਦੌਰਾਨ ਸ਼੍ਰੀ ਅਲਾਰਮ ਨੇ ਜਾਖੜ ਦੀ ਸਾਫ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਸ: ਚਰਨਜੀਤ ਸਿੰਘ ਚੰਨੀ ਦੇ ਨਾਮ ਦਾ ਸਹਾਰਾ ਲੈ ਕੇ ਸਮੁੱਚੇ ਭਾਈਚਾਰੇ ਨੂੰ ਪੈਰ ਦੀ ਜੁੱਤੀ ਦੱਸਿਆ ਸੀ, ਜਿਸ ਦਾ ਜਵਾਬ ਆਉਣ ਵਾਲੇ 2024 ਦੇ ਇਲੈਕਸ਼ਨਾਂ ਵਿੱਚ ਪੰਜਾਬ ਦਾ ਦਲਿਤ ਭਾਈਚਾਰਾ ਸੂਤ ਸਮੇਤ ਜ਼ਰੂਰ ਵਾਪਸ ਕਰੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਸਰਕਾਰ ਦੀ ਵੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਦੀ ਭਰਤੀ ਵਿੱਚ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਮੈਰਿਟ ਵਿੱਚ ਆਏ ਲਗਭਗ 150 ਬੱਚਿਆਂ ਨੂੰ ਜੋ ਭਗਵੰਤ ਮਾਨ ਸਰਕਾਰ ਨੇ ਭਰਤੀ ਪ੍ਰਕਿਰਿਆ 'ਚੋਂ ਬਾਹਰ ਕੀਤਾ ਸੀ, ਇਸ ਨੂੰ ਵੀ ਦਲਿਤ ਭਾਈਚਾਰਾ ਕਦੇ ਨਹੀਂ ਭੁੱਲੇਗਾ।

# ਮੁਲਾਜ਼ਮਾਂ ਨੇ ਅਧੂਰੇ ਕੇਂਦਰੀ ਸਕੇਲ ਪੱਤਰ ਦੀਆਂ ਕਾਪੀਆਂ ਸਾੜੀਆਂ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਦੇ ਸੱਦੇ 'ਤੇ ਸਥਾਨਕ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ 17 ਜੁਲਾਈ 2020 ਦੇ ਅਧੂਰੇ ਕੇਂਦਰੀ ਪੇਅ ਸਕੇਲਾਂ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ। ਇਹ ਪੰਜਾਬ ਦੀ ਓਸ ਵੇਲੇ ਦੀ ਕਾਂਗਰਸ ਸਰਕਾਰ ਦੁਆਰਾ ਜਾਰੀ ਕੀਤਾ, ਉਹ ਕਾਲਾ ਨੋਟੀਫਿਕੇਸ਼ਨ ਹੈ, ਜਿਸ ਅਨੁਸਾਰ ਪੰਜਾਬ ਵਿੱਚ 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ 'ਤੇ ਸੇਵਾ ਨਿਯਮ ਤਾਂ ਪੰਜਾਬ ਦੇ ਲਾਗੂ ਹੋਣਗੇ, ਪਰ ਪੇਅ ਸਕੇਲ ਕੇਂਦਰ ਸਰਕਾਰ ਵਾਲੇ ਹੋਣਗੇ। ਇੱਥੇ ਇਹ ਵੀ ਵਰਣਨਯੋਗ ਹੈ ਕਿ ਇਸ ਪੱਤਰ ਅਨੁਸਾਰ ਲਾਗੂ ਸਕੇਲ ਨਾ ਹੀ ਪੰਜਾਬ ਦੇ ਹਨ ਤੇ ਨਾ ਹੀ ਕੇਂਦਰ ਦੇ। ਇਸ ਪੱਤਰ ਤੋਂ ਪ੍ਰਭਾਵਿਤ ਮੁਲਾਜ਼ਮ ਉਸ ਦਿਨ ਤੋਂ ਹੀ ਸਰਕਾਰ ਦੇ ਇਸ ਮੁਲਾਜ਼ਮ ਵਿਰੋਧੀ ਫੈਸਲੇ ਦਾ ਵਿਰੋਧ ਕਰਦੇ ਆ ਰਹੇ ਹਨ, ਜਿਸ ਤਰ੍ਹਾਂ ਕਾਂਗਰਸ ਦੀ ਸਰਕਾਰ ਨੇ ਕੋਰੋਨਾ ਕਾਲ ਵਿੱਚ ਬਿਨਾਂ ਕਿਸੇ ਚਰਚਾ ਤੋਂ 17 ਜੁਲਾਈ 2020 ਨੂੰ ਇਹ ਅਧੂਰੇ ਕੇਂਦਰੀ ਪੇਅ ਸਕੇਲਾਂ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਤੇ ਨਵੇਂ ਭਰਤੀ ਮੁਲਾਜ਼ਮਾਂ ਦੀ ਸੰਘੀ ਘੁੱਟਣ ਦਾ ਕੰਮ ਕੀਤਾ ਸੀ। ਉਸ ਬਲਦੀ ਅੱਗ ਉੱਪਰ ਪਾਣੀ ਦੀ ਬਜਾਏ ਤੇਲ ਪਾਉਣ ਦਾ ਕੰਮ ਹੀ ਮੌਜੂਦਾ ਸਰਕਾਰ ਨੇ ਕੀਤਾ ਹੈ। ਬੇਸ਼ੱਕ ਇਹ ਸਰਕਾਰ ਨੇ ਵਿਰੋਧੀ ਧਿਰ 'ਚ ਰਹਿੰਦਿਆਂ ਵੱਡੇ ਵੱਡੇ ਵਾਅਦੇ ਕੀਤੇ ਸਨ ਕਿ ਇਹ ਮੁਲਾਜ਼ਮ ਵਿਰੋਧੀ ਸਕੇਲ ਰੱਦ ਕਰਕੇ ਅਸੀਂ ਪੰਜਾਬ ਸਕੇਲ ਬਹਾਲ ਕਰਾਂਗੇ, ਪਰ ਇਸ ਸਰਕਾਰ ਦੇ ਵਾਅਦੇ ਵੀ ਝੂਠੇ ਨਿਕਲੇ ਹਨ।

ਇਸ ਸਰਕਾਰ ਨੇ ਤਾਂ ਅਧੂਰੇ ਸਕੇਲਾਂ ਉੱਪਰ ਅਧੂਰੇ ਭੱਤਿਆਂ ਦਾ ਪੱਤਰ ਜਾਰੀ ਕਰਕੇ ਪੀੜਤ ਮੁਲਾਜ਼ਮਾਂ ਦੇ ਜ਼ਖਮਾਂ 'ਤੇ ਲੂਣ ਪਾਉਣ ਦਾ ਕੰਮ ਕੀਤਾ ਹੈ। 17 ਜੁਲਾਈ 2020 ਦੇ ਅਧੂਰੇ ਕੇਂਦਰੀ ਪੇਅ ਸਕੇਲਾਂ ਦੇ ਨੋਟੀਫਿਕੇਸ਼ਨ ਕਰਕੇ ਇੱਕ ਮੁਲਾਜ਼ਮ ਨੂੰ 15 ਤੋਂ 20 ਹਜ਼ਾਰ ਪ੍ਰਤੀ ਮਹੀਨਾ ਤਨਖਾਹ ਦਾ ਘਾਟਾ ਪੈ ਰਿਹਾ ਹੈ। ਕਾਨੂੰਨੀ ਤੌਰ 'ਤੇ ਵੀ ਇਕ ਰਾਜ 'ਚ ਦੋ ਸਕੇਲ ਨਹੀਂ ਲਗਾਏ ਜਾ ਸਕਦੇ। ਮਹਿੰਗਾਈ ਵੱਧ ਰਹੀ ਹੈ ਤੇ ਸਰਕਾਰ ਨਵੇਂ ਭਰਤੀ ਮੁਲਾਜ਼ਮਾਂ ਦੀਆਂ ਤਨਖਾਹਾਂ ਘਟਾ ਰਹੀ ਹੈ। ਮੁਲਾਜ਼ਮ ਮੰਗ ਕਰ ਰਹੇ ਹਨ ਕਿ ਜਦ ਉਨ੍ਹਾਂ 'ਤੇ ਸਰਵਿਸ ਰੂਲਜ਼ ਪੰਜਾਬ ਦੇ ਲਾਗੂ ਹੁੰਦੇ ਹਨ, ਉਹ ਪੰਜਾਬ ਸਰਕਾਰ ਅਧੀਨ ਪੰਜਾਬ ਵਿੱਚ ਹੀ ਦੂਜੇ ਮੁਲਾਜ਼ਮਾਂ ਵਾਂਗ ਹੀ ਕੰਮ ਕਰ ਰਹੇ ਹਨ ਤਾਂ ਸਰਕਾਰ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਦਿਆਂ ਉਨ੍ਹਾਂ 'ਤੇ ਵੀ ਪੰਜਾਬ ਦਾ ਪੇਅ ਸਕੇਲ ਲਾਗੂ ਕਰੇ। ਇਸ ਲਈ ਮੁਲਾਜ਼ਮਾਂ ਵੱਲੋਂ ਰੋਸ ਪ੍ਰਗਟ ਕਰਦੇ ਹੋਏ ਇਨ੍ਹਾਂ ਅਧੂਰੇ ਕੇਂਦਰੀ ਪੇਅ ਸਕੇਲਾਂ ਦੀਆਂ ਕਾਪੀਆਂ ਸਾੜੀਆਂ ਗਈਆਂ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਜਲਦੀ ਹੀ ਪੰਜਾਬ ਦਾ ਪੇਅ ਸਕੇਲ ਬਹਾਲ ਨਹੀਂ ਕਰਦੀ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਹਰ ਹਲਕੇ ਵਿੱਚ ਰੋਸ ਮੁਜ਼ਾਹਰੇ ਕੀਤੇ ਜਾਣਗੇ।

## ਕਾਤਰਾਂ

### ਭਾਜਪਾ ਦੇ ਓ.ਬੀ.ਸੀ. ਵਿੰਗ ਦੀ ਮੀਟਿੰਗ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਇੱਕ ਨਿੱਜੀ ਹੋਟਲ ਵਿੱਚ ਓ.ਬੀ.ਸੀ. ਵਿੰਗ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ ਤੇ ਵਿੰਗ ਦਾ ਵਿਸਥਾਰ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੋਂ ਇਲਾਵਾ ਜ਼ਿਲ੍ਹੇ ਭਰ ਦੇ ਵੱਖ ਵੱਖ ਮੰਡਲਾਂ ਤੋਂ ਪ੍ਰਧਾਨਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਹੋਰ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਭਾਜਪਾ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦਾ ਪਾਰਟੀ ਵਿੱਚ ਆਉਣ 'ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਨੇ ਭਾਜਪਾ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦਾ ਸਵਾਗਤ ਕਰਦੇ ਕਿਹਾ ਕਿ ਇਨ੍ਹਾਂ ਦਾ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਕੀਤਾ ਜਾਵੇਗਾ।

### ਗਲੋਬਲ ਫਲਾਇਰਜ਼ ਵੱਲੋਂ ਠੰਢੇ ਤੇ ਮਿੱਠੇ ਜਲ ਦੀ ਸੇਵਾ



**ਬੱਧਨੀ ਕਲਾ/ਅਜੀਤਵਾਲ (ਨਛੱਤਰ ਸੰਧੂ)**-ਆਈਲਟਸ ਤੇ ਇੰਮੀਗਰੇਸ਼ਨ ਲਈ ਜਾਣੀ ਜਾਂਦੀ ਮਸ਼ਹੂਰ ਸੰਸਥਾ ਗਲੋਬਲ ਫਲਾਇਰਜ਼, ਜੋ ਮਿੰਨੀ ਬੱਸ ਸਟੈਂਡ ਲੋਪੋ ਰੋਡ ਬੱਧਨੀ ਕਲਾਂ (ਮੋਗਾ) ਵਿਖੇ ਹੈ ਤੇ ਵਰਕ ਪਰਮਿਟ ਵੀਜ਼ਾ ਤੇ ਵਿਜ਼ਿਟਰ ਵੀਜ਼ੇ 'ਚ ਮੁਹਾਰਤ ਹਾਸਲ ਕਰ ਚੁੱਕੀ ਇਸ ਸੰਸਥਾ ਵੱਲੋਂ ਸਤੰਬਰ ਦੇ 100 ਫੀਸਦੀ ਨਤੀਜਿਆਂ ਤੇ ਵਧ ਰਹੀ ਗਰਮੀ ਨੂੰ ਮੁੱਖ ਰਖਦੇ ਹੋਏ ਠੰਡੇ ਜਲ ਦੀ ਸੇਵਾ ਕਰਵਾਈ ਗਈ। ਐੱਮ ਡੀ ਰਜਤ ਪਲਤਾ ਨੇ ਦੱਸਿਆ ਕਿ ਮਿਹਨਤੀ ਤੇ ਤਜਰਬੇਕਾਰ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਪੂਰੀ ਲਗਨ ਨਾਲ ਸੇਵਾ ਕਰਵਾਈ ਗਈ। ਇਥੋਂ ਲੰਘਦੇ ਲੋਕਾਂ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ ਗਿਆ। ਇਸ ਮੌਕੇ ਖੁਸ਼ੀ ਜ਼ਾਹਰ ਕਰਦਿਆਂ ਐੱਮ ਡੀ ਰਜਤ ਪਲਤਾ ਨੇ ਪੂਰੇ ਸਟਾਫ ਸਦਕਾ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦੇ ਆਉਣ ਵਾਲੇ ਸੁਨਹਿਰੀ ਭਵਿੱਖ ਲਈ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

### ਸੁਖਬੀਰ ਨੂੰ ਨਾਨਕਾ ਪਰਵਾਰ ਨੇ ਦਿੱਤੀ ਜਨਮ ਦਿਨ ਦੀ ਵਧਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੇ ਜਨਮ ਦਿਨ ਮੌਕੇ ਉਨ੍ਹਾਂ ਦੇ ਨਾਨਕਾ ਫੱਤਣਵਾਲਾ ਪਰਿਵਾਰ ਨੇ ਸਾਦੇ ਢੰਗ ਨਾਲ ਬੁੱਕੇ ਦੇ ਕੇ ਵਧਾਈ ਦਿੱਤੀ। ਇਸ ਮੌਕੇ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਸਾਬਕਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਮਨਜੀਤ ਸਿੰਘ ਫੱਤਣਵਾਲਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਫਰੀਦਕੋਟ ਵੱਲੋਂ ਪਿੰਡ ਬਾਦਲ ਵਿਖੇ ਜਾ ਕੇ ਸੁਖਬੀਰ ਸਿੰਘ ਬਾਦਲ ਨੂੰ ਬੁੱਕੇ ਭੇਟ ਕਰਕੇ ਜਿੱਥੇ ਜਨਮ ਦਿਨ ਦੀ ਵਧਾਈ ਦਿੱਤੀ, ਉੱਥੇ ਸਵਰਗਵਾਸੀ ਪ੍ਰਕਾਸ਼ ਸਿੰਘ ਬਾਦਲ ਸਾਬਕਾ ਮੁੱਖ ਮੰਤਰੀ ਪੰਜਾਬ ਨੂੰ ਯਾਦ ਕਰਕੇ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕੀਤਾ ਗਿਆ। ਇਸ ਮੌਕੇ ਵਿਨੀਤ ਮਾਨ ਹੈਪੀ ਪੀ.ਏ. ਸੁਖਬੀਰ ਸਿੰਘ ਬਾਦਲ, ਏ.ਆਈ.ਜ. ਹਰਮੀਕ ਸਿੰਘ, ਮੀਡੀਆ ਅਡਵਾਈਜ਼ਰ ਰਜਯਾਦੀਪ, ਅਵਤਾਰ ਸਿੰਘ ਵਣਵਾਲਾ, ਮਨਰਾਜ ਸਿੰਘ ਬਰਾੜ, ਜੈਰਾਜ ਸਿੰਘ ਬਰਾੜ ਆਦਿ ਹਾਜ਼ਰ ਸਨ।

### 100 ਲੀਟਰ ਲਾਹਣ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ 100 ਲੀਟਰ ਲਾਹਣ ਬਰਾਮਦ ਕੀਤੀ ਹੈ। ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਗੁਰਦੇਵ ਰਾਜ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਮਹਾਲਮ ਪਹੁੰਚੇ ਤਾਂ ਮੁਖਬਰ ਖਾਸ ਪਾਸੋਂ ਇਤਲਾਹ ਮਿਲੀ ਕਿ ਅਸ਼ੋਕ ਕੁਮਾਰ ਪੁੱਤਰ ਕਸ਼ਮੀਰ ਸਿੰਘ ਵਾਸੀ ਗੁੰਮਾਨੀਵਾਲਾ ਖੂਹ ਦਾਖਲੀ ਵੈਰੋਕੇ ਨਜਾਇਜ਼ ਸ਼ਰਾਬ ਕੱਢਣ ਦਾ ਆਦੀ ਹੈ, ਜਿਸ 'ਤੇ ਪੁਲਸ ਪਾਰਟੀ ਨੇ ਉਸ ਦੇ ਘਰ ਵਿੱਚ ਛਾਪੇਮਾਰੀ ਕਰਕੇ 100 ਲੀਟਰ ਲਾਹਣ ਬਰਾਮਦ ਕੀਤੀ, ਜਦੋਂਕਿ ਅਸ਼ੋਕ ਕੁਮਾਰ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਵੱਲੋਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਡੀ ਏ ਵੀ ਪਬਲਿਕ ਸਕੂਲ ਵਿਖੇ ਅਲੰਕਰਣ ਸਮਾਰੋਹ




**ਰਾਜਪੁਰਾ (ਰਮੇਸ਼ ਕਟਾਰੀਆ)**-ਡੀ.ਏ.ਵੀ. ਪਬਲਿਕ ਸਕੂਲ ਰਾਜਪੁਰਾ ਵਿਖੇ ਪ੍ਰਿੰਸੀਪਲ ਅਲਪਨਾ ਪਾਠਕ ਦੀ ਅਗਵਾਈ ਹੇਠ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਸੱਭਿਆਚਾਰਕ ਪੇਸ਼ਕਾਰੀ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ। ਪ੍ਰੋਗਰਾਮ ਦੌਰਾਨ ਗਿਆਰਵੀਂ ਜਮਾਤ ਦੀ ਸਾਇੰਸ ਦੀ ਵਿਦਿਆਰਥਣ ਅਮਨਪ੍ਰੀਤ ਕੌਰ ਨੂੰ ਹੈੱਡ ਗਰਲ, ਬਾਰਵੀਂ ਜਮਾਤ ਦੇ ਵਿਦਿਆਰਥੀ ਏਕਲਵਿਆ ਨੂੰ ਹੈੱਡ ਬੁਆਏ ਤੇ ਸਪੋਰਟਸ ਕੈਪਟਨ, ਵਾਈਸ ਕੈਪਟਨ, ਕਲਚਰਲ ਕੈਪਟਨ, ਸਪੋਰਟਸ ਵਾਈਸ ਕੈਪਟਨ ਤੇ ਅਨੁਸ਼ਾਸਨ ਕੈਪਟਨ ਅਤੇ ਪ੍ਰੀਫੈਕਟਸ ਤੋਂ ਇਲਾਵਾ ਚਾਰੇ ਹਾਊਸਾਂ ਦੇ ਕੈਪਟਨ ਬਣਾਏ ਗਏ। ਇਸ ਮੌਕੇ ਵਿਦਿਆਰਥੀ ਕੌਂਸਲ ਦੇ ਸਾਰੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਗਈ। ਇਸ ਸਹੁੰ ਵਿੱਚ ਸਾਰੇ ਵਿਦਿਆਰਥੀਆਂ ਨੇ ਫੈਸਲਾ ਕੀਤਾ ਕਿ ਉਹ ਸਕੂਲ ਦੇ ਸਾਰੇ ਨਿਯਮਾਂ ਤੇ ਨਿਯਮਾਂ ਦੀ ਪਾਲਣਾ ਕਰਨਗੇ ਅਤੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਇਸ ਪ੍ਰੋਗਰਾਮ ਦੌਰਾਨ ਹਿੰਦੀ ਰਾਜ ਭਾਸ਼ਾ ਦੀ ਪ੍ਰੀਖਿਆ ਵਿੱਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਸਰਟੀਫਿਕੇਟ ਦਿੱਤੇ। ਇਸ ਮੌਕੇ ਸਹੁੰ ਚੁੱਕ ਸਮਾਗਮ ਉਪਰੰਤ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਨੇ ਬੱਚਿਆਂ ਨੂੰ ਉਨ੍ਹਾਂ ਦੇ ਅਹੁਦੇ ਤੇ ਡਿਊਟੀ ਦੀ ਸ਼ਾਨ ਦਾ ਅਹਿਸਾਸ ਕਰਵਾਇਆ। ਉਨ੍ਹਾ ਕਿਹਾ ਕਿ ਇਹ ਅਹੁਦਾ ਉਸ ਨੂੰ ਭਵਿੱਖ ਦੀਆਂ ਜ਼ਿੰਮੇਵਾਰੀਆਂ ਲਈ ਤਿਆਰ ਕਰੇਗਾ ਤੇ ਉਸ ਵਿੱਚ ਲੀਡਰਸ਼ਿਪ ਦੇ ਗੁਣ ਪੈਦਾ ਕਰੇਗਾ। ਇਸ ਅਹੁਦੇ ਨੂੰ ਸੰਭਾਲਣ ਸਮੇਂ ਉਸ ਨੂੰ ਸਮੇਂ ਦੀ ਨਾਜੁਕਤਾ ਤੇ ਆਪਸੀ ਸਮਝਦਾਰੀ ਦਿਖਾਉਣੀ ਪਵੇਗੀ। ਇਹ ਅਹੁਦੇ ਉਸ ਦੀ ਸ਼ਖਸੀਅਤ ਨੂੰ ਨਿਖਾਰਨ ਲਈ ਇੱਕ ਛੋਹ ਦਾ ਕੰਮ ਕਰਨਗੇ ਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਮਾਛੀਵਾੜਾ ਇਲਾਕੇ 'ਚ ਭਾਰੀ ਮੀਂਹ ਕਾਰਨ ਬਣੇ ਹੜ੍ਹ ਵਰਗੇ ਹਾਲਾਤ

■ ਸੜਕਾਂ 'ਚ ਪਿਆ ਪਾੜ, ਕਿਸਾਨਾਂ ਦੀ ਸੈਂਕੜੇ ਏਕੜ ਫਸਲ ਡੁੱਬੀ

■ ਪੁਲਸ ਪ੍ਰਸ਼ਾਸਨ ਨੇ ਸਤਲੁਜ 'ਚ ਫਸੇ ਲੋਕ ਸੁਰੱਖਿਅਤ ਬਾਹਰ ਕੱਢੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਇਲਾਕੇ ਦੇ ਪਿੰਡਾਂ ਵਿੱਚ ਪਿਛਲੇ 2 ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਾਰਨ ਹੜ੍ਹ ਵਰਗੇ ਹਾਲਾਤ ਬਣੇ ਹੋਏ ਹਨ ਤੇ ਕਿਸਾਨਾਂ ਦਾ ਸੈਂਕੜੇ ਏਕੜ ਨਵਾਂ ਬੀਜਿਆ ਝੋਨਾ ਡੁੱਬ ਗਿਆ ਹੈ ਅਤੇ ਕਈ ਸੜਕਾਂ ਵਿੱਚ ਪਾੜ ਪੈਣ ਕਾਰਨ ਖੇਤ ਦਰਿਆ ਬਣੇ ਦਿਖਾਈ ਦੇ ਰਹੇ ਹਨ। ਭਾਰੀ ਮੀਂਹ ਕਾਰਨ ਮਾਛੀਵਾੜਾ ਇਲਾਕੇ ਦਾ ਬੇਟ ਖੇਤਰ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਹੈ, ਜਿੱਥੇ ਕਿ ਪਿੰਡਾਂ ਵਿੱਚ ਹਰ ਪਾਸੇ ਖੇਤਾਂ ਵਿੱਚ ਪਾਣੀ ਹੀ ਪਾਣੀ ਦਿਖ ਰਿਹਾ ਹੈ। ਕਿਸਾਨਾਂ ਦੀ ਨਵੀਂ ਬੀਜੀ ਝੋਨੇ ਦੀ ਫਸਲ ਕਿਤੇ ਵੀ ਨਜ਼ਰ ਨਹੀਂ ਆ ਰਹੀ। ਇੱਥੋਂ ਤੱਕ ਕਿ ਪਾਣੀ ਦਾ ਪੱਧਰ ਐਨਾ ਵਧ ਗਿਆ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਤੋੜ ਕੇ ਪਾਰ ਕਰਦਾ ਹੋਇਆ ਦੂਜੇ ਪਿੰਡਾਂ ਵੱਲ ਨੂੰ ਵਧਦਾ ਜਾ ਰਿਹਾ ਹੈ। ਮਾਛੀਵਾੜਾ ਇਲਾਕੇ ਦੇ ਪਿੰਡ ਕਾਉਂਕੇ, ਨੂਰਪੁਰ, ਸ਼ਤਾਬਗੜ੍ਹ, ਬੁਰਜ ਪਵਾਤ, ਸ਼ੇਰਪੁਰ, ਸ਼ੇਰਗੜ੍ਹ, ਫਤਹਿਗੜ੍ਹ ਬੇਟ, ਮੰਡ ਸ਼ੇਰੀਆਂ, ਸੈਸੋਵਾਲ, ਪਵਾਤ ਵਿੱਚ ਹਾਲਾਤ ਇਹ ਹਨ ਕਿ ਕਿਤੇ ਤਾਂ ਸੜਕਾਂ ਵਿੱਚ ਮੀਂਹ ਦੇ ਪਾਣੀ ਨਾਲ ਪਾੜ ਪੈ ਗਿਆ ਅਤੇ ਕਈ ਥਾਵਾਂ 'ਤੇ ਨਿਕਾਸੀ ਲਈ ਸੜਕਾਂ ਨੂੰ ਤੋੜਨਾ ਪੈ ਰਿਹਾ ਹੈ। ਅਜੇ ਤੱਕ ਕੁੱਲ ਕਿੰਨੇ ਏਕੜ ਮੀਂਹ ਨਾਲ ਪ੍ਰਭਾਵਿਤ ਹੋਈ, ਇਸ ਬਾਰੇ ਸਹੀ ਅੰਕੜਾ ਤਾਂ ਨਹੀਂ ਮਿਲਿਆ, ਪਰ ਕਿਸਾਨ ਚਿੰਤਤ ਹਨ ਕਿ ਜੇਕਰ ਖੇਤਾਂ ਵਿੱਚ ਪਾਣੀ ਉਤਰਨ ਤੋਂ ਬਾਅਦ ਝੋਨਾ ਠੀਕ ਨਾ ਰਿਹਾ ਤਾਂ ਉਨ੍ਹਾਂ ਨੂੰ ਮੁੜ ਤੋਂ ਪ੍ਰਤੀ ਏਕੜ ਹਜ਼ਾਰਾਂ ਰੁਪਏ ਖਰਚ ਕੇ ਇਸ ਦੀ ਬਿਜਾਈ ਦੁਬਾਰਾ ਕਰਨੀ ਪਵੇਗੀ। ਉਧਰ ਦੂਸਰੇ ਪਾਸੇ ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਵਧਦਾ ਜਾ ਰਿਹਾ ਹੈ ਅਤੇ ਦਰਿਆ ਅੰਦਰ ਕਿਸਾਨਾਂ ਵੱਲੋਂ ਬੀਜਿਆ ਝੋਨਾ, ਪਸ਼ੂਆਂ ਲਈ ਹਰਾ ਚਾਰਾ ਤੇ ਹੋਰ ਫਸਲਾਂ ਪੂਰੀ ਤਰ੍ਹਾਂ ਡੁੱਬ ਚੁੱਕੀਆਂ ਹਨ। ਅੱਜ ਸਵੇਰੇ ਜਦੋਂ ਪ੍ਰਸ਼ਾਸਨ ਨੂੰ ਪਤਾ ਲੱਗਾ ਕਿ ਸੈਸੋਵਾਲ ਨੇੜੇ ਸਤਲੁਜ ਦਰਿਆ ਅੰਦਰ ਖੇਤਾਂ ਵਿੱਚ ਝੁੱਗੀਆਂ ਬਣਾ ਕੇ ਬੈਠੇ 22 ਪੁਰਸ਼, ਔਰਤਾਂ ਤੇ ਬੱਚੇ ਪਾਣੀ ਦਾ ਪੱਧਰ ਵਧਣ ਕਾਰਨ ਵਿਚਕਾਰ ਫਸ ਗਏ ਹਨ ਤਾਂ ਉਨ੍ਹਾਂ ਨੂੰ ਬਚਾਉਣ ਦੇ ਯਤਨ ਸ਼ੁਰੂ ਕੀਤੇ ਗਏ। ਸਮਰਾਲਾ ਹਲਕੇ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸਬ-ਡਵੀਜ਼ਨ ਦੇ ਐੱਸ ਡੀ ਐੱਮ ਕੁਲਦੀਪ ਬਾਵਾ, ਡੀ ਐੱਸ ਪੀ ਵਰਿਆਮ ਸਿੰਘ, ਸਬ-ਇੰਸਪੈਕਟਰ ਸੰਤੋਖ ਸਿੰਘ ਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਸ਼ਤੀਆਂ ਦਾ ਇੰਤਜ਼ਾਮ ਕੀਤਾ ਗਿਆ ਅਤੇ ਦਰਿਆ ਅੰਦਰ ਖੇਤਾਂ ਵਿੱਚ ਫਸੇ ਮਜ਼ਦੂਰਾਂ ਨੂੰ ਬਾਹਰ ਸੁਰੱਖਿਅਤ ਕੱਢਿਆ ਗਿਆ। ਪ੍ਰਸ਼ਾਸਨ ਵੱਲੋਂ ਜਾਣਕਾਰੀ ਅਨੁਸਾਰ ਇਹ ਮਜ਼ਦੂਰ ਦਰਿਆ ਅੰਦਰ ਵਾਹੀਯੋਗ ਜ਼ਮੀਨ ਵਿੱਚ ਖੇਤੀ ਕਰਦੇ ਸਨ ਤੇ ਉੱਥੇ ਝੁੱਗੀਆਂ ਬਣਾ ਕੇ ਰਹਿੰਦੇ ਸਨ, ਪਰ ਰਾਤ ਨੂੰ ਪਾਣੀ ਦਾ ਪੱਧਰ ਇੱਕਦਮ ਵਧ ਗਿਆ, ਜਿਸ ਕਾਰਨ ਇਹ ਅੰਦਰ ਫਸ ਗਏ ਸਨ। ਪ੍ਰਸ਼ਾਸਨ ਵੱਲੋਂ 3 ਵਾਰ ਕਿਸ਼ਤੀ ਦਰਿਆ ਅੰਦਰ ਬਣੀਆਂ ਝੁੱਗੀਆਂ ਕੋਲ ਭੇਜੀ ਗਈ ਅਤੇ ਉਨ੍ਹਾਂ ਨੂੰ ਸਾਮਾਨ ਸਮੇਤ ਬਾਹਰ ਸੁਰੱਖਿਅਤ ਕੱਢ ਲਿਆ ਗਿਆ।

# ਰਿਦਮ ਕੌਰ ਬਣੀ ਨੌਰਵੇ 'ਚ ਸਭ ਤੋਂ ਛੋਟੀ ਉਮਰ ਦੀ ਮੈਗਜ਼ੀਨ ਸੰਪਾਦਕ

■ ਧੀਆਂ ਨੂੰ ਜ਼ਿੰਦਗੀ 'ਚ ਅੱਗੇ ਵਧਣ ਦੇ ਵੱਧ ਤੋਂ ਵੱਧ ਮੌਕੇ ਦੇਣੇ ਚਾਹੀਦੇ : ਪਰਮਜੀਤ ਕੌਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪੰਜਾਬ ਦੀ ਧਰਤੀ ਤੋਂ ਉੱਠ ਕੇ ਪੰਜਾਬੀਆਂ ਨੇ ਦੁਨੀਆ ਵਿੱਚ ਹਰ ਪਾਸੇ ਕਾਮਯਾਬੀ ਦੇ ਝੰਡੇ ਗੱਡ ਕੇ ਨਾਮਣਾ ਖੱਟਿਆ ਹੈ। ਇਸੇ ਲੜੀ ਨੂੰ ਅੱਗੇ ਤੋਰਦਿਆਂ 11 ਸਾਲਾ ਰਿਦਮ ਕੌਰ ਨੇ ਨਾਰਵੇ ਵਿੱਚ ਸਭ ਤੋਂ ਛੋਟੀ ਉਮਰ ਦੀ ਮੈਗਜ਼ੀਨ ਸੰਪਾਦਕ ਬਣ ਕੇ ਪੰਜਾਬੀਆਂ ਦਾ ਮਾਣ ਵਧਾਇਆ ਹੈ। ਰਿਦਮ ਕੌਰ ਪੁਤਰੀ ਅੰਮ੍ਰਿਤਪਾਲ ਸਿੰਘ ਤੇ ਮਨਦੀਪ ਕੌਰ ਨੇ ਇੰਟਰਨੈਸ਼ਨਲ ਮੈਗਜ਼ੀਨ 'ਡੋਨਲਡ ਡੱਕ' ਦੀ ਮਹਿਮਾਨ ਸੰਪਾਦਕ ਬਣਨ ਦਾ ਮਾਣ ਹਾਸਲ ਕੀਤਾ ਹੈ। ਜ਼ਿਕਰਯੋਗ ਹੈ ਕਿ ਰਿਦਮ ਕੌਰ ਉੱਘੀ ਲੇਖਕਾ ਬੀਬੀ ਪਰਮਜੀਤ ਕੌਰ ਸਰਹਿੰਦ ਤੇ ਊਧਮ ਸਿੰਘ ਦੀ ਦੋਹਤੀ ਹੈ। ਇਸ ਬਾਬਤ ਨੌਰਵੇ ਤੋਂ ਪਰਮਜੀਤ ਕੌਰ ਸਰਹਿੰਦ ਤੇ ਉਨ੍ਹਾਂ ਦੇ ਪਤੀ ਊਧਮ ਸਿੰਘ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਰਿਦਮ ਕੌਰ ਨੇ ਨੌਰਵੇ ਵਿੱਚ ਪਹਿਲੀ ਪੰਜਾਬੀ (ਭਾਰਤੀ) ਤੇ ਇਸ ਖੇਤਰ 'ਚ ਹੁਣ ਤੱਕ ਸੱਭ ਤੋਂ ਛੋਟੀ ਉਮਰ ਦੀ ਬੱਚੀ ਵਜੋਂ ਇਹ ਪ੍ਰਾਪਤੀ ਹਾਸਲ ਕੀਤੀ ਹੈ। ਇਹ ਮੈਗਜ਼ੀਨ ਸੰਨ 1948 ਤੋਂ ਹਰ ਹਫਤੇ ਵੱਡੇ ਪੱਧਰ 'ਤੇ ਛਪਦਾ ਹੈ, ਜੋ ਬੱਚਿਆਂ ਸਮੇਤ ਹਰ ਉਮਰ ਦੇ ਲੋਕਾਂ 'ਚ ਹਰਮਨ ਪਿਆਰਾ ਹੈ। ਉਨ੍ਹਾਂ ਦੱਸਿਆ ਕਿ ਰਿਦਮ ਨੇ ਪਹਿਲਾਂ ਪਹਿਲ ਇੱਕ ਕਹਾਣੀ ਲਿਖੀ, ਫਰੰਟ ਪੇਜ ਬਣਾਇਆ, ਡੋਨਲਡ ਆਰਕਾਈਵ ਨੂੰ ਜਾਣਿਆ, ਕਹਾਣੀਆਂ, ਚੁਟਕਲੇ, ਬੁਝਾਰਤਾਂ ਤੇ ਇੱਕ ਕਵਿੱਜ਼ ਬਣਾਇਆ। ਬੱਚੀ ਦੀ ਪ੍ਰਤਿਭਾ ਤੋਂ ਪ੍ਰਭਾਵਿਤ ਹੋ ਕੇ ਅਦਾਰਾ ਡੋਨਲਡ ਡੱਕ ਨੇ ਉਸ ਨੂੰ ਇਹ ਅਹੁਦਾ ਦਿੱਤਾ।

ਪਰਮਜੀਤ ਕੌਰ ਸਰਹਿੰਦ ਨੇ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਉਨ੍ਹਾਂ ਦੀ ਦੋਹਤੀ ਰਿਦਮ ਕੌਰ ਦੇ ਨਾਲ ਨਾਲ ਇੰਗਲੈਂਡ ਵਿੱਚ ਵਸਦੀ ਉਨ੍ਹਾਂ ਦੀ ਵੱਡੀ ਧੀ ਸਨਦੀਪ ਕੌਰ ਦੀ 16 ਸਾਲਾ ਧੀ ਅਵਿਨਾਸ਼ ਕੌਰ ਵੀ ਵਧੀਆ ਕਲਮਕਾਰ ਵਜੋਂ ਕਈ ਮਾਣ ਸਨਮਾਨ ਪ੍ਰਾਪਤ ਕਰ ਚੁੱਕੀ ਹੈ। ਪਰਿਵਾਰ ਵਿੱਚੋਂ ਉਹ ਇਨ੍ਹਾਂ ਦੋਵਾਂ ਬੱਚੀਆਂ ਨੂੰ ਆਪਣੀ ਕਲਮ ਦੇ ਵਾਰਸ ਮੰਨਦੇ ਹਨ। ਬੀਬੀ ਪਰਮਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਧੀਆਂ ਨੂੰ ਜ਼ਿੰਦਗੀ 'ਚ ਅੱਗੇ ਵਧਣ ਦੇ ਵੱਧ ਤੋਂ ਵੱਧ ਮੌਕੇ ਦੇਣੇ ਚਾਹੀਦੇ ਹਨ।

# ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ, ਜ਼ਿਲ੍ਹਾ ਪ੍ਰਸ਼ਾਸਨ ਵੀ ਚੌਕਸ : ਸਾਕਸ਼ੀ ਸਾਹਨੀ

**ਕਿਸੇ ਵੀ ਤਰ੍ਹਾਂ ਦੀ ਸਮੱਸਿਆ ਲਈ ਫਲੱਡ ਕੰਟਰੋਲ ਰੂਮ ਦੇ ਨੰਬਰ 01752350550 'ਤੇ ਕੀਤਾ ਜਾਵੇ ਸੰਪਰਕ**



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਵਰ੍ਹਦੇ ਮੀਂਹ 'ਚ ਪਟਿਆਲਾ ਦੀ ਵੱਡੀ ਤੇ ਛੋਟੀ ਨਦੀ ਸਮੇਤ ਜ਼ਿਲ੍ਹੇ 'ਚੋਂ ਲੰਘਦੀਆਂ ਨਦੀਆਂ, ਘੱਗਰ ਤੇ ਟਾਂਗਰੀ 'ਚ ਵਹਿ ਰਹੇ ਪਾਣੀ ਦਾ ਜਾਇਜ਼ਾ ਲੈਣ ਲਈ ਪਿੰਡ ਬਾਦਸ਼ਾਹਪੁਰ, ਸਿਰਕੱਪੜਾ ਤੇ ਮਾੜੂ ਪਿੰਡਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾ ਲੋਕਾਂ ਨਾਲ ਗੱਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਮਾਨ ਖੁਦ ਨਿਗਰਾਨੀ ਕਰ ਰਹੇ ਹਨ ਤੇ ਸਥਿਤੀ ਪੂਰੀ ਤਰ੍ਹਾਂ ਨਿਯੰਤਰਣ ਹੇਠ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਦੀ ਜ਼ਰੂਰਤ ਨਹੀਂ ਹੈ। ਉਨ੍ਹਾ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਪੂਰੀ ਟੀਮ ਜ਼ਿਲ੍ਹਾ ਵਾਸੀਆਂ ਦੀ ਸੁਰੱਖਿਆ ਲਈ 24 ਘੰਟੇ ਡਿਊਟੀ 'ਤੇ ਤਾਇਨਾਤ ਹੈ। ਸਾਕਸ਼ੀ ਸਾਹਨੀ ਨੇ ਦੱਸਿਆ ਕਿ ਵੱਡੀ ਨਦੀ ਨੇੜੇ ਵਸੇ ਵੱਡਾ ਅਰਾਈਂ ਮਾਜਰਾ ਦੇ ਵਸਨੀਕਾਂ ਨੂੰ ਇਹਤਿਆਤ ਵਜੋਂ ਦੇਵੀਗੜ੍ਹ ਰੋਡ 'ਤੇ ਸਥਿਤ ਪ੍ਰੇਮ ਬਾਗ ਪੈਲੇਸ ਵਿਖੇ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾ ਵੱਡਾ ਅਰਾਈਂ ਮਾਜਰਾ ਦੇ ਵਸਨੀਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪ੍ਰੇਮ ਬਾਗ ਪੈਲੇਸ ਵਿਖੇ ਪਹੁੰਚਣ ਤੇ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਨਾਇਬ ਤਹਿਸੀਲਦਾਰ ਪਵਨਦੀਪ ਸਿੰਘ ਮੋਬ. ਨੰ: 9872200663 ਜਾਂ ਫੇਰ ਫਲੱਡ ਕੰਟਰੋਲ ਰੂਮ ਨੰਬਰ 01752350550 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਉਨ੍ਹਾ ਪ੍ਰੇਮ ਬਾਗ ਪੈਲੇਸ ਵਿਖੇ ਜਾ ਕੇ ਲੋਕਾਂ ਦੇ ਰਹਿਣ-ਸਹਿਣ ਦੀਆਂ ਤਿਆਰੀਆਂ ਦਾ ਜਾਇਜ਼ਾ ਵੀ ਲਿਆ।

# ਸੂਬੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਵਿਗੜੀ : ਹਰਸਿਮਰਤ



**ਭੀਖੀ (ਧਰਮਵੀਰ ਸ਼ਰਮਾ)**-ਸੂਬੇ ਅੰਦਰ ਅਮਨ ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ ਤੇ ਰੋਜ਼ਾਨਾ ਕਤਲ, ਲੁੱਟਮਾਰ ਤੇ ਡਕੈਤੀ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ ਅਤੇ ਸੂਬਾ ਸਰਕਾਰ ਮੂਕਦਰਸ਼ਕ ਬਣ ਕੇ ਸਭ ਕੁੱਝ ਦੇਖ ਰਹੀ ਹੈ। ਇਹ ਪ੍ਰਗਟਾਵਾ ਸਾਬਕਾ ਕੇਂਦਰੀ ਮੰਤਰੀ ਤੇ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਆਪਣੇ ਭੀਖੀ ਖੇਤਰ ਦੇ ਦੌਰੇ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਮਨ ਕਾਨੂੰਨ ਦੀ ਸਥਿਤੀ ਕਾਬੂ ਕਰਨ ਵਿੱਚ ਅਸਫਲ ਸਾਬਿਤ ਹੋਈ ਹੈ। ਬੀਬਾ ਬਾਦਲ ਨੇ ਕਿਹਾ ਕਿ ਸੂਬੇ ਦੀ ਆਪ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਉਨ੍ਹਾਂ 'ਤੇ ਡਾਗਾਂ ਵਰ੍ਹਾਉਣ 'ਤੇ ਤੁਲੀ ਹੋਈ ਹੈ, ਜਿਸ ਨਾਲ ਲੋਕਤੰਤਰ ਦੀ ਹੱਤਿਆ ਹੋ ਰਹੀ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਵੱਲੋਂ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ 'ਤੇ ਖਰਚ ਕੀਤੇ ਜਾ ਰਹੇ ਹਨ, ਜੋ ਕਿ ਪੰਜਾਬ ਦੇ ਨਾਲ ਨਾਲ ਹੋਰ ਸੂਬਿਆਂ ਨੂੰ ਵੀ ਦਿੱਤੇ ਜਾ ਰਹੇ ਹਨ ਤਾਂ ਕਿ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਸੂਬੇ ਅੰਦਰ ਨਸ਼ਿਆਂ ਦਾ ਬੋਲਬਾਲਾ ਹੋਣ ਕਰਕੇ ਨੌਜਵਾਨ ਪੀੜ੍ਹੀ ਨਸ਼ੇ ਦੀ ਦਲਦਲ ਵਿੱਚ ਧਸਦੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੇ ਔਰਤਾਂ ਦੇ ਖਾਤਿਆਂ ਵਿੱਚ ਇੱਕ ਹਜ਼ਾਰ ਰੁਪਏ ਪਾਉਣ ਦਾ ਵਾਅਦਾ ਕਰਕੇ ਹਾਲੇ ਤੱਕ ਕੁੱਝ ਵੀ ਨਹੀਂ ਪਾਇਆ, ਜਿਸ ਨੇ ਸੂਬੇ ਦੀਆਂ ਮਹਿਲਾਵਾਂ ਨਾਲ ਵਾਅਦਾ ਖਿਲਾਫੀ ਕੀਤੀ ਹੈ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਆਪਣੇ ਚਹੇਤਿਆਂ ਨੂੰ ਰਾਸ਼ਨ ਦੇ ਕੇ ਲੋੜਵੰਦ ਗਰੀਬ ਪਰਿਵਾਰਾਂ ਦੇ ਰਾਸ਼ਨ ਕੱਟ ਰਹੀ ਹੈ, ਜਿਸ ਨੂੰ ਸ਼੍ਰੋਮਣੀ ਅਕਾਲੀ ਦਲ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਭੀਖੀ ਦੌਰੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਕੁਮਾਰ ਅਰੋੜਾ ਤੇ ਸ਼ਹਿਰੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਭੀਮ ਸੈਨ ਬਾਂਸਲ ਨੇ ਬੀਬਾ ਬਾਦਲ ਦਾ ਭਰਵਾਂ ਸਵਾਗਤ ਕੀਤਾ।

ਇਸ ਮੌਕੇ ਉਨ੍ਹਾ ਵਪਾਰੀ ਵਰਗ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਵੀ ਦਿੱਤਾ। ਬੀਬਾ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਪਰਿਵਾਰਾਂ ਦੇ ਵਿੱਛੜ ਚੁੱਕੇ ਮੈਂਬਰਾਂ ਦੇ ਘਰ ਜਾ ਕੇ ਅਫਸੋਸ ਵੀ ਪ੍ਰਗਟ ਕੀਤਾ।

# ਜਾਗ੍ਰਿਤ ਆਦਿਵਾਸੀ ਦਲਿਤ ਸੰਗਠਨ ਕਾਰਕੁਨ ਮਾਧੁਰੀ ਨੂੰ ਜ਼ਿਲ੍ਹਾ ਹੱਦ ਤੋਂ ਬਾਹਰ ਕਰਨ ਦੀ ਨਿੰਦਾ

■ ਮਾਧੁਰੀ ਨੂੰ ਜ਼ਿਲ੍ਹਾ ਬੁਰਹਾਨਪੁਰ ਤੋਂ ਬਾਹਰ ਰਹਿਣ ਦਾ ਤੁਗਲਕੀ ਫਰਮਾਨ ਵਾਪਸ ਲਿਆ ਜਾਵੇ : ਆਗੂ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਹਾਲੇ ਕੁੱਝ ਦਿਨ ਪਹਿਲਾਂ ਮੱਧ ਪ੍ਰਦੇਸ਼ ਵਿੱਚ ਭਾਜਪਾ ਦੀ ਇੱਕ ਹੰਕਾਰੀ ਕਤ੍ਹੀੜ ਵੱਲੋਂ ਇੱਕ ਗ਼ਰੀਬ ਦੇ ਸਿਰ 'ਤੇ ਸਿਗਰਟ ਪੀਣ ਦੌਰਾਨ ਪਿਸ਼ਾਬ ਕਰਨ ਦੀ ਘਟਨਾ ਵਾਪਰੀ ਸੀ। ਉਹ ਗਰੀਬ ਐਨਾ ਡਰਿਆ ਹੋਇਆ ਸੀ ਕਿ ਭੱਜਣ ਜਾਂ ਰੌਲਾ ਪਾਉਣ ਦਾ ਵੀ ਹੌਸਲਾ ਨਹੀਂ ਕਰ ਸਕਿਆ। ਭਾਜਪਾ ਦੇ ਮੁੱਖ ਮੰਤਰੀ ਵੱਲੋਂ ਉਸ ਦੇ ਪੈਰ ਧੋ ਕੇ ਬਦਨਾਮੀ ਧੋਣ ਦਾ ਯਤਨ ਕੀਤੇ ਜਾਣ ਵਾਲੀ ਖਬਰ ਦੀ ਹਾਲੇ ਸਿਆਹੀ ਵੀ ਨਹੀਂ ਸੀ ਸੁੱਕੀ ਕਿ ਮੱਧ ਪ੍ਰਦੇਸ਼ ਸਰਕਾਰ ਦਾ ਆਪਣੇ ਹੱਕਾਂ ਤੇ ਜ਼ੁਲਮਾਂ ਖਿਲਾਫ਼ ਸੰਘਰਸ਼ ਕਰ ਰਹੇ ਦਲਿਤ ਆਦਿਵਾਸੀ ਲਹਿਰ ਨੂੰ ਕੁਚਲਣ ਦਾ ਨਵਾਂ ਤੁਗਲਕੀ ਫੁਰਮਾਨ ਸਾਹਮਣੇ ਆਇਆ ਹੈ। ਜਾਗ੍ਰਿਤ ਆਦਿਵਾਸੀ ਦਲਿਤ ਸੰਗਠਨ ਕਾਰਕੁਨ ਮਾਧੁਰੀ ਨੂੰ ਇੱਕ ਸਾਲ ਲਈ ਬੁਰਹਾਨਪੁਰ ਜ਼ਿਲ੍ਹੇ ਤੋਂ ਬਾਹਰ ਕੱਢਣ ਦਾ ਤੁਗਲਕੀ ਫੁਰਮਾਨ ਜਾਰੀ ਕਰ ਦਿੱਤਾ ਹੈ। ਦਲਿਤ ਆਦਿਵਾਸੀ ਕਾਰਕੁਨ ਪੁੱਛਦੇ ਹਨ ਕਿ ਮੱਧ ਪ੍ਰਦੇਸ਼ ਸਰਕਾਰ ਆਦਿਵਾਸੀਆਂ ਤੋਂ ਕਿਉਂ ਡਰਦੀ ਹੈ, ਜਿਹੜੇ ਸਵਾਲ ਪੁੱਛਦੇ ਹਨ ਤੇ ਜਵਾਬਦੇਹੀ ਦੀ ਮੰਗ ਕਰਦੇ ਹਨ। ਜਿਵੇਂ ਕਿ ਮੱਧ ਪ੍ਰਦੇਸ਼ ਵਿੱਚ ਵਿਧਾਨ ਸਭਾ ਚੋਣਾਂ ਨੇੜੇ ਹਨ, ਮੱਧ ਪ੍ਰਦੇਸ਼ ਸਰਕਾਰ ਆਦਿਵਾਸੀਆਂ ਦੀ ਮੱਧ ਪ੍ਰਦੇਸ਼ ਸਰਕਾਰ ਤੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ 15000 ਏਕੜ ਜੰਗਲ ਦੀ ਨਾਜਾਇਜ਼ ਕਟਾਈ ਦੇ ਪਰਦਾਚਾਕ ਕਰਨ ਦੀ ਲਹਿਰ ਨੂੰ ਕੁਚਲ ਰਹੀ ਹੈ। ਇਨਕਲਾਬੀ ਕੇਂਦਰ ਪੰਜਾਬ ਮੱਧ ਪ੍ਰਦੇਸ਼ ਸਰਕਾਰ ਦੀ ਆਦਿਵਾਸੀ ਲਹਿਰ ਉੱਪਰ ਬੋਲੇ ਹੱਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ ਤੇ ਮੰਗ ਕਰਦਾ ਹੈ ਕਿ ਦਲਿਤ ਆਦਿਵਾਸੀ ਕਾਰਕੁਨ ਮਾਧੁਰੀ ਨੂੰ ਜ਼ਿਲ੍ਹਾ ਬੁਰਹਾਨਪੁਰ ਤੋਂ ਬਾਹਰ ਰਹਿਣ ਦਾ ਤੁਗਲਕੀ ਫਰਮਾਨ ਵਾਪਸ ਲਿਆ ਜਾਵੇ। ਜਥੇਬੰਦੀ ਦੇ ਸੂਬਾ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਸੂਬਾ ਕਮੇਟੀ ਮੈਂਬਰਾਂ ਮੁਖਤਿਆਰ ਸਿੰਘ ਪੂਹਲਾ, ਜਸਵੰਤ ਸਿੰਘ ਜੀਰਖ ਤੇ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਪ੍ਰੈੱਸ ਨੂੰ ਜਾਰੀ ਸਾਂਝੇ ਬਿਆਨ 'ਚ ਕਿਹਾ ਕਿ ਮੁੱਖ ਮੰਤਰੀ ਸ਼ਿਵ ਰਾਜ ਸਿੰਘ ਚੌਹਾਨ ਦੀ ਅਗਵਾਈ ਹੇਠ ਕੰਮ ਕਰਦੀ ਸਰਕਾਰ ਆਰ ਐੱਸ ਐੱਸ ਦੀ ਅਗਵਾਈ ਵਾਲੇ ਨਾਗਪੁਰੀਏ ਸੱਪਾਂ ਦੀ ਮਨੂੰਵਾਦੀ ਸੋਚ ਦੀ ਧਾਰਨੀ ਹੈ, ਜੋ ਦਲਿਤਾਂ, ਆਦਿਵਾਸੀਆਂ ਤੇ ਘੱਟ ਗਿਣਤੀਆਂ ਨੂੰ ਮਿੱਥ ਕੇ ਨਿਸ਼ਾਨਾ ਬਣਾ ਰਹੀ ਹੈ। ਮੋਦੀ ਹਕੂਮਤ ਜਿੱਥੇ ਮੁਲਕ ਦੇ ਕੁਦਰਤੀ ਮਾਲ ਖਜ਼ਾਨਿਆਂ ਨੂੰ ਆਪਣੇ ਲੰਗੋਟੀਏ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਲੁਟਾ ਰਹੀ ਹੈ, ਉੱਥੇ ਦੂਜੇ ਪਾਸੇ ਫਿਰਕੂ ਫਾਸ਼ੀ ਹੱਲੇ ਰਾਹੀਂ ਸਟੇਟ/ਰਿਆਸਤ ਵਿਰੋਧੀ ਹਰ ਆਵਾਜ਼ ਨੂੰ ਜਾਬਰ ਹੱਥਕੰਡਿਆਂ ਰਾਹੀਂ ਕੁਚਲ ਰਹੀ ਹੈ। ਇਨਕਲਾਬੀ ਕੇਂਦਰ ਪੰਜਾਬ ਸਮੂਹ ਇਨਕਲਾਬੀ ਤੇ ਜਮਹੂਰੀਅਤ ਪਸੰਦ ਤਾਕਤਾਂ ਨੂੰ ਮੋਦੀ ਹਕੂਮਤ ਦੇ ਮਨਸੂਬਿਆਂ ਨੂੰ ਸਮਝ ਕੇ ਵਿਸ਼ਾਲ ਟਾਕਰੇ ਦੀ ਲਹਿਰ ਖੜੀ ਕਰਨ ਲਈ ਅੱਗੇ ਆਉਣ ਦੀ ਅਪੀਲ ਕਰਦਾ ਹੈ।

# ਸਰਕਾਰ ਡਿਵੈੱਲਪਮੈਂਟ ਲਈ ਫਜ਼ੂਲ ਖਰਚਿਆਂ 'ਤੇ ਰੋਕ ਲਗਾਵੇ : ਆਗੂ

■ ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**-ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਮੱਘਰ ਸਿੰਘ ਚਾਹਿਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਬੀਬੀ ਕਾਹਨ ਕੌਰ ਵਿਖੇ ਹੋਈ। ਮੀਟਿੰਗ ਦੌਰਾਨ ਸਰਕਾਰ ਦੇ ਨਾਦਰਸ਼ਾਹੀ ਫੁਰਮਾਨ ਪੈਨਸ਼ਨਰਜ਼ 'ਤੇ ਲਗਾਏ ਗਏ ਡਿਵੈਲਪਮੈਂਟ ਟੈਕਸ ਦਾ ਜ਼ਜ਼ਬਰਦਸਤ ਵਿਰੋਧ ਕੀਤਾ ਗਿਆ। ਸਰਕਾਰ ਵੱਲੋਂ ਰਿਟਾਇਰਡ ਪੈਨਸ਼ਨਰਜ਼, ਮੁਲਾਜ਼ਮਾਂ 'ਤੇ ਡਿਵੈਲਪਮੈਂਟ ਟੈਕਸ ਲਾ ਕੇ ਜੋ ਨਾਦਰਸ਼ਾਹੀ ਫੁਰਮਾਨ ਜਾਰੀ ਕੀਤਾ ਗਿਆ, ਇਸ ਨੂੰ ਵਾਪਸ ਲਿਆ ਜਾਵੇ, ਪੰਜਾਬ ਦੇ ਪੈਨਸ਼ਨਰਜ਼ ਨੂੰ ਕੇਂਦਰ ਸਰਕਾਰ ਦੀ ਤਰਜ਼ 'ਤੇ ਡੀ ਏ ਦਿੱਤਾ ਜਾਵੇ, 6 ਜੂਨ ਦੀ ਮੀਟਿੰਗ ਦੌਰਾਨ ਜੋ ਡਿਪਟੀ ਕਮਿਸ਼ਨਰ ਨੂੰ ਐਸੋਸੀਏਸ਼ਨ ਸਾਥੀਆਂ ਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਮੰਗ ਪੱਤਰ ਦਿੱਤਾ ਗਿਆ ਸੀ, ਉਸ ਨੂੰ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇ ਤੇ ਉਨ੍ਹਾਂ ਦੇ ਬਕਾਇਆ ਮੈਡੀਕਲ ਬਿੱਲਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਇੱਕ ਮਹਿੰਗਾਈ ਦੀ ਮਾਰ, ਦੂਸਰੇ ਡਾਕਟਰੀ ਇਲਾਜ ਮਹਿੰਗੇ, ਤੀਸਰਾ ਪਿਛਲੇ ਲੰਬੇ ਸਮੇਂ ਤੋਂ ਡੀ ਏ ਦੀਆਂ ਕਿਸ਼ਤਾਂ ਦਾ ਸਰਕਾਰ ਵੱਲੋ ਜਾਰੀ ਨਾ ਕਰਨਾ, ਚੌਥਾ ਦੋ ਸੌ ਰੁਪਏ ਪ੍ਰਤੀ ਮਹੀਨਾ ਡਿਵੈਲਪਮੈਂਟ ਟੈਕਸ ਲਗਾ ਕੇ ਬੋਝ ਪਾਉਣਾ ਸਰਕਾਰ ਦੀ ਪੈਨਸ਼ਨਰਜ਼ ਨਾਲ ਘੋਰ ਬੇਇਨਸਾਫੀ ਹੈ। ਸਰਕਾਰ ਨੇ ਜੇ ਪੰਜਾਬ ਦੀ ਡਿਵੈਲਪਮੈਂਟ ਕਰਨੀ ਹੈ ਤਾਂ ਆਪਣੇ ਮੰਤਰੀਆਂ, ਐੱਮ ਐੱਲ ਏ, ਐੱਮ ਪੀ, ਆਈ ਏ ਐੱਸ, ਆਈ ਪੀ ਐੱਸ, ਪੀ ਸੀ ਐੱਸ ਅਧਿਕਾਰੀਆਂ ਤੇ ਬਿਊਰੋਕਰੈਸੀ ਦੇ ਫਜ਼ੂਲ ਖਰਚਿਆਂ, ਭੱਤਿਆਂ 'ਤੇ ਰੋਕ ਲਗਾਈ ਜਾਵੇ। ਮੁੱਖ ਮੰਤਰੀ ਤੇ ਮੰਤਰੀਆਂ ਦੇ ਟੋਲ ਪਲਾਜ਼ੇ ਬੰਦ ਹੋਣ ਤੇ ਕੀਤੇ ਜਾ ਰਹੇ ਸਰਕਾਰੀ ਸਮਾਗਮਾਂ 'ਤੇ ਹੋਣ ਵਾਲੀ ਫਜ਼ੂਲ ਖਰਚੀ 'ਤੇ ਕੱਟ ਲਗਾਏ ਜਾਣ। ਸਰਕਾਰ ਵੱਲੋਂ ਕੀਤੀ ਜਾਂਦੀ ਇਸ਼ਤਿਹਾਰਬਾਜ਼ੀ ਤੇ ਕੰਧਾਂ, ਚੌਕਾਂ, ਸਰਕਾਰੀ ਅਦਾਰਿਆਂ ਵਿੱਚ ਲਗਦੇ ਵੱਡੇ ਵੱਡੇ ਮੁੱਖ ਮੰਤਰੀ ਦੇ ਇਸ਼ਤਿਹਾਰੀ ਬੋਰਡ ਬੰਦ ਕੀਤੇ ਜਾਣ। ਮੁੱਖ ਮੰਤਰੀ ਵੱਲੋਂ ਫਜ਼ੂਲ ਦੀ ਯੋਗਾ ਸ਼ੋਸ਼ੇਬਾਜ਼ੀ ਬੰਦ ਕਰਕੇ ਹਰ ਪੱਖੋਂ ਸਰਕਾਰੀ ਫੰਡਾਂ ਤੇ ਧਨ ਦੀ ਬਚਤ ਕੀਤੀ ਜਾਵੇ।

ਮੀਟਿੰਗ ਦੌਰਾਨ ਹਰੀਕ੍ਰਿਸ਼ਨ ਸਿੰਘ ਜਨਰਲ ਸਕੱਤਰ, ਗੁਰਮੇਲ ਸਿੰਘ ਖਜ਼ਾਨਚੀ, ਜਗਰਾਜ ਸਿੰਘ ਸਹਾਇਕ ਖਜ਼ਾਨਚੀ, ਨਾਇਬ ਸਿੰਘ ਮੱਲੀ ਸਹਾਇਕ ਸਕੱਤਰ, ਗੁਰਮੇਲ ਸਿੰਘ ਗੋਂਦਾਰਾ ਪ੍ਰੈੱਸ ਸਕੱਤਰ, ਬਲਦੇਵ ਸਿੰਘ ਪ੍ਰਚਾਰ ਸਕੱਤਰ, ਸੁਖਦੇਵ ਸਿੰਘ ਖੋਸਾ ਦਫਤਰ ਸਕੱਤਰ, ਮੱਖਣ ਜੀਤ ਕਾਨੂੰਨੀ ਸਕੱਤਰ, ਠਾਣਾ ਸਿੰਘ ਮੀਤ ਪ੍ਰਧਾਨ, ਬਲਦੇਵ ਸਿੰਘ ਮੀਤ ਪ੍ਰਧਾਨ, ਪ੍ਰੀਤਮ ਸਿੰਘ ਘੋਲੀਆ, ਗੁਰਮੇਲ ਸਿੰਘ ਰਖਾਲਾ, ਮੋਹਣ ਸਿੰਘ, ਜਸਵੰਤ ਸਿੰਘ ਭਾਊ, ਕਮਲੇਸ਼ ਕੁਮਾਰ, ਦਰਸ਼ਨ ਸਿੰਘ ਬਰਾੜ, ਰਸ਼ਪਾਲ ਸਿੰਘ ਕਪੂਰੇ, ਬਲਦੇਵ ਕੁਮਾਰ ਸੇਖਾ, ਗੁਰਦੌਰ ਸਿੰਘ, ਚੰਦ ਸਿੰਘ, ਸੰਤੋਖ ਸਿੰਘ, ਪਦਾਰਥ ਸਿੰਘ, ਗੁਰਮੀਤ ਸਿੰਘ ਸੰਘਾ, ਸੁਖਦੇਵ ਸਿੰਘ ਸਮਾਲਸਰ, ਹਰੀ ਸਿੰਘ, ਕੁਲਵੰਤ ਸਿੰਘ ਕੁੱਸਾ ਸਾਰੇ ਪਟਵਾਰੀ ਤੇ ਸਰਜੀਤ ਸਿੰਘ ਕਾਨੂੰਨਗੋ, ਬਲਵਿੰਦਰ ਸਿੰਘ ਪੁਰਬਾ, ਲਖਵੀਰ ਸਿੰਘ, ਗੁਰਦੇਵ ਸਿੰਘ, ਮੁਲਖ ਰਾਜ, ਹਰਿੰਦਰਪਾਲ ਸਿੰਘ, ਗੁਰਮੀਤ ਸਿੰਘ ਘੋਲੀਆ ਸਾਰੇ ਕਾਨੂੰਨਗੋ ਮੈਂਬਰ ਸ਼ਾਮਲ ਹੋਏ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਜ਼ਿਲ੍ਹਾ ਕੋਰ ਕਮੇਟੀ ਦੀ ਮੀਟਿੰਗ

**ਭਾਰੀ ਮੀਂਹ ਕਾਰਨ ਕਿਸਾਨਾਂ ਦੀ ਫ਼ਸਲ ਬਰਬਾਦ, ਸਰਕਾਰ ਤੁਰੰਤ ਗਿਰਦਾਵਰੀ ਕਰਾਵੇ**


ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਜਾਣਕਾਰੀ ਦਿੰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੀ ਕੋਰ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਖਜ਼ਾਨਚੀ ਰਣਜੀਤ ਸਿੰਘ ਖੱਚਰ ਵਾਲਾ ਦੇ ਗ੍ਰਹਿ ਵਿਖੇ ਹੋਈ।ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਤੇ ਸੂਬਾ ਆਗੂ ਸਤਨਾਮ ਸਿੰਘ ਪਨੂੰ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ 24 ਜੁਲਾਈ ਨੂੰ ਪੰਜਾਬ ਭਰ ਦੇ ਡੀ ਸੀ ਦਫਤਰ ਮੂਹਰੇ ਲੱਗਣ ਵਾਲੇ ਮੋਰਚੇ 'ਤੇ ਵਿਚਾਰ ਚਰਚਾ ਹੋਈ।ਜਿਵੇਂ ਕਿ ਅਬਾਦਕਾਰਾਂ ਨੂੰ ਪੱਕੇ ਮਾਲਕੀ ਹੱਕ ਦੇਵੇ ਸਰਕਾਰ, ਗੁਰਦਾਸਪੁਰ ਵਿੱਚ ਸਰਕਾਰ ਭਾਰਤ ਮਾਲਾ ਰੋਡ ਬਣ ਰਿਹਾ ਹੈ, ਜਿਸ ਵਿੱਚ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਆ ਰਹੀ, ਉਨ੍ਹਾਂ ਨੂੰ ਯੋਗ ਮੁਆਵਜ਼ਾ ਦੇ ਕੇ ਹੀ ਰੋਡ ਬਣਾਇਆ ਜਾਵੇ, ਧੱਕੇਸ਼ਾਹੀ ਬੰਦ ਕਰੇ, ਫਿਰੋਜ਼ਪੁਰ ਵਿੱਚ ਮੱਲਾਂਵਾਲੇ ਤੋਂ ਵਾਇਆ ਘਰਿਆਲਾ ਪੱਟੀ ਰੇਲਵੇ ਟਰੈਕ ਦਾ ਜੋ ਟਰੈਕ ਪਾਸ ਹੋਇਆ ਹੈ, ਉਸ ਦੇ ਬਿਲਕੁਲ ਹੀ ਨਾ-ਮਾਤਰ ਉਪਜਾਊ ਜ਼ਮੀਨਾਂ ਦੇ ਰੇਟ ਦਿੱਤੇ ਜਾ ਰਹੇ ਹਨ, ਉਸ 'ਤੇ ਵੀ ਸਰਕਾਰ ਗੌਰ ਕਰੇ ਅਤੇ ਕਿਸਾਨਾਂ ਨੂੰ ਜ਼ਮੀਨਾਂ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ, ਬਿਜਲੀ ਪ੍ਰੀਪੇਡ ਮੀਟਰ ਲਾਉਣੇ ਬੰਦ ਕੀਤੇ ਜਾਣ, ਕੇਰਲਾ ਦੀ ਤਰਜ 'ਤੇ 23 ਫਸਲਾਂ 'ਤੇ ਐੱਮ ਐੱਸ ਪੀ 'ਤੇ ਖਰੀਦ ਗਰੰਟੀ ਕਾਨੂੰਨ ਬਣਾਵੇ ਆਦਿ ਮੰਗਾਂ ਲੈ ਕੇ ਡੀ ਸੀ ਫਿਰੋਜ਼ਪੁਰ ਦੇ ਦਫਤਰ ਮੂਹਰੇ ਮੋਰਚਾ ਲਗਾਇਆ ਜਾਵੇਗਾ।ਜੇਕਰ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਸੁਣਵਾਈ ਵਿੱਚ ਢਿੱਲ ਮੱਠ ਜਾਪੀ ਤਾਂ 25 ਜਲਾਈ ਨੂੰ ਮਜਬੂਰੀ ਵੱਸ ਜਥੇਬੰਦੀ ਰੇਲ ਟਰੈਕ 'ਤੇ ਉਤਰੇਗੀ। ਇਲਸ ਲਈ 11 ਜੁਲਾਈ ਤੋਂ ਲੈ ਕੇ 20 ਜੁਲਾਈ ਤੱਕ ਪਿੰਡ ਪੱਧਰੀ ਮੀਟਿੰਗਾਂ ਕਰਵਾ ਕੇ ਤਿਆਰੀਆਂ ਕਰਵਾਈਆਂ ਜਾਣਗੀਆਂ। ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਕੁਦਰਤੀ ਆਫਤ ਭਾਰੀ ਮੀਂਹ ਦੇ ਕਾਰਨ ਕਿਸਾਨਾਂ ਦੇ ਝੋਨੇ ਦੀ ਫ਼ਸਲ ਤੇ ਪਸ਼ੂਆਂ ਦੇ ਹਰੇ ਚਾਰੇ ਤੇ ਸਬਜ਼ੀਆਂ ਦਾ ਭਾਰੀ ਨੁਕਸਾਨ ਹੋ ਗਿਆ ਹੈ ਤੇ ਹੜ੍ਹਾਂ ਵਰਗੇ ਹਾਲਾਤ ਬਣੇ ਹੋਏ ਹਨ, ਸਰਕਾਰ ਇਸ ਦੀ ਤੁਰੰਤ ਗਿਰਦਾਵਰੀ ਕਰਾ ਕੇ ਕਿਸਾਨਾਂ ਨੂੰ ਮੁਆਵਜ਼ਾ ਦੇਵੇ।ਇਸ ਮੌਕੇ ਗੁਰਮੇਲ ਸਿੰਘ, ਧਰਮ ਸਿੰਘ ਸਿੱਧੂ, ਹਰਫੂਲ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

11July-PAGE-11-Majha-23.qxd 7/11/2023 12:58 AM Page 1



# 'ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ' ਲਈ ਤਰਕਸ਼ੀਲ ਸੁਸਾਇਟੀ ਨੂੰ ਸਕੂਲਾਂ ਤੇ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ

## ਸਾਂਝਾ ਸਿਵਲ ਕੋਡ ਦੇ ਵਿਰੁੱਧ ਜਮਹੂਰੀ ਲਹਿਰ ਖੜ੍ਹੀ ਕਰਨ ਦਾ ਸੱਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਮਾਝਾ ਜ਼ੋਨ ਦੀ ਮੀਟਿੰਗ ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਸਾਇਟੀ ਦੇ ਕਾਨੂੰਨ ਵਿਭਾਗ ਦੇ ਮੁਖੀ ਜਸਵਿੰਦਰ ਫਗਵਾੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਤਰਕਸੀਲ ਸੁਸਾਇਟੀ ਵਲੋਂ 26-27 ਅਗਸਤ ਨੂੰ ਸਮੁੱਚੇ ਪੰਜਾਬ ਦੇ ਸਕੂਲਾਂ ਵਿੱਚ ਕਰਵਾਈ ਜਾ ਰਹੀ ਪੰਜਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਸੰਬੰਧੀ ਸਕੂਲਾਂ ਅਤੇ ਵਿਦਿਆਰਥੀਆਂ ਵਲੋਂ ਮਿਲ ਰਹੇ ਵੱਡੇ ਹੁੰਗਾਰੇ ਉਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।



ਇਸ ਮੌਕੇ ਜਸਵਿੰਦਰ ਫਗਵਾੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਉੱਘੇ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਿਤ ਇਸ ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਵਿਚ ਵਿਗਿਆਨਕ ਸੋਚ ਪ੍ਰਫੁੱਲਿਤ ਕਰਨਾ, ਉਨ੍ਹਾਂ ਨੂੰ ਵਹਿਮਾਂ ਭਰਮਾਂ ਤੇ ਹਰ ਤਰ੍ਹਾਂ ਦੇ ਅੰਧਵਿਸਵਾਸਾਂ ਤੋਂ ਮੁਕਤ ਕਰਨਾ, ਉਨ੍ਹਾਂ ਨੂੰ ਦੇਸ ਦੇ ਇਤਿਹਾਸ ਦੇ ਸਾਨਾਮੱਤੇ ਪੱਖਾਂ ਤੋਂ ਜਾਣੂੰ ਕਰਵਾਉਣ ਅਤੇ ਸਮਾਜ ਦੇ ਅਸਲ ਨਾਇਕਾਂ ਦੇ ਰੂਬਰੂ ਕਰਵਾਉਣਾ ਹੈ। ਇਸ ਪ੍ਰੀਖਿਆ ਲਈ ਤਰਕਸੀਲ ਸੁਸਾਇਟੀ ਵਲੋਂ ਮਿਡਲ ਅਤੇ ਸੈਕੰਡਰੀ ਜਮਾਤਾਂ ਲਈ ਦੋ ਵੱਖ-ਵੱਖ ਪੁਸਤਕਾਂ ਤਿਆਰ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚੋਂ ਅਬਜੈਕਟਿਵ ਟਾਈਪ 100 ਪ੍ਰਸ਼ਨਾਂ 'ਤੇ ਆਧਾਰਤ ਪ੍ਰੀਖਿਆ ਲਈ ਜਾਵੇਗੀ। ਇਹ ਪ੍ਰੀਖਿਆ ਓਐਮਆਰ ਸੀਟ 'ਤੇ ਲਈ ਜਾਵੇਗੀ ਅਤੇ ਸੂਬੇ, ਜ਼ੋਨ ਅਤੇ ਇਕਾਈ ਪੱਧਰ 'ਤੇ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਨਕਦ ਇਨਾਮ, ਤਰਕਸ਼ੀਲ ਕਿਤਾਬਾਂ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਜ਼ੋਨ ਦੇ ਜੱਥੇਬੰਦਕ ਮੁਖੀ ਰਾਜਵੰਤ ਬਾਗੜੀਆਂ ਨੇ ਦੱਸਿਆ ਕਿ ਮਾਝਾ ਜ਼ੋਨ ਦੀਆਂ ਅੰਮ੍ਰਿਤਸਰ, ਗੋਪਾਲਪੁਰ- ਮਜਵਿੰਡ, ਜੰਡਿਆਲਾ, ਧਾਰੀਵਾਲ ਭੋਜਾਂ, ਤਰਨਤਾਰਨ, ਖਿਲਚੀਆਂ, ਗੁਰਦਾਸਪੁਰ ਅਤੇ ਚੋਹਲਾ ਸਾਹਿਬ ਇਕਾਈਆਂ ਵਲੋਂ ਵੱਖ-ਵੱਖ ਸਕੂਲਾਂ ਦੇ ਪ੍ਰਬੰਧਕਾਂ ਤਕ ਪਹੁੰਚ ਕਰਕੇ ਇਸ ਪ੍ਰੀਖਿਆ ਸਿਲੇਬਸ ਦੀਆਂ ਮਿਡਲ ਅਤੇ ਸੈਕੰਡਰੀ ਗਰੁੱਪ ਦੀਆਂ ਕਿਤਾਬਾਂ ਪਹੁੰਚਾਈਆਂ ਗਈਆਂ ਹਨ ਅਤੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ ਜਿਸਦੀ ਅੰਤਿਮ ਤਰੀਕ 31 ਜੁਲਾਈ ਹੈ।

ਇਸ ਮੌਕੇ ਤਰਕਸੀਲ ਆਗੂਆਂ ਸੁਮੀਤ ਸਿੰਘ, ਸੰਦੀਪ ਧਾਰੀਵਾਲ ਭੋਜਾਂ, ਮੁਖਤਿਆਰ ਗੋਪਾਲਪੁਰ, ਸੇਵਾ ਸਿੰਘ ਮਜਵਿੰਡ, ਕੈਪਟਨ ਸਿੰਘ ਜੰਡਿਆਲਾ, ਮਾਸਟਰ ਤਸਵੀਰ ਸਿੰਘ ਅਤੇ ਜਸਪਾਲ ਬਾਸਰਕੇ ਨੇ ਆਪਣੇ ਖੇਤਰ ਦੇ ਵੱਖ ਵੱਖ ਸਰਕਾਰੀ ਅਤੇ ਨਿੱਜੀ ਸਕੂਲਾਂ ਦੇ ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਲੋਂ ਇਸ ਵਿਗਿਆਨਕ ਚੇਤਨਾ ਪ੍ਰੀਖਿਆ ਲਈ ਵਿਖਾਏ ਜਾ ਰਹੇ ਉਤਸ਼ਾਹ ਦੀ ਪ੍ਰਸੰਸਾ ਕੀਤੀ ਅਤੇ ਇਸ ਵਿੱਚ ਵੱਡੀ ਗਿਣਤੀ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਵਿਗਿਆਨਕ ਚੇਤਨਾ ਅਤੇ ਲੋਕ ਪੱਖੀ ਸਮਾਜਕ ਤਬਦੀਲੀ ਦੇ ਖੇਤਰ ਵਿਚ ਇਕ ਉਸਾਰੂ ਕਦਮ ਦਸਿਆ।

ਇਸ ਮੌਕੇ ਮੋਦੀ ਸਰਕਾਰ ਵਲੋਂ ਹਿੰਦੂ ਰਾਸਟਰ ਦੇ ਫਿਰਕੂ ਏਜੰਡੇ ਹੇਠ ਲਿਆਂਦੇ ਜਾ ਰਹੇ ਸਾਂਝਾ ਸਿਵਲ ਕੋਡ ਨੂੰ ਦੇਸ਼ ਦੀਜਮਹੂਰੀਅਤ, ਧਰਮ ਨਿਰਪੱਖਤਾ, ਘੱਟ ਗਿਣਤੀਆਂ ਅਤੇ ਭਾਈਚਾਰਕ ਸਾਂਝ ਲਈ ਵੱਡਾ ਖਤਰਾ ਦੱਸਦਿਆਂ ਇਤਿਹਾਸਕ ਕਿਸਾਨ ਅੰਦੋਲਨ ਵਾਂਗ ਇਸਦੇ ਖਿਲਾਫ ਜਮਹੂਰੀ ਲਹਿਰ ਉਸਾਰਨ ਦੀ ਲੋੜ ਉਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ੋਨ ਆਗੂ ਰਣਜੀਤ ਗੱਗੋਮਾਹਲ, ਦੀਵਾਨ ਸਿੰਘ ਭੋਜਾਂ, ਜਸਵਿੰਦਰ ਮਲਿਕਪੁਰ, ਅਸ਼ਵਨੀ ਕੁਮਾਰ, ਮਾਸਟਰ ਸੰਗਾਰਾ ਸਿੰਘ, ਮਾਸਟਰ ਕੁਲਵੰਤ ਸਿੰਘ, ਸੁਖਮੀਤ ਸਿੰਘ, ਰਾਜ ਕੁਮਾਰ ਵੇਰਕਾ, ਹਰਜਿੰਦਰ ਜਲਾਲਪੁਰ, ਰਮੇਸ਼ ਜੈਨ, ਕੰਵਲਜੀਤ, ਵਿਸ਼ਵਪ੍ਰੀਤ ਅਤੇ ਬਲਜੀਤ ਕੌਰ ਆਦਿ ਨੇ ਸ਼ਮੂਲੀਅਤ ਕੀਤੀ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਇਕਾਈ ਮਨਿਹਾਲਾ ਜੈ ਸਿੰਘ ਦੀ ਹੰਗਾਮੀ ਮੀਟਿੰਗ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਦੀ ਇਕਾਈ ਮਨਿਹਾਲਾ ਜੈ ਸਿੰਘ ਦੀ ਮੀਟਿੰਗ ਪ੍ਰਧਾਨ ਸਤਨਾਮ ਸਿੰਘ ਮਨਿਹਾਲਾ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵਿਖੇ ਹੋਈ, ਜਿਸ ਵਿੱਚ ਜਥੇਬੰਦੀ ਦੇ ਸੀਨੀਅਰ ਆਗੂਆਂ ਵੱਲੋਂ ਇਕਾਈ ਦੇ ਮੈਂਬਰਾਂ ਤੋਂ ਜ਼ੋਨ 'ਚ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਇਕੱਤਰ ਕਰਨ ਦੇ ਨਾਲ-ਨਾਲ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਇਕੱਤਰ ਆਗੂਆਂ ਨੇ ਨਿਕਾਸੀ ਨਾਲਿਆਂ ਦੀ ਸਮੇਂ ਸਿਰ ਖਲਾਈ ਨਾ ਹੋਣ ਕਾਰਨ ਇਲਾਕੇ 'ਚ ਹੜ੍ਹਾਂ ਵਰਗੇ ਪੈਦਾ ਹੋਏ ਹਾਲਾਤ ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਸੂਬਾ ਸਰਕਾਰ ਪ੍ਰਤੀ ਰੋਸ ਜ਼ਾਹਰ ਕੀਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤਰਫੋਂ ਪੁਖਤਾ ਪ੍ਰਬੰਧਾਂ ਦੀ ਘਾਟ ਕਾਰਨ ਹਰ ਸਾਲ ਕਿਸਾਨਾਂ ਨੂੰ ਵਿੱਤੀ ਨੁਕਸਾਨ ਝੱਲਣਾ ਪੈਂਦਾ ਹੈ। ਇਸ ਮੌਕੇ ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਨਿਕਾਸੀ ਨਾਲਿਆਂ ਦੀ ਸਫਾਈ ਦਾ ਕੰਮ ਤੇਜ਼ੀ ਨਾਲ ਕਰਵਾਇਆ ਜਾਵੇ ਤਾਂ ਜੋ ਇਲਾਕੇ ਦੀਆਂ ਨੀਵੀਆਂ ਜ਼ਮੀਨਾਂ 'ਚ ਪਾਣੀ ਦਾਖਲ ਨਾ ਹੋ ਸਕੇ। ਇਸ ਮੌਕੇ ਇਕਾਈ ਮਨਿਹਾਲਾ ਜੈ ਸਿੰਘ ਤੋਂ ਪ੍ਰਧਾਨ ਸਤਨਾਮ ਸਿੰਘ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਮਿਤੀ 24 ਜੁਲਾਈ ਨੂੰ ਪੰਜਾਬ ਭਰ 'ਚ ਡੀਸੀ ਦਫਤਰਾਂ ਅੱਗੇ ਲੱਗਣ ਜਾ ਰਹੇ ਧਰਨਿਆਂ ਵਿੱਚ ਭਿੱਖੀਵਿੰਡ ਜ਼ੋਨ ਤੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਸ਼ਮੂਲੀਅਤ ਕਰਵਾਉਣ ਲਈ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਮੀਟਿੰਗਾਂ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਡੀਸੀ ਦਫਤਰ ਅੱਗੇ ਲੱਗਣ ਵਾਲੇ ਧਰਨਿਆਂ ਵਿੱਚ ਅਬਾਦਕਾਰਾਂ ਦੇ ਮਾਲਕੀ ਹੱਕ ਬਹਾਲ ਰੱਖਣ ਤੇ ਬਿਜਲੀ ਵਿਭਾਗ ਵੱਲੋਂ ਲਗਾਏ ਜਾ ਰਹੇ ਪ੍ਰੀਪੇਡ ਮੀਟਰਾਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ। ਇਸਦੇ ਨਾਲ ਹੀ ਭਾਰਤ ਮਾਲਾ ਪ੍ਰੋਜੈਕਟ ਅਧੀਨ ਐਕਸਪ੍ਰੈਸ ਹਾਈਵੇ ਦੇ ਨਿਰਮਾਣ ਲਈ ਅਕਵਾਇਰ ਕੀਤੀਆਂ ਗਈਆਂ ਜ਼ਮੀਨਾਂ ਦੇ ਸਾਰੇ ਕਿਸਾਨਾਂ ਨੂੰ ਇਕਸਾਰ ਮੁਆਵਜ਼ਾ ਦੇਣ ਦਾ ਮੁੱਦਾ ਵੀ ਇਨ੍ਹਾਂ ਧਰਨਿਆਂ ਵਿੱਚ ਉਠਾਇਆ ਜਾਵੇਗਾ।



ਇਸ ਮੌਕੇ ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਉਪਰੋਕਤ ਮੰਗਾਂ ਵੱਲ ਗੌਰ ਨਹੀਂ ਕਰੇਗੀ ਤਾਂ ਉਨ੍ਹਾਂ ਦੀ ਜਥੇਬੰਦੀ ਵੱਲੋਂ ਮਿਤੀ 25 ਜੁਲਾਈ ਨੂੰ ਪੂਰੇ ਪੰਜਾਬ ਵਿੱਚ ਰੇਲਾਂ ਰੋਕੀਆਂ ਜਾਣਗੀਆਂ। ਇਸ ਮੌਕੇ ਇਕਾਈ ਪ੍ਰਧਾਨ ਆਗੂ ਸਤਨਾਮ ਸਿੰਘ ਮਨਿਹਾਲਾ ਜੈ ਸਿੰਘ, ਕਿੰਦਰਬੀਰ ਸਿੰਘ, ਕਰਮ ਸਿੰਘ, ਸੁਖਵੰਤ ਸਿੰਘ, ਜਸਵੰਤ ਸਿੰਘ, ਰਸ਼ਪਾਲ ਸਿੰਘ, ਅਮ੍ਰਿਤ ਸਿੰਘ, ਨਰਿੰਦਰਬੀਰ ਲਾਡਾ, ਗੁਰਉਪਕਾਰ ਸਿੰਘ, ਅਖਤਿਆਰ ਸਿੰਘ, ਗੁਰਬਾਜ ਸਿੰਘ, ਰਣਜੀਤ ਸਿੰਘ, ਜਸਬੀਰ ਸਿੰਘ, ਲੱਖਾ ਸਿੰਘ, ਖਜਾਨ ਸਿੰਘ, ਗੁਰਮੇਜ ਸਿੰਘ, ਦਿਆਲ ਸਿੰਘ, ਸੁਖਦੇਵ ਸਿੰਘ, ਸੁਰਿੰਦਰ ਸਿੰਘ, ਕੁਲਵੰਤ ਸਿੰਘ, ਗੁਰਲਾਲ ਸਿੰਘ ਅਤੇ ਰਜਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

# ਪੈਨਸ਼ਨਰਾਂ ਨੂੰ ਕੱਟਿਆ ਡਿਵੈਲਪਮੈਂਟ ਫੰਡ ਵਿਆਜ ਸਮੇਤ ਦੇਣ ਦੀ ਮੰਗ



ਕਾਦੀਆਂ (ਯਾਦਵਿੰਦਰ ਸਿੰਘ)-ਪਾਵਰਕੌਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਮੰਡਲ ਕਾਦੀਆਂ ਵਿੱਚ ਹੋਈ ਜਿਸ ਦੀ ਪ੍ਰਧਾਨਗੀ ਬਾਵਾ ਸਿੰਘ ਨੇ ਕੀਤੀ। ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਦੀ ਨਿਖੇਧੀ ਕੀਤੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਕੱਤਰ ਪਰਮਜੀਤ ਸਿੰਘ ਕੋਟ ਨੇ ਕਿਹਾ ਕਿ 19-4-18 ਤੋਂ ਕੱਟਿਆ ਗਿਆ ਡਿਵੈਲਪਮੈਂਟ ਫੰਡ ਵਿਆਜ ਸਮੇਤ ਦਿੱਤਾ ਜਾਵੇ। ਸਰਕਾਰ ਦੀਆਂ ਕੋਝੀਆਂ ਚਾਲਾਂ ਨੂੰ ਬੰਦ ਕੀਤਾ ਜਾਵੇ, ਜਿਹੜਾ ਸਰਕਾਰ ਨੇ ਹਰੇਕ ਪੈਨਸ਼ਨਰ ਨੂੰ 200 ਰੁਪਏ ਲਾਏ ਡਿਵੈਲਪਮੈਂਟ ਫੰਡ ਨੂੰ ਬੰਦ ਕੀਤਾ ਜਾਵੇ ਅਤੇ ਕੈਸ਼ਲੈੱਸ ਸਕੀਮ ਨੂੰ ਲਾਗੂ ਕੀਤਾ ਜਾਵੇ। 1-1-16 ਤੇ ਪਹਿਲਾਂ 259 ਗੁਣਾਂਕ ਲਾਗੂ ਕੀਤਾ ਜਾਵੇ ਅਤੇ ਪੈਨਸ਼ਨਰਾਂ ਦਾ ਬਣਦਾ 66 ਮਹੀਨਿਆਂ ਦਾ ਭੱਤਾ ਦਿੱਤਾ ਜਾਵੇ। ਇਸ ਤੋਂ ਇਲਾਵਾ ਐਕਸਗਰੇਸ਼ੀਆ ਜਿਹੜਾ ਲੱਖਾਂ ਰੁਪਏ ਬਣਦਾ ਹੈ ਉਸ ਨੂੰ ਜਲਦੀ ਤੋਂ ਜਲਦੀ ਦਿੱਤਾ ਜਾਵੇ। ਸੈਂਟਰ ਸਰਕਾਰ ਵੱਲੋਂ ਜੋ ਜੀਸੀਸੀ ਕਾਨੂੰਨ ਬਣਾਇਆ ਗਿਆ ਹੈ ਉਹ ਹਰੇਕ ਨਾਗਰਿਕ 'ਤੇ ਲਾਗੂ ਕਰਨਾ ਬਹੁਤ ਹੀ ਮੰਦਭਾਗਾ ਹੈ। ਇਸ ਨੂੰ ਲਾਗੂ ਨਾ ਕੀਤਾ ਜਾਵੇ। ਇਸ ਤੋਂ ਇਲਾਵਾ ਸਮੇਂ ਸਿਰ ਮਹਿੰਗਾਈ ਭੱਤਾ ਦਿੱਤੇ ਜਾਣ ਦੀ ਵੀ ਮੰਗ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਕਲ ਸਕੱਤਰ ਨਰਿੰਦਰ ਸਿੰਘ ਸੈਣੀ, ਸਤਨਾਮ ਸਿੰਘ, ਪ੍ਰਧਾਨ ਸੁਰਜੀਤ ਬਾਬਾ, ਰਵੇਲ ਸਿੰਘ, ਸੋਹਣ ਲਾਲ, ਜੋਗਾ ਸਿੰਘ ਬਲੱਗਣ ਅਤੇ ਅਨੈਤ ਮੀਤ ਪ੍ਰਧਾਨ ਨੇ ਵੀ ਸੰਬੋਧਨ ਕੀਤਾ।

# ਮੀਂਹ ਮਾਰਿਆਂ ਵੱਲ ਸਰਕਾਰ ਧਿਆਨ ਦੇਵੇ: ਕਾਮਰੇਡ ਬਲਵਿੰਦਰ ਦਦੇਹਰ



ਚੋਹਲਾ ਸਾਹਿਬ/ ਸਰਹਾਲੀ (ਨਜ਼ਸ)-ਇਸ ਇਲਾਕੇ ਵਿੱਚ ਲਗਾਤਾਰ ਹੋ ਰਹੀ ਬਾਰਸ਼ ਨਾਲ ਗਰੀਬ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ। ਪਾਣੀ ਦਾ ਠੀਕ ਨਿਕਾਸ ਨਾ ਹੋਣ ਕਾਰਨ ਲੋਕ ਬਹੁਤ ਪ੍ਰੇਸ਼ਾਨ ਹਨ। ਨੀਵੀਂ ਥਾਂ ਵਾਲੇ ਘਰ ਡਿੱਗਣ ਦਾ ਖਤਰਾ ਹੋ ਗਿਆ ਹੈ। ਨੀਵੀਂ ਥਾਂ ਵਾਲੀਆਂ ਫਸਲਾਂ ਦੀ ਬਰਬਾਦੀ ਪ੍ਰਤੱਖ ਦਿਸ ਰਹੀ ਹੈ। ਪ੍ਰਸ਼ਾਸਨ ਨੇ ਅਜੇ ਤੱਕ ਕੋਈ ਧਿਆਨ ਨਹੀਂ ਦਿੱਤਾ। ਲੋਕਾਂ ਦੀ ਮਾੜੀ ਹਾਲਤ ਵੇਖ ਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਇਲਾਕਾ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਨੇ ਮੁੱਖ ਮੰਤਰੀ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਲੋਕਾਂ ਦਾ ਦਰਦ ਤੁਰੰਤ ਜਾਣਿਆ ਜਾਵੇ। ਜਿੱਥੇ-ਜਿੱਥੇ ਵੀ ਮਦਦ ਦੀ ਲੋੜ ਹੈ ਸਰਕਾਰ ਤੁਰੰਤ ਮਦਦ ਕਰੇ।

# ਸੂਬੇਦਾਰ ਕੁਲਦੀਪ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ



ਝਬਾਲ/ਸਰਾਏ ਅਮਾਨਤ ਖਾਂ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ/ਮੱਖਣ ਮਨੋਜ)-ਬੀਤੇ ਦਿਨੀਂ ਜੰਮੂ-ਕਸ਼ਮੀਰ ਦੇ ਪੁੰਛ ਸੈਕਟਰ ਵਿੱਚ ਡਿਊਟੀ ਦੌਰਾਨ ਤੇਜ਼ ਪਾਣੀ ਦੇ ਵਹਾਅ ਵਿੱਚ ਰੁੜ੍ਹ ਰਹੇ ਆਪਣੇ ਸਾਥੀ ਜਵਾਨ ਨੂੰ ਬਚਾਉਣ ਸਮੇਂ ਪਾਣੀ ਵਿੱਚ ਡੁੱਬ ਕੇ ਸ਼ਹੀਦ ਹੋਏ ਝਬਾਲ ਨੇੜੇ ਪਿੰਡ ਸਵਰਗਾਪੁਰੀ ਦੇ ਨਾਇਬ ਸੂਬੇਦਾਰ ਕੁਲਦੀਪ ਸਿੰਘ ਦੀ ਤਿਰੰਗੇ ਵਿਚ ਲਪੇਟੀ ਮ੍ਰਿਤਕ ਦੇਹ ਲੈ ਕੇ ਅੱਜ ਫੌਜ ਦੇ ਜਵਾਨ ਮੇਜਰ ਸੁਰਜੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਪਹੁੰਚੇ। ਪਿੰਡ ਪਹੁੰਚਣ 'ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਹੀਦ ਦੀ ਗੱਡੀ ਨੂੰ ਰੋਕ ਕੇ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਸਮੇਂ ਫੌਜ ਦੀ ਟੁਕੜੀ ਨੇ ਮੇਜਰ ਸੁਰਜੀਤ ਸਿੰਘ ਦੀ ਅਗਵਾਈ ਵਿੱਚ ਸਲਾਮੀ ਦਿੱਤੀ ਅਤੇ ਸ਼ਹੀਦ ਕੁਲਦੀਪ ਸਿੰਘ ਦੀ ਚਿਤ੍ਹਾ ਨੂੰ ਅਗਨੀ ਉਸ ਦੇ ਪਿਤਾ ਸਾਧੂ ਸਿੰਘ ਨੇ ਦਿੱਤੀ। ਇਸ ਸਮੇਂ ਹਲਕਾ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ, ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ, ਐਸਐਚਓ ਕੇਵਲ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਸੇਵਕ ਸਿੰਘ ਔਲਖ, ਕੁਲਦੀਪ ਸਿੰਘ ਰੰਧਾਵਾ, ਸੋਸ਼ਲ ਮੀਡੀਆ ਕੋਆਰਡੀਨੇਟਰ ਮਾਨਕ ਸਿੰਘ ਹੈਪੀ ਢਿੱਲੋਂ, ਵਸੀਕਾ ਬੰਟੀ ਸੂਦ, ਚੇਅਰਮੈਨ ਖਾਲੜਾ ਮਿਸ਼ਨ ਬਲਵਿੰਦਰ ਸਿੰਘ ਝਬਾਲ, ਸਾਬਕਾ ਸਰਪੰਚ ਜਤਿੰਦਰ ਸਿੰਘ ਬਘੇਲ ਸਿੰਘ ਵਾਲਾ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਨੰਬਰਦਾਰ ਬਲਬੀਰ ਸਿੰਘ, ਕੁਲਵਿੰਦਰ ਸਿੰਘ ਸਵਰਗਾਪੁਰੀ, ਪੂਰਨ ਸਿੰਘ ਝਬਾਲ, ਸਾਬਕਾ ਸਰਪੰਚ ਜਸਬੀਰ ਸਿੰਘ, ਸਰਪੰਚ ਪ੍ਰਗਟ ਸਿੰਘ ਮਲਵਈ, ਅਰਵਿੰਦਰ ਸਿੰਘ ਰਾਜੂ, ਪ੍ਰਧਾਨ ਗੁਰਵਿੰਦਰ ਸਿੰਘ ਫੌਜੀ, ਸਰਪੰਚ ਜਗਤਾਰ ਸਿੰਘ ਜੱਗਾ, ਗੁਰਵਿੰਦਰ ਸਿੰਘ ਬਾਬਾ ਲੰਗਾਹ, ਗੁਰਜੀਤ ਸਿੰਘ ਸੋਨੀ ਬਾਬਾ, ਮਹਿੰਦਰ ਸਿੰਘ ਪਤਾਸਿਆਂ ਵਾਲੇ, ਗੁਰਪਿੰਦਰ ਸਿੰਘ ਨਾਥੂ, ਅਮਨ ਸਵਰਗਾਪੁਰੀ, ਸ਼ਹੀਦ ਦੀ ਪਤਨੀ ਸਵਿੰਦਰ ਕੌਰ ਤੇ ਬੱਚੇ ਹਾਜ਼ਰ ਸਨ।

# ਸਮਾਰਟ ਸਕੂਲ ਡੇਰਾ ਬਾਬਾ ਨਾਨਕ ਦੀਆਂ ਸੱਤ ਵਿਦਿਆਰਥਣਾਂ ਨੇ ਸਕਾਲਰਸ਼ਿਪ ਹਾਸਲ ਕੀਤੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ ਦਾ ਪੇਪਰ ਲਿਆ ਗਿਆ ਜਿਸ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਡੇਰਾ ਬਾਬਾ ਨਾਨਕ ਦੀਆਂ ਕੁੱਲ ਸੱਤ ਵਿਦਿਆਰਥਣਾਂ ਨੇ ਟੈਸਟ ਪਾਸ ਕਰਕੇ ਸਕਾਲਰਸ਼ਿਪ ਹਾਸਲ ਕੀਤੀ। ਇਸ ਸਕੂਲ ਦੇ ਪ੍ਰਿੰਸੀਪਲ ਮੈਡਮ ਰੁਪਿੰਦਰਜੀਤ ਧਾਲੀਵਾਲ ਨੇ ਦੱਸਿਆ ਕਿ ਟੈਸਟ ਪਾਸ ਕਰਨ ਵਾਲੇ ਸਾਰੇ ਹੀ ਵਿਦਿਆਰਥੀ ਬੜੇ ਹੀ ਮਿਹਨਤੀ ਅਤੇ ਹੋਣਹਾਰ ਹਨ ਅਤੇ ਬਲਾਕ ਡੇਰਾ ਬਾਬਾ ਨਾਨਕ-1 ਵਿੱਚ ਵੀ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਤੇ ਇਸ ਸਕੂਲ ਦੀਆਂ ਹੋਰ ਵਿਦਿਆਰਥਣਾਂ ਨੇ ਵੀ ਮੱਲਾਂ ਮਾਰੀਆਂ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋ ਸਮੇਂ ਸਮੇਂ 'ਤੇ ਵਿਦਿਆਰਥੀਆਂ ਨੂੰ ਹੋਰ ਵੀ ਬਹੁਤ ਸਾਰੇ ਵਜ਼ੀਫੇ ਦਿੱਤੇ ਜਾਂਦੇ ਹਨ। ਇਸ ਦੌਰਾਨ ਮੈਡਮ ਕੰਵਲਜੀਤ ਸੋਢੀ, ਦਵਿੰਦਰ ਕੌਰ (ਲੈਕਚਰਾਰ ਬਾਇਓ), ਗੁਰਮੀਤ ਕੌਰ (ਲਾਇਬ੍ਰੇਰੀਅਨ), ਸੁਖਜਿੰਦਰ ਕੌਰ (ਕੰਪਿਊਟਰ ਫੈਕਲਟੀ), ਸਤਨਾਮ ਸਿੰਘ (ਵੋਕੇਸ਼ਨਲ ਟ੍ਰੇਨਰ), ਪਲਵੀ ਮਹਾਜਨ (ਵੋਕੇਸ਼ਨਲ ਟ੍ਰੇਨਰ), ਪੰਕਜ ਜਸਵਾਲ (ਸਾਇੰਸ ਮਿਸਟ੍ਰੈਸ), ਰਵੀਨਾ (ਅੰਗਰੇਜ਼ੀ ਮਿਸਟ੍ਰੈਸ), ਜਗਜੀਤ ਸਿੰਘ (ਕੰਪਿਊਟਰ ਫੈਕਲਟੀ) ਆਦਿ ਹਾਜ਼ਰ ਸਨ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਬੀ ਐੱਸਸੀ ਦਾ ਨਤੀਜਾ ਸ਼ਾਨਦਾਰ ਰਿਹਾ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਬੀ.ਐੱਸਸੀ. ਸਮੈਸਟਰ ਛੇਵਾਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਇਨ੍ਹਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਕਾਰਗੁਜ਼ਾਰੀ ਵਿਖਾਈ। ਕਾਲਜ ਦੇ ਪ੍ਰਿੰਸੀਪਲ ਡਾ. ਰਜਿੰਦਰ ਕੁਮਾਰ ਮਰਵਾਹ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀ.ਐੱਸਸੀ. ਇਕਨਾਮਿਕਸ ਦੇ ਵਿਦਿਆਰਥੀ ਸ਼ਿਵਰਾਜ ਸਿੰਘ ਨੇ 80 ਪ੍ਰਤੀਸ਼ਤ ਅੰਕ ਹਾਸਲ ਕਰਕੇ ਯੂਨੀਵਰਸਿਟੀ ਮੈਰਿਟ ਵਿੱਚ ਤੀਸਰਾ ਸਥਾਨ ਹਾਸਲ ਕੀਤਾ ਅਤੇ ਕਾਲਜ ਵਿੱਚ ਪਹਿਲੇ ਸਥਾਨ 'ਤੇ ਰਿਹਾ। ਹਰਮਨਦੀਪ ਕੌਰ ਨੇ 76 ਅਤੇ ਅਮਨਦੀਪ ਕੌਰ ਨੇ 75 ਪ੍ਰਤੀਸ਼ਤ ਅੰਕ ਹਾਸਿਲ ਕਰਕੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਡਾ. ਮਰਵਾਹ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਅਤੇ ਜ਼ਿੰਦਗੀ ਵਿੱਚ ਸਫਲਤਾ ਹਾਸਲ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਕਾਲਜ ਦੇ ਨਤੀਜੇ ਹਮੇਸ਼ਾ ਵਧੀਆ ਆਉਂਦੇ ਹਨ। ਇਸ ਨਾਲ ਵਿਦਿਆਰਥੀਆਂ ਨੂੰ ਹੋਰ ਵੀ ਉਤਸ਼ਾਹ ਮਿਲਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕਾਲਜ ਵਿੱਚ ਸੈਸ਼ਨ 2023-24 ਲਈ ਵੱਖ-ਵੱਖ ਕੋਰਸਾਂ ਲਈ ਦਾਖਲਾ ਚਲ ਰਿਹਾ ਹੈ ਅਤੇ ਵਿਦਿਆਰਥੀਆਂ ਵਿੱਚ ਇਸ ਸਬੰਧੀ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਪ੍ਰੋ. ਗੁਰਜੀਤ, ਪ੍ਰੋ. ਹੇਮਰਾਜ, ਪ੍ਰੋ. ਅਵਤਾਰ ਸਿੰਘ, ਜਸਦੇਵ ਸਿੰਘ, ਗੁਰਵਿੰਦਰ ਸਿੰਘ ਅਤੇ ਹੋਰ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਗਿਆਨੀ ਰਘਬੀਰ ਸਿੰਘ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਸਿੱਖ ਸੰਸਥਾਵਾਂ ਨੂੰ ਕੀਤੀ ਹਦਾਇਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਜਾਬ ਅੰਦਰ ਹੜ੍ਹਾਂ ਕਾਰਨ ਬਣੀ ਸਥਿਤੀ 'ਤੇ ਚਿੰਤਾ ਦਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਇਸ ਸਮੇਂ ਜੋ ਸਥਿਤੀ ਬਣੀ ਹੋਈ ਹੈ, ਉਹ ਬਹੁਤ ਹੀ ਦੁਖਦਾਇਕ ਹੈ। ਹੜ੍ਹ ਆਉਣ ਕਾਰਨ ਕਈ ਲੋਕਾਂ ਦੇ ਘਰ ਢਹਿ-ਢੇਰੀ ਹੋ ਗਏ, ਪਸ਼ੂ ਮਰ ਗਏ, ਪੰਜਾਬ ਦੇ ਵਸਨੀਕਾਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ। ਗੁਰੂ ਸਾਹਿਬਾਨ ਨੇ ਲੋੜਵੰਦ ਮਨੁੱਖਤਾ ਦੀ ਸਹਾਇਤਾਂ ਕਰਨ ਦਾ ਉਪਦੇਸ਼ ਦਿੱਤਾ ਹੈ ਜਿਸ ਦੀ ਪੂਰਤੀ ਲਈ ਇਸ ਮੌਕੇ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਪੀੜਤ ਮਾਨਵਤਾ ਦੀ ਮਦਦ ਕੀਤੀ ਜਾਵੇ ਤੇ ਉਨ੍ਹਾਂ ਨੂੰ ਰਾਹਤ ਦੇਣ ਲਈ ਹਰ ਸੰਭਵ ਯਤਨ ਕੀਤੇ ਜਾਣ।

ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੋਰ ਸਿੱਖ ਸੰਸਥਾਵਾਂ ਨੇ ਹਮੇਸ਼ਾਂ ਕੁਦਰਤੀ ਆਫਤਾਂ ਸਮੇਂ ਪੀੜਤਾਂ ਦੀ ਬਾਂਹ ਫੜੀ ਹੈ। ਇਸ ਸਮੇਂ ਜੋ ਪੰਜਾਬ ਅੰਦਰ ਹਾਲਾਤ ਬਣ ਰਹੇ ਹਨ ਉਸਦੇ ਮੱਦੇਨਜ਼ਰ ਸਮੁੱਚੀਆਂ ਸਿੱਖ ਜਥੇਬੰਦੀਆਂ ਰਾਹਤ ਕਾਰਜ ਕਰਨ ਵਾਸਤੇ ਅੱਗੇ ਆਉਣ ਤਾਂ ਜੋ ਪੀੜਤ ਪਰਿਵਾਰਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਲੰਗਰ, ਬਿਸਤਰੇ, ਦਵਾਈਆਂ ਅਤੇ ਪਸ਼ੂਆਂ ਲਈ ਚਾਰਾ ਆਦਿ ਵਸਤੂਆਂ ਲੋੜਵੰਦਾਂ ਤੀਕ ਪਹੁੰਚਾਣ ਦੇ ਪ੍ਰਬੰਧ ਕਰਨ।

# ਬਹੁਪੱਖੀ ਸ਼ਖਸੀਅਤ ਤੇ ਸਾਹਿਤ ਜਗਤ ਦੇ ਬਾਬਾ ਬੋਹੜ ਹਰਭਜਨ ਸਿੰਘ ਹੁੰਦਲ ਨਹੀਂ ਰਹੇ, ਸੰਸਕਾਰ ਅੱਜ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਬਹੁਪੱਖੀ ਸ਼ਖਸੀਅਤ ਅਤੇ ਸਾਹਿਤ ਜਗਤ ਦੇ ਬਾਬਾ ਬੋਹੜ, ਜਨਵਾਦੀ ਕਵੀ, ਵਾਰਤਕਕਾਰ, ਅਲੋਚਕ, ਸੰਪਾਦਕ, ਅਨੁਵਾਦਕ ਹਰਭਜਨ ਸਿੰਘ ਹੁੰਦਲ ਦਾ ਬੀਤੇ ਦਿਨ 9 ਜੁਲਾਈ ਐਤਵਾਰ ਦੇਰ ਸ਼ਾਮ ਨੂੰ ਕਰੀਬ 7:15 ਵਜੇ ਦੇਹਾਂਤ ਹੋ ਗਿਆ। ਉਨ੍ਹਾਂ ਦਾ ਜਨਮ 10 ਮਾਰਚ 1934 ਨੂੰ ਇਕ ਸੁਤੰਤਰਤਾ ਸੈਨਾਨੀ ਪਰਿਵਾਰ ਵਿੱਚ ਪਿਤਾ ਦੀਦਾਰ ਸਿੰਘ ਅਤੇ ਮਾਤਾ ਗੁਲਾਬ ਕੌਰ ਦੇ ਘਰ, ਚੱਕ ਨੰਬਰ 64, ਨਿਹਾਲੋ ਆਣਾ ਬੰਡਾਲਾ, ਤਹਿਸੀਲ ਜੜ੍ਹਾਂਵਾਲਾ, ਲਾਇਲਪੁਰ (ਪਾਕਿਸਤਾਨ) ਵਿੱਚ ਹੋਇਆ। ਦੇਸ਼ ਦੀ ਵੰਡ ਤੋਂ ਬਾਅਦ ਉਹ ਪਿੰਡ ਫੱਤੂ ਚੱਕ, ਡਾਕਖਾਨਾ ਢਿੱਲਵਾਂ, ਪੰਜਾਬ (ਭਾਰਤ) ਆ ਵੱਸੇ ਸਨ। ਇਹ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਸਪੁੱਤਰ ਲੇਖਕ ਡਾ: ਹਰਪ੍ਰੀਤ ਸਿੰਘ ਹੁੰਦਲ (ਕਾਰਜਕਾਰੀ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ ਕਾਦੀਆਂ) ਨੇ ਦੱਸਿਆ ਕਿ ਉਨ੍ਹਾ (ਹਰਭਜਨ ਸਿੰਘ ਹੁੰਦਲ) ਦੀ ਮ੍ਰਿਤਕ ਦੇਹ ਦਾ ਅੰਤਮ ਸੰਸਕਾਰ ਪਿੰਡ ਫੱਤੂ ਚੱਕ ਵਿਖੇ 11 ਜੁਲਾਈ ਦਿਨ ਮੰਗਲਵਾਰ ਨੂੰ ਕਰੀਬ ਇਕ ਵਜੇ ਹੋਵੇਗਾ।

ਹਰਭਜਨ ਸਿੰਘ ਹੁੰਦਲ ਐਮ. ਏ, ਬੀ.ਟੀ. ਵਿਦਿਅਕ ਯੋਗਤਾ ਪ੍ਰਾਪਤ ਕਰਕੇ ਵਿਦਿਅਕ ਖੇਤਰ ਵਿੱਚ ਲੰਮਾ ਸਮਾਂ ਸੇਵਾਵਾਂ ਨਿਭਾਅ ਕੇ ਸਕੂਲ ਵਿੱਚੋਂ ਲੈਕਚਰਾਰ ਸੇਵਾ ਮੁਕਤ ਹੋਏ ਸਨ। ਉਹ ਤਾ-ਉਮਰ ਅਧਿਆਪਕ ਲਹਿਰ, ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੰਘਰਸ਼ਾਂ ਵਿੱਚ ਝੰਡਾਬਰਦਾਰ ਰਹੇ। ਲੋਕ ਹਿੱਤਾਂ ਨੂੰ ਸਮਰਪਿਤ ਕਵੀ ਅਤੇ ਖੱਬੇਪੱਖੀ ਚਿੰਤਕ ਹੋਣ ਦੇ ਨਾਤੇ ਉਹ ਆਮ ਆਦਮੀ ਦੇ ਸੰਘਰਸ਼ਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦੇ ਰਹੇ। ਐਮਰਜੈਂਸੀ ਅਤੇ ਪੰਜਾਬ ਦੇ ਸੰਕਟ ਦੇ ਕਾਲੇ ਦਿਨਾਂ ਵਿੱਚ ਨਿਡਰਤਾ ਨਾਲ ਲੋਕ ਹਿੱਤਾਂ ਲਈ ਸੱਚ ਦੀ ਆਵਾਜ਼ ਬੁਲੰਦ ਕਰਦੇ ਰਹੇ। ਅਧਿਆਪਕ ਜਥੇਬੰਦੀਆਂ ਦੇ ਸੰਘਰਸ਼ ਅਤੇ ਐਮਰਜੈਂਸੀ ਦੌਰਾਨ ਉਹ ਜੇਲ੍ਹ ਵਿੱਚ ਵੀ ਰਹੇ। ਉਨ੍ਹਾਂ ਨੇ ਮਾਰਗ, ਮਖੌਟੇ, ਅਸਲ ਗੱਲ, ਕਾਲੇ ਦਿਨ, ਸਫਰ ਦੀਆਂ ਪੈੜਾਂ, ਅੱਗ ਦਾ ਬੂਟਾ, ਸਤਲੁਜ ਦਾ ਸਿਰਨਾਵਾਂ, ਜੰਗਲਨਾਮਾ ਪੰਜਾਬ, ਉਦਾਸ ਹੋਈ ਕਵਿਤਾ, ਦੋਸਤੀਨਾਮਾ, ਸੰਧਿਆ ਵੇਲੇ, ਸੰਤਾਲੀਨਾਮਾ ਆਦਿ ਤੋਂ ਇਲਾਵਾ ਲਿਖਣ ਦੇ ਨਾਲ-ਨਾਲ ਸੰਸਾਰ ਦੇ ਨਾਮਵਰ ਕਵੀਆਂ ਮਾਇਕੋਵਾਸਕੀ, ਪਾਬਲੋ ਨੈਰੂਦਾ, ਨਾਜ਼ਿਮ ਹਿਕਮਤ, ਫਲਸਤੀਨੀ ਕਵੀ ਮਹਿਮੂਦ ਦਰਵੇਸ਼, ਸਾਈਂ ਅਖ਼ਤਰ ਲਾਹੌਰੀ, ਬਾਬਾ ਨਜ਼ਮੀ, ਫੈਜ਼ ਅਹਿਮ ਫੈਜ਼, ਮੁਈਨ ਬਸੀਸੋ ਆਦਿ ਦੀਆਂ ਕਵਿਤਾਵਾਂ ਦਾ ਪੰਜਾਬੀ ਵਿੱਚ ਅਨੁਵਾਦ ਕੀਤਾ। ਉਨ੍ਹਾਂ ਨੇ ਇਕ ਸੌ ਤੋਂ ਵੱਧ ਪੁਸਤਕਾਂ ਸਾਹਿਤ ਜਗਤ ਦੀ ਝੋਲੀ ਪਾਈਆਂ। ਉਨ੍ਹਾਂ ਨੂੰ ਸੋਵੀਅਤ ਲੈਂਡ ਨਹਿਰੂ ਪੁਰਸਕਾਰ (ਦਿੱਲੀ), ਰਘਬੀਰ ਢੰਡ ਪੁਰਸਕਾਰ (ਯੂ ਕੇ), ਸ਼੍ਰੋਮਣੀ ਪੰਜਾਬੀ ਕਵੀ ਪੁਰਸਕਾਰ (ਭਾਸ਼ਾ ਵਿਭਾਗ, ਪੰਜਾਬ), ਕਰਤਾਰ ਸਿੰਘ ਧਾਲੀਵਾਲ ਪੁਰਸਕਾਰ (ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ), ਹਰੀ ਸਿੰਘ ਬਾਗੀ ਪੁਰਸਕਾਰ (ਸੁਤੰਤਰਤਾ ਸੰਗਰਾਮੀਂ), ਹੀਰਾ ਸਿੰਘ ਦਰਦ ਪੁਰਸਕਾਰ (ਕੇਂਦਰੀ ਪੰਜਾਬੀ ਲੇਖਕ ਸਭਾ ਰਜਿ.),ਦੀਪਕ ਜੈਤੋਈ ਪੁਰਸਕਾਰ (ਸਾਹਿਤ ਸਭਾ ਜੈਤੋ), ਪੰਜਾਬ ਕਲਾ ਪ੍ਰੀਸ਼ਦ ਪੁਰਸਕਾਰ (ਚੰਡੀਗੜ੍ਹ), ਬਾਵਾ ਬਲਵੰਤ ਪੁਰਸਕਾਰ (ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ), ਸ਼ਿਵ ਕੁਮਾਰ ਬਟਾਲਵੀ ਪੁਰਸਕਾਰ, ਬਟਾਲਾ, ਕਲਮਾਂ ਦਾ ਕਾਫਲਾ ਪੁਰਸਕਾਰ, ਕੌਮਾਂਤਰੀ ਲੇਖਕ ਮੰਚ (ਕਲਮ) ਕੈਨੇਡਾ ਆਦਿ ਪੁਰਸਕਾਰਾਂ ਵੱਖ ਸਮੇਂ ਦੌਰਾਨ ਮਿਲੇ। ਬਹੁਪੱਖੀ ਸ਼ਖਸੀਅਤ ਅਤੇ ਸਾਹਿਤ ਜਗਤ ਦੇ ਬਾਬਾ ਬੋਹੜ ਹਰਭਜਨ ਸਿੰਘ ਹੁੰਦਲ ਦੇ ਸਦੀਵੀ ਵਿਛੋੜਾ ਦੇ ਜਾਣ ਤੇ ਪੰਜਾਬ ਭਰ ਤੋਂ ਇਲਾਵਾ ਵੀ ਦੇਸ਼ ਵਿਦੇਸ਼ਾਂ ਤੋਂ ਲੇਖਕਾਂ/ਸਾਹਿਤਕਾਰਾਂ, ਸਾਹਿਤ ਪ੍ਰੇਮੀਆਂ ਅਤੇ ਵੱਖ-ਵੱਖ ਸਾਹਿਤ ਸਭਾਵਾਂ ਅਤੇ ਵੱਖ-ਵੱਖ ਧਾਰਮਿਕ, ਸਮਾਜਸੇਵੀ ਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਨੇ ਉਨ੍ਹਾਂ ਦੇ ਸਪੁੱਤਰ ਡਾ: ਹਰਪ੍ਰੀਤ ਸਿੰਘ ਹੁੰਦਲ ਤੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਉਨ੍ਹਾਂ ਦੇ ਜਾਣ ਨਾਲ ਪੰਜਾਬੀ ਸਾਹਿਤ ਜਗਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

# ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਦੀਨਾਨਗਰ ਨੇ ਸਥਾਪਨਾ ਦਿਵਸ ਮਨਾਇਆ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਦੀਨਾਨਗਰ ਦੀ ਤਰਫੋਂ ਮੋਹਿਤ ਅਗਰਵਾਲ ਦੇ ਟਿਊਸ਼ਨ ਇੰਸਟੀਚਿਊਟ ਸੈਂਟਰ ਵਿਖੇ ਸ਼ਾਖਾ ਪ੍ਰਧਾਨ ਰਾਕੇਸ਼ ਮਹਾਜਨ ਦੀ ਪ੍ਰਧਾਨਗੀ ਹੇਠ ਹਵਨ ਯੱਗ ਕਰਕੇ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਸੂਬਾ ਕਨਵੀਨਰ ਬੀ. ਐੱਸ. ਬਾਜਵਾ ਗੁਰਦਾਸਪੁਰ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾ ਕੇ ਕੀਤੀ ਗਈ। ਰਾਧੇ ਸ਼ਾਮ ਮਹਾਜਨ ਨੇ ਮੰਤਰਾਂ ਦਾ ਜਾਪ ਕਰਕੇ ਹਵਨ ਯੱਗ ਕੀਤਾ। ਸੂਬਾ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਭਾਰਤ ਵਿਕਾਸ ਪ੍ਰੀਸ਼ਦ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ ਕਿ ਕੌਂਸਲ ਵਿੱਚ 5 ਸਰੋਤਾਂ ਦੇ ਆਧਾਰ 'ਤੇ ਕੰਮ ਕੀਤਾ ਜਾਂਦਾ ਹੈ। ਸੂਬਾ ਪੈਟਰਨ ਰਾਧੇ ਸ਼ਾਮ ਮਹਾਜਨ, ਸੂਬਾ ਕਨਵੀਨਰ ਮੋਹਿਤ ਅਗਰਵਾਲ, ਸ਼ੈਲਿਕਾ ਅਗਰਵਾਲ, ਹਰੀਸ਼ ਸ਼ਰਮਾ, ਸੰਜੀਵ ਮਹਾਜਨ, ਜੋਗਿੰਦਰ ਪਾਲ ਮਹਾਜਨ, ਅਮਨ ਅਰੋੜਾ ਅਤੇ ਕਮਲ ਮਹਾਜਨ ਆਦਿ ਹਾਜ਼ਰ ਸਨ।

# ਚਾਰ ਟਰੇਡ ਯੂਨੀਅਨਾਂ ਦੀ ਸਾਂਝੀ ਰੈਲੀ ਦੇ ਹੱਕ 'ਚ ਪੰਜਾਬ ਖੇਤ ਮਜ਼ਦੂਰ ਸਭਾ ਗੁਰਦਾਸਪੁਰ ਵੱਲੋਂ ਮੀਟਿੰਗ ਆਯੋਜਿਤ

ਗੁਰਦਾਸਪੁਰ (ਨਜ਼ਸ)-ਮੋਹਾਲੀ ਵਿਚ ਚਾਰ ਟਰੇਡ ਯੂਨੀਅਨਾਂ ਵੱਲੋ 14 ਜੁਲਾਈ ਨੂੰ ਕੀਤੀ ਜਾ ਰਹੀ ਸਾਂਝੀ ਰੈਲੀ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਕੀਤੇ ਗਏ ਸਹਿਯੋਗ ਤਹਿਤ ਸਭਾ ਦੀ ਗੁਰਦਾਸਪੁਰ ਇਕਾਈ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ ਕਾਮਰੇਡ ਕੁਲਦੀਪ ਸਿੰਘ ਕੋਠੇ ਭੀਮ ਸੈਣ ਦੀਨਾਨਗਰ ਦੀ ਅਗਵਾਈ ਹੇਠ ਕੀਤੀ ਗਈ ਜਿਸ ਵਿੱਚ ਗੁਰਦਾਸਪੁਰ ਦੇ ਵੱਖ-ਵੱਖ ਬਲਾਕਾਂ ਦੇ ਅਹੁਦੇਦਾਰ ਅਤੇ ਵਰਕਰ ਸ਼ਾਮਿਲ ਹੋਏ। ਮੀਟਿੰਗ ਵਿੱਚ ਮਜ਼ਦੂਰ ਵਰਗ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਪ੍ਰਧਾਨ ਹੀਰਾ ਲਾਲ ਕਾਦੀਆਂ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਘਟਣ ਦੀ ਬਜਾਏ ਵੱਧਦੀਆਂ ਹੀ ਜਾ ਰਹੀਆਂ ਹਨ। ਸਰਕਾਰ ਮਜ਼ਦੂਰਾਂ ਦੀਆਂ ਮੂਲ ਮੰਗਾਂ ਜਿਵੇਂ ਕਿਰਤੀਆਂ ਨੂੰ ਦਸ-ਦਸ ਮਰਲੇ ਦੇ ਪਲਾਟ, ਮਕਾਨ ਦੀ ਉਸਾਰੀ ਲਈ ਪੰਜ-ਪੰਜ ਲੱਖ ਦੀ ਗ੍ਰਾਂਟ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨਾਂ ਪੰਜ ਹਜ਼ਾਰ ਕਰਨ ਦੀ ਮੰਗ ਨੂੰ ਅਣਡਿੱਠ ਕਰਕੇ ਨਿਗੁਣੀਆਂ ਰਿਆਇਤਾਂ ਤੇ ਮੁਫਤਖੋਰੀ ਵੱਲ ਧੱਕ ਕੇ ਉਨ੍ਹਾਂ ਦਾ ਸ਼ੋਸ਼ਣ ਹੀ ਨਹੀਂ ਕਰ ਰਹੀ ਸਗੋਂ ਸਰੀਰਕ ਤੌਰ ਤੇ ਨਕਾਰਾ, ਨਿਕੰਮੇ ਤੇ ਦਿਸ਼ਾਹੀਣ ਕਰ ਰਹੀ ਹੈ ਜਿਸ ਨਾਲ ਉਹ ਕੰਮਚੋਰ, ਆਲਸੀ ਅਤੇ ਸਦਾ ਵਾਸਤੇ ਆਪਣੇ ਤਰਸ ਦੇ ਪਾਤਰ ਬਣਾ ਕੇ ਅਸਲੀ ਮੁੱਦਿਆਂ ਵੱਲੋਂ ਧਿਆਨ ਹਟਾ ਰਹੀ ਹੈ। ਸੂਬਾ ਕਮੇਟੀ ਮੈਂਬਰ ਬਲਬੀਰ ਸਿੰਘ ਮੱਲ੍ਹੀ ਨੇ ਕਿਹਾ ਕਿ ਇਹ ਰੈਲੀਆਂ ਤੇ ਮੁਜ਼ਾਹਰੇ ਜਿੱਥੇ ਸਰਕਾਰਾਂ ਦੀਆਂ ਨਾਕਾਮੀਆਂ ਤੇ ਕੀਤੇ ਗਏ ਵਾਦਿਆਂ ਦੇ ਪਾਜ ਉਧੇੜਦੀਆਂ ਹਨ ਉਥੇ ਮਜ਼ਦੂਰ ਵਰਗ ਦੀ ਏਕਤਾ, ਸੰਘਰਸ਼ ਕਰਨ ਦੀ ਸ਼ਕਤੀ, ਮਾਨਸਿਕ ਤੇ ਰਾਜਸੀ ਚੇਤਨਾ ਵੀ ਲਿਆਉਂਦੀਆਂ ਹਨ। ਲੁਟੇਰੀ ਜਮਾਤ ਅਤੇ ਕਿਰਤੀ ਜਮਾਤ ਵਿੱਚਲੇ ਫਰਕ ਦਾ ਇਹਸਾਸ ਵੀ ਕਰਾ ਕੇ ਲੁਟੇਰੀ ਜਮਾਤ ਵੱਲੋਂ ਕਿਰਤ ਦੀ ਲੁੱਟ ਨੂੰ ਬਚਾਉਣ ਦੀ ਜ਼ਿੰਮੇਵਾਰੀ ਦੀ ਚੇਤਨਾ ਵੀ ਪੈਦਾ ਕਰਦੀਆਂ ਹਨ।

ਸਰਕਾਰਾਂ ਨੂੰ ਦੇਸ਼ ਦੀ ਤਰੱਕੀ ਵਿੱਚ ਮਜ਼ਦੂਰ ਵਰਗ ਵੱਲੋ ਪਾਏ ਗਏ ਯੋਗਦਾਨ ਦਾ ਅਹਿਸਾਸ ਵੀ ਕਰਵਾਉਂਦੀਆਂ ਹਨ। ਮੀਟਿੰਗ ਦੇ ਅੰਤ ਵਿੱਚ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਗੈਰ-ਹੁਨਰਮੰਦ ਮਜ਼ਦੂਰ ਦੀ ਉਜਰਤ 26000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਅਨਗਣਵਾੜੀ ਵਰਕਰਾਂ, ਹੈਲਪਰਾਂ ਤੇ ਆਸ਼ਾ ਵਰਕਰਾਂ ਨੂੰ ਘਟੋ-ਘੱਟ ਉਜਰਤਾਂ ਦੇ ਘੇਰੇ ਵਿੱਚ ਸ਼ਾਮਿਲ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਠੇਕਾ ਭਰਤੀ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਬਿਨਾਂ ਭੇਦ-ਭਾਵ ਦੇ ਰੈਗੂਲਰ ਕੀਤਾ ਜਾਵੇ, ਮਨਰੇਗਾ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕਰਕੇ ਸਾਲ ਵਿੱਚ 200 ਦਿਨ ਕੰਮ ਦਿੱਤਾ ਜਾਵੇ, ਭੱਠਾ ਮਜ਼ਦੂਰਾਂ ਤੇ ਉਸਾਰੀ ਮਜ਼ਦੂਰਾਂ ਦੀਆਂ ਮੰਗਾਂ ਪ੍ਰਵਾਨ ਕੀਤੀਆ ਜਾਣ, ਮਜ਼ਦੂਰ ਵਿਰੋਧੀ ਚਾਰ ਲੈਬਰ ਕੋਡ ਰੱਦ ਕੀਤੇ ਜਾਣ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਅਜੀਤ ਸਿੰਘ, ਹੰਸਰਾਜ, ਅਜੀਤ ਕੁਮਾਰ, ਦਲਬਾਗ ਸਿੰਘ ਆਦਿ ਹਾਜ਼ਰ ਸਨ

# ਲੋਕ ਇਨਸਾਫ ਪ੍ਰੈੱਸ ਕਲੱਬ ਪੰਜਾਬ ਦੀ ਮਹੀਨਾਵਾਰ ਮੀਟਿੰਗ



ਗਹਿਰੀ ਮੰਡੀ (ਮਨਜੀਤ ਸਿੰਘ ਭੰਗੂ)-ਲੋਕ ਇਨਸਾਫ ਪ੍ਰੈੱਸ ਕਲੱਬ ਪੰਜਾਬ ਦੀ ਮਹੀਨਾਵਾਰ ਮੀਟਿੰਗ ਤੇਜ ਗਰੈਂਡ ਹੋਟਲ ਨੇੜੇ ਜੰਡਿਆਲਾ ਗੁਰੂ ਵਿਖੇ ਕੀਤੀ ਗਈ ਜਿਸ ਵਿਚ ਕਲੱਬ ਵੱਲੋਂ ਸਾਰਿਆਂ ਦੀ ਸਹਿਮਤੀ ਨਾਲ ਪੰਜ ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਉਂਕਾਰ ਸਿੰਘ ਸੋਨੂੰ ਕਮੇਟੀ ਦਾ ਪ੍ਰਧਾਨ, ਮਨਜੀਤ ਸਿੰਘ ਢਿਲੋਂ ਨੂੰ ਸੀਨੀਅਰ ਮੀਤ ਪ੍ਰਧਾਨ, ਗਗਨਦੀਪ ਸਿੰਘ ਨੂੰ ਵਾਈਸ ਪ੍ਰਧਾਨ, ਸੰਦੀਪ ਸ਼ਰਮਾ ਸੈਕਟਰੀ, ਸਬੋਧ ਵਰਮਾ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਪੰਜਾਬ ਪ੍ਰਧਾਨ ਜੀਵਨ ਸ਼ਰਮਾ ਅਤੇ ਜਰਨਲ ਸੈਕਟਰੀ ਪੰਜਾਬ ਮਨਜੀਤ ਸਿੰਘ ਨੇ ਇੱਕ ਲੋਕ ਇਨਸਾਫ ਪਬਲਿਕ ਪਾਵਰ ਕਲੱਬ ਦਾ ਮਤਾ ਪਾਇਆ ਗਿਆ ਜਿਸ ਵਿਚ ਪਤਰਕਾਰਾਂ ਤੋਂ ਇਲਾਵਾ ਹੋਰ ਵੀ ਜਿਹੜਾ ਮਰਜ਼ੀ ਇਸ ਸੰਸਥਾ ਨਾਲ ਜੁੜ ਸਕਦਾ ਹੈ। ਇਹ ਕਲੱਬ ਵੀ ਉਸੇ ਤਰ੍ਹਾਂ ਹੀ ਲੋਕ ਭਲਾਈ ਦੇ ਕੰਮ ਕਰੇਗਾ ਤੇ ਹਰ ਮੁਸ਼ਕਲ ਵਿਚ ਆਪਸੀ ਭਾਈਚਾਰੇ ਨਾਲ ਅੱਗੇ ਵਧੇਗਾ। ਉਸ ਸਮੇ ਸੈਕਟਰੀ ਸੋਨੂੰ ਬਾਬਾ ਬਕਾਲਾ ਤੇ ਮਾਝਾ ਜ਼ੋਨ ਦੇ ਵਿਕਰਮਜੀਤ ਸਿੰਘ ਨੇ ਕਿਹਾ ਕਿ ਕਲੱਬ ਵਾਸਤੇ ਇਹ ਬਹੁਤ ਸ਼ਲਾਘਾਯੋਗ ਕਦਮ ਹੈ। ਕਾਮਰੇਡ ਨਿਰਮਲ ਸਿੰਘ ਛੱਜਲਵੱਡੀ ਵੀ ਮੌਕੇ 'ਤੇ ਹਾਜ਼ਰ ਸਨ ਤੇ ਉਨ੍ਹਾਂ ਨੇ ਆਪਣਾ ਨਾਮ ਪਹਿਲ ਦੇ ਆਧਾਰ 'ਤੇ ਲੋਕ ਇਨਸਾਫ ਪਬਲਿਕ ਪਾਵਰ ਕਲੱਬ ਵਿਚ ਦਰਜ ਕਰਵਾਇਆ। ਉਨ੍ਹਾਂ ਕਿਹਾ ਕਿ ਮੈਂ ਵੀ ਇਸ ਸੰਸਥਾ ਵਿਚ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਾਂਗਾ। ਛੱਜਲਵੱਡੀ ਨੇ ਪੰਜਾਬ ਦੇ ਭਖਦੇ ਮੁੱਦਿਆਂ ਬਾਬਤ ਵਿਚਾਰਾਂ ਸਾਂਝੀਆਂ ਕੀਤੀਆਂ ਤੇ ਸਾਰਿਆਂ ਨੂੰ ਏਕਤਾ ਬਣਾਈ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਬਲਰਾਜ ਸਿੰਘ ਕੈਸ਼ੀਅਰ ਪੰਜਾਬ, ਸੁਖਵਿੰਦਰ ਸਿੰਘ ਮਾਲੋਵਾਲ ਆਦਿ ਹਾਜ਼ਰ ਸਨ।

# ਏਟਕ ਦਾ ਵਫਦ ਨਿਗਰਾਨ ਇੰਜੀਨੀਅਰ ਨੂੰ ਮਿਲਿਆ



ਤਰਨ ਤਾਰਨ (ਨਜ਼ਸ)-ਪਾਵਰਕਾਮ ਵਿਭਾਗ ਦੇ ਸਥਾਨਕ ਸਰਕਲ ਵਿੱਚ ਤਾਇਨਾਤ ਨਵ-ਨਿਯੁਕਤ ਨਿਗਰਾਨ ਇੰਜੀਨੀਅਰ ਇੰਜੀ: ਮਹਿਦਰਪ੍ਰੀਤ ਸਿੰਘ ਨੂੰ ਪੀਐਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਜਥੇਬੰਦੀ ਦੇ ਸਰਕਲ ਯੂਨਿਟ ਦੇ ਆਗੂਆਂ ਦਾ ਵਫਦ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਸਰਕਲ ਪ੍ਰਧਾਨ ਬਲਜਿੰਦਰ ਕੌਰ ਡਿਆਲ ਦੀ ਅਗਵਾਈ ਹੇਠ ਜੀ ਆਇਆਂ ਕਹਿਣ ਲਈ ਮਿਲਿਆ। ਇਸ ਮੌਕੇ ਸੂਬਾ ਪ੍ਰਧਾਨ ਗੰਡੀਵਿੰਡ ਨੇ ਜਥੇਬੰਦੀ ਦੇ ਆਗੂਆਂ ਦੀ ਨਿਗਰਾਨ ਇੰਜੀਨੀਅਰ ਨਾਲ ਜਾਣ-ਪਛਾਣ ਕਰਵਾਉਣ ਉਪਰੰਤ ਨਿਗਰਾਨ ਇੰਜੀਨੀਅਰ ਨੂੰ ਜਥੇਬੰਦੀ ਦੀ ਤਰਫੋਂ ਇਤਿਹਾਸਕ ਅਤੇ ਕ੍ਰਾਂਤੀਕਾਰੀ ਕਿਤਾਬਾਂ ਦਾ ਸੈੱਟ ਭੇਟ ਕੀਤਾ ਗਿਆ। ਨਵ-ਨਿਯੁਕਤ ਨਿਗਰਾਨ ਇੰਜੀਨੀਅਰ ਨੇ ਜਥੇਬੰਦੀ ਦੇ ਵਫਦ ਨੂੰ ਆਪਸੀ ਤਾਲਮੇਲ ਬਣਾ ਕੇ ਚਲਣ ਦਾ ਭਰੋਸਾ ਦਿੱਤਾ। ਵਫਦ ਵਿੱਚ ਸਰਕਲ ਸਕੱਤਰ ਪੂਰਨ ਦਾਸ, ਖਜ਼ਾਨਚੀ ਅਤੇ ਜ਼ੋਨ ਆਗੂ ਕਲਵਿੰਦਰ ਸਿੰਘ ਬਾਗੜੀਆਂ, ਸੀਨੀਅਰ ਮੀਤ ਪ੍ਰਧਾਨ ਸੁਖਰਾਜ ਸਿੰਘ ਔਲਖ, ਮੀਤ ਪ੍ਰਧਾਨ ਬਲਜਿੰਦਰ ਸਿੰਘ ਪਲਾਸੌਰ, ਮੀਤ ਸਕੱਤਰ ਲਖਵਿੰਦਰ ਸਿੰਘ ਬਹਿਲਾ, ਜਥੇਬੰਦਕ ਸਕੱਤਰ ਮੇਜਰ ਸਿੰਘ ਨਾਗੋਕੇ, ਸਰਕਲ ਆਗੂ ਨਗਿੰਦਰ ਸਿੰਘ ਵਲਟੋਹਾ ਅਤੇ ਬਲਕਾਰ ਸਿੰਘ ਜੰਡੋਕੇ ਨੇ ਹਿੱਸਾ ਲਿਆ।

# ਨਹਿਰੀ ਬੰਨ੍ਹ ਟੁੱਟਣ ਕਾਰਨ ਦਰਜਨ ਦੇ ਕਰੀਬ ਪਿੰਡਾਂ ਦੀ ਇਕ ਹਜ਼ਾਰ ਏਕੜ ਫਸਲ ਖਰਾਬ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਹਲਕਾ ਖੇਮਕਰਨ ਅਧੀਨ ਆਉਂਦੇ ਸਰਹੱਦੀ ਪਿੰਡ ਤਲਵੰਡੀ ਸੋਭਾ ਸਿੰਘ ਸਮੇਤ ਨੇੜੇ ਦੇ ਕਰੀਬ ਇੱਕ ਦਰਜਨ ਪਿੰਡਾਂ ਦੀ ਲਗਭੱਗ ਇੱਕ ਹਜ਼ਾਰ ਏਕੜ ਫਸਲ ਭਾਰੀ ਬਾਰਿਸ਼ ਮਗਰੋਂ ਨਹਿਰੀ ਬੰਨ੍ਹ ਟੁੱਟਣ ਕਾਰਨ ਖਰਾਬ ਹੋ ਗਈ ਹੈ। ਜ਼ਿਕਰਯੋਗ ਹੈ ਕਿ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਫਸਲਾਂ ਦੇ ਉਜਾੜੇ ਨੂੰ ਰੋਕਣ ਲਈ ਠੋਸ ਪ੍ਰਬੰਧ ਨਾ ਕਰਨ ਕਾਰਨ ਕਿਸਾਨਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਮੇਹਰ ਸਿੰਘ ਤਲਵੰਡੀ ਨੇ ਦੱਸਿਆ ਕਿ ਦੋ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਾਰਨ ਤਲਵੰਡੀ ਸੋਭਾ ਸਿੰਘ ਤੇ ਨਜ਼ਦੀਕ ਦੇ ਕਰੀਬ ਇੱਕ ਦਰਜਨ ਪਿੰਡਾਂ ਦੀ ਇੱਕ ਹਜਾਰ ਏਕੜ ਫਸਲ ਖਰਾਬ ਹੋ ਗਈ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਕਿਸਾਨਾਂ ਵੱਲੋਂ ਬਾਰਿਸ਼ ਦੇ ਪਾਣੀ ਨੂੰ ਰੋਕਣ ਲਈ ਇੱਕ ਬੰਨ੍ਹ ਬਣਾਇਆ ਗਿਆ ਸੀ, ਜੋ ਪਾਣੀ ਦਾ ਪੱਧਰ ਦਾ ਪੱਧਰ ਉੱਚਾ ਹੋਣ ਕਾਰਨ ਟੁੱਟ ਗਿਆ ਅਤੇ ਕਿਸਾਨਾਂ ਦੀ ਫਸਲ ਪਾਣੀ ਦੀ ਮਾਰ ਹੇਠ ਆ ਗਈ ਹੈ। ਉਨ੍ਹਾਂ ਦੱਸਿਆ ਕਿ ਨਜ਼ਦੀਕੀ ਪਿੰਡਾਂ ਦੇ ਕਿਸਾਨ ਹਰ ਸਾਲ ਇਸ ਮਾਰ ਹੇਠ ਆ ਜਾਂਦੇ ਹਨ, ਪ੍ਰੰਤੂ ਅੱਜ ਤੱਕ ਕਿਸੇ ਨੇ ਵੀ ਉਨ੍ਹਾਂ ਦੀ ਸਾਰ ਨਹੀਂ ਲਈ।

ਇਸ ਮੌਕੇ ਇਲਾਕੇ ਦੇ ਕਿਸਾਨਾਂ ਨੇ ਦੱਸਿਆ ਕਿ ਹਰ ਸਾਲ ਉਨ੍ਹਾਂ ਨੂੰ ਇਸ ਨੁਕਸਾਨ ਦਾ ਸਾਹਮਣਾ ਕਰਨਾ ਪੈਂਦਾ ਹੈ, ਪ੍ਰੰਤੂ ਨਾ ਤਾਂ ਪ੍ਰਸ਼ਾਸਨ ਦਾ ਕੋਈ ਅਧਿਕਾਰੀ ਕਿਸਾਨਾਂ ਦੀ ਸਾਰ ਲੈਣ ਪੁੱਜਾ ਹੈ ਅਤੇ ਨਾ ਹੀ ਮੌਜੂਦਾ ਸਰਕਾਰ ਦਾ ਕੋਈ ਲੀਡਰ। ਇਸ ਮੌਕੇ ਪੀੜਤ ਕਿਸਾਨਾਂ ਨੇ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।

# ਡੀ ਸੀ ਵੱਲੋਂ ਅਧਿਕਾਰੀਆਂ ਨੂੰ ਪਾਣੀ ਨਾਲ ਭਰਨ ਵਾਲੇ ਇਲਾਕਿਆਂ ਦਾ ਵਿਸ਼ੇਸ਼ ਸਰਵੇ ਕਰਨ ਦੀਆਂ ਹਦਾਇਤਾਂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ ਅਤੇ ਨਗਰ ਨਿਗਮ ਬਟਾਲਾ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਬੀਤੇ ਦਿਨੀਂ ਹੋਈ ਬਾਰਸ਼ ਦੌਰਾਨ ਸ਼ਹਿਰਾਂ ਦੇ ਜਿਹੜੇ ਖੇਤਰਾਂ ਵਿੱਚ ਪਾਣੀ ਦੀ ਨਿਕਾਸੀ ਦੀ ਸਮੱਸਿਆ ਆਈ ਸੀ ਉਨ੍ਹਾਂ ਖੇਤਰਾਂ ਦਾ ਬਰੀਕੀ ਨਾਲ ਅਧਿਅਨ ਕਰਕੇ ਪਾਣੀ ਇਕੱਠਾ ਹੋਣ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇ।

ਇਸਦੇ ਨਾਲ ਹੀ ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਹੈ ਕਿ ਕਾਰਨ ਪਤਾ ਕਰਨ ਤੋਂ ਬਾਅਦ ਉਨ੍ਹਾਂ ਖੇਤਰਾਂ ਵਿੱਚ ਜੋ ਵੀ ਘਾਟਾਂ ਹਨ ਜਾਂ ਜੋ ਵੀ ਲੋੜੀਂਦੇ ਪ੍ਰਬੰਧ ਕੀਤੇ ਜਾਣੇ ਹਨ ਉਨ੍ਹਾਂ ਨੂੰ ਅਗਲੇ 2 ਦਿਨਾਂ ਵਿੱਚ ਪੂਰਿਆਂ ਕੀਤਾ ਜਾਵੇ ਤਾਂ ਜੋ ਅਗਲੀ ਬਾਰਸ਼ ਦੌਰਾਨ ਦੁਬਾਰਾ ਓਥੇ ਪਾਣੀ ਦੀ ਨਿਕਾਸੀ ਦੀ ਕੋਈ ਮੁਸ਼ਕਲ ਨਾ ਆਵੇ। ਅੱਜ ਸਥਾਨਕ ਪੰਚਾਇਤ ਭਵਨ ਵਿਖੇ ਜ਼ਿਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ ਅਤੇ ਨਗਰ ਨਿਗਮ ਬਟਾਲਾ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਸ ਵਾਰ ਮਾਨਸੂਨ ਦੀ ਬਾਰਸ਼ ਕਾਫ਼ੀ ਹੋ ਰਹੀ ਹੈ ਅਤੇ ਇਸ ਹਫ਼ਤੇ ਦੇ ਅਖੀਰ ਵਿੱਚ ਇੱਕ ਵਾਰ ਬਾਰਸ਼ ਆਉਣ ਦਾ ਅਨੁਮਾਨ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਵਿੱਚ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਦੀ ਪੂਰੀ ਤਿਆਰੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਸੀਵਰੇਜ ਬੋਰਡ ਦੀ ਸਹਾਇਤਾ ਵੀ ਲਈ ਜਾਵੇ। ਉਨ੍ਹਾਂ ਕਿਹਾ ਕਿ ਭਾਵੇਂ ਬਾਰਸ਼ ਅੱਗੇ ਤਾਂ ਕਿਸੇ ਦਾ ਜ਼ੋਰ ਨਹੀਂ ਹੈ ਪਰ ਮਾੜੇ ਪ੍ਰਬੰਧਾਂ ਕਾਰਨ ਜਾਂ ਅਣਗਹਿਲੀ ਕਾਰਨ ਕਿਸੇ ਦਾ ਨੁਕਸਾਨ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸੀਵਰੇਜ ਸਿਸਟਮ ਨੂੰ ਠੀਕ ਕਰਨ ਦੇ ਨਾਲ ਬਾਰਸ਼ ਦੇ ਪਾਣੀ ਨੂੰ ਲਿਜਾਣ ਵਾਲੇ ਨਾਲਿਆਂ ਨੂੰ ਸਾਫ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਕੰਮ ਨੂੰ ਪੂਰੀ ਤਰਜੀਹ ਦਿੱਤੀ ਜਾਵੇ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ ਨੇ ਵੀ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰਾਂ ਵਿੱਚ ਪੁਰਾਣੀਆਂ ਤੇ ਖਸਤਾ ਹਾਲ ਇਮਾਰਤਾਂ ਦੀ ਪਛਾਣ ਕਰਕੇ ਉਨ੍ਹਾਂ ਸਬੰਧੀ ਵਿਸ਼ੇਸ਼ ਸਾਵਧਾਨੀ ਵਰਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਇਮਾਰਤ ਦੀ ਹਾਲਤ ਜ਼ਿਆਦਾ ਖਸਤਾ ਹੈ ਤਾਂ ਉਸ ਨੂੰ ਖਾਲੀ ਕਰਵਾਇਆ ਜਾਵੇ ਅਤੇ ਆਸ-ਪਾਸ ਦੀ ਵਸੋਂ ਦੇ ਬਚਾਅ ਦੇ ਪ੍ਰਬੰਧ ਵੀ ਕੀਤੇ ਜਾਣ।

# ਮੀਂਹ ਨਾਲ ਮਕਾਨ ਦੀ ਛੱਤ ਡਿੱਗਣ ਕਾਰਨ ਔਰਤ ਸਮੇਤ ਦੋ ਵਿਅਕਤੀ ਜ਼ਖ਼ਮੀ



ਗੁਰਦਾਸਪੁਰ (ਜਨਕ ਮਹਾਜਨ)-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਵੱਡਾ ਕਲੀਚਪੁਰ ਵਿਚ ਪਿਛਲੇ ਦੋ ਦਿਨਾਂ ਤੋਂ ਪੈ ਰਹੇ ਤੇਜ਼ ਮੀਂਹ ਕਾਰਨ ਇਕ ਪਰਿਵਾਰ ਦਾ ਮਕਾਨ ਰਾਤ ਸਮੇਂ ਡਿਗਣ ਕਾਰਨ ਇਕ ਔਰਤ ਸਮੇਤ ਦੋ ਵਿਅਕਤੀਆਂ ਦੇ ਗੰਭੀਰ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪੀੜਤ ਬਿਕਰਮ ਸਿੰਘ ਪੁੱਤਰ ਕੁੰਨਣ ਸਿੰਘ ਵਾਸੀ ਕਲੀਚਪੁਰ ਨੇ ਦੱਸਿਆ ਕਿ ਉਹ ਮੀਂਹ ਵਾਲੇ ਦਿਨ ਆਪਣੇ ਬਾਲਿਆਂ ਵਾਲੀ ਛੱਤ ਹੇਠਾਂ ਪਰਿਵਾਰ ਸਮੇਤ ਸੁੱਤੇ ਪਏ ਸਨ ਅਤੇ ਕੁਝ ਪਰਿਵਾਰ ਦੇ ਮੈਂਬਰ ਦੂਜੇ ਕਮਰੇ ਵਿਚ ਹਨ।

ਉਨ੍ਹਾਂ ਦੱਸਿਆ ਕਿ ਰਾਤ 12 ਵਜੇ ਕਰੀਬ ਸਾਡੇ ਮਕਾਨ ਦੀ ਛੱਤ ਸਾਡੇ ਉਪਰ ਡਿਗ ਪਈ ਜਿਸ ਕਾਰਨ ਅਸੀਂ ਮਿੱਟੀ ਦੇ ਮਲਬੇ ਹੇਠਾਂ ਦੱਬੇ ਗਏ।

ਮਕਾਨ ਦੇ ਡਿਗਣ ਦੀ ਆਵਾਜ਼ ਸੁਣ ਕੇ ਆਂਢ-ਗੁਆਂਢ ਦੇ ਲੋਕਾਂ ਨੇ ਇਕੱਠੇ ਹੋ ਕੇ ਸਾਨੂੰ ਮਲਬੇ ਹੇਠਾਂ ਤੋਂ ਬਾਹਰ ਕੱਢਿਆ। ਮਕਾਨ ਡਿਗਣ ਕਾਰਨ ਜ਼ਖ਼ਮੀ ਹੋਏ ਬਿਕਰਮ, ਪ੍ਰਦੀਪ ਅਤੇ ਭੋਲੀ ਸ਼ਾਮਿਲ ਹਨ ਜਦੋਂ ਕਿ ਗੁਰਦੀਪ ਨੁਕਰੇ ਸੁੱਤਾ ਹੋਣ ਕਰਕੇ ਵਾਲ-ਵਾਲ ਬਚ ਗਿਆ। ਮਕਾਨ ਡਿਗਣ ਕਾਰਨ ਘਰੇਲੂ ਸਮਾਨ ਦਾ ਜਿੱਥੇ ਕਾਫ਼ੀ ਨੁਕਸਾਨ ਹੋਇਆ ਉਥੇ ਹੀ ਜਾਨੀ ਨੁਕਸਾਨ ਹੋਣ ਤੋਂ ਵੀ ਬਚਾਅ ਹੋ ਗਿਆ।

ਇਲਾਕੇ ਦੇ ਉਘੇ ਅਕਾਲੀ ਆਗੂ ਨਿਰਮਲ ਸਿੰਘ ਕਲੀਚਪੁਰ ਨੇ ਦੱਸਿਆ ਕਿ ਇਹ ਪਰਿਵਾਰ ਇਕ ਮੱਧ ਵਰਗੀ ਸ਼੍ਰੇਣੀ ਵਿਚੋਂ ਆਉਂਦਾ ਹੈ ਅਤੇ ਇਨ੍ਹਾਂ ਦਾ ਮਕਾਨ ਡਿਗਣ ਕਾਰਨ ਕਾਫ਼ੀ ਨੁਕਸਾਨ ਹੋਇਆ ਹੈ।

ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਪੀੜਤ ਪਰਿਵਾਰ ਦੇ ਆਰਥਿਕ ਹਾਲਾਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ।

ਉਨ੍ਹਾਂ ਇਹ ਵੀ ਦੱਸਿਆ ਕਿ ਬੇਟ ਇਲਾਕੇ ਅੰਦਰ ਤਕਰੀਬਨ ਹਰ ਇਕ ਪਿੰਡ ਵਿਚ ਤਿੰਨ-ਚਾਰ ਘਰਾਂ ਦੀਆਂ ਛੱਤਾਂ ਦੀ ਹਾਲਤ ਕਾਫ਼ੀ ਮਾੜੀ ਹੋ ਚੁੱਕੀ ਹੈ ਪਰ ਮਜਬੂਰਨ ਗਰੀਬ ਲੋਕ ਇਨ੍ਹਾਂ ਛੱਤਾਂ ਹੇਠਾਂ ਰਹਿਣ ਲਈ ਮਜਬੂਰ ਹਨ।

11-July-Page-12.qxd 7/11/2023 12:57 AM Page 1



# ਸਥਿਤੀ ਕਾਬੂ ਹੇਠ, ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਲੋਕ : ਕੋਮਲ ਮਿੱਤਲ

**ਹੁਸ਼ਿਆਰਪੁਰ, (ਓ ਪੀ ਰਾਣਾ )**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਲਗਾਤਾਰ ਹੋਈ ਬਰਸਾਤ ਦੇ ਕਾਰਨ ਜ਼ਿਲ੍ਹੇ ਵਿਚ ਪੈਦਾ ਹੋਏ ਹਾਲਾਤ ਤੋਂ ਜ਼ਿਲ੍ਹਾ ਵਾਸੀਆਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ, ਕਿਉਂਕਿ ਜ਼ਿਲ੍ਹੇ ਵਿਚ ਹੁਣ ਸਥਿਤੀ ਪੂਰੀ ਤਰ੍ਹਾਂ ਨਾਲ ਕਾਬੂ ਹੇਠ ਹੈ। ਉਨ੍ਹਾਂ ਲੋਕਾਂ ਨੂੰ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹਾ ਵਾਸੀਆਂ ਦੇ ਜਾਨ-ਮਾਲ ਦੀ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਮੁਸਤੈਦ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਜਾਂ ਜਾਣਕਾਰੀ ਹਾਸਲ ਕਰਨ ਲਈ ਜ਼ਿਲ੍ਹਾ ਅਤੇ ਤਹਿਸੀਲ ਪੱਧਰ 'ਤੇ ਬਣਾਏ ਗਏ ਹੜ੍ਹ ਕੰਟਰੋਲ ਰੂਮ ਦੇ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਜਿਲ੍ਹਾ ਵਾਸੀਆਂ ਨੂੰ ਹਿਮਾਚਲ ਪ੍ਰਦੇਸ਼ ਅਤੇ ਰੂਪਨਗਰ ਵੱਲ ਨਾ ਜਾਣ ਦੀ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਇਲਾਕਿਆਂ ਵਿਚ ਬਰਸਾਤ ਕਾਰਨ ਸੜਕਾਂ ਕਾਫ਼ੀ ਖਰਾਬ ਹੋ ਗਈਆਂ ਹਨ। ਇਸ ਲਈ ਬਿਨਾਂ ਵਜ੍ਹਾ ਪ੍ਰੇਸ਼ਾਨੀ ਤੋਂ ਬਚਣ ਲਈ ਉਹ ਬਹੁਤ ਜ਼ਰੂਰੀ ਹੋਣ 'ਤੇ ਹੀ ਸਫ਼ਰ ਕਰਨ। ਉਨ੍ਹਾਂ ਕਿਹਾ ਕਿ ਲੋਕ ਦਰਿਆਵਾਂ, ਨਹਿਰਾਂ, ਖੱਡਾਂ, ਚੋਆਂ ਅਤੇ ਹੇਠਲੇ ਇਲਾਕਿਆਂ ਵੱਲ ਨਾ ਜਾਣ ਕਿਉਂਕਿ ਬਰਸਾਤ ਦੇ ਚੱਲਦਿਆਂ ਇਨ੍ਹਾਂ ਸਾਰੇ ਖੇਤਰਾਂ ਵਿਚ ਪਾਣੀ ਦਾ ਪੱਧਰ ਵਧਿਆ ਹੈ ਅਤੇ ਕਿਸੇ ਵੇਲੇ ਵੀ ਡੈਮਾਂ ਦਾ ਪਾਣੀ ਛੱਡਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ 24 ਘੰਟੇ ਡਿਊਟੀ 'ਤੇ ਤਾਇਨਾਤ ਹਨ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਬਰਸਾਤ ਦੇ ਮੱਦੇਨਜ਼ਰ ਫ਼ੌਜਦਾਰੀ ਜ਼ਾਬਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹੇ ਦੀ ਹੱਦ ਅੰਦਰ ਆਉਂਦੇ ਚੋਆਂ ਅਤੇ ਦਰਿਆਵਾਂ ਦੇ ਨੇੜੇ ਕੋਈ ਵੀ ਵਿਅਕਤੀ ਨਹੀਂ ਜਾਵੇਗਾ ਅਤੇ ਆਪਣੇ ਪਸ਼ੂਆਂ ਆਦਿ ਨੂੰ ਇਨ੍ਹਾਂ ਖੇਤਰਾਂ ਤੋਂ ਦੂਰ ਰੱਖੇਗਾ। ਉਨ੍ਹਾਂ ਕਿਹਾ ਕਿ ਬਰਸਾਤਾਂ ਕਾਰਨ ਚੋਆਂ ਅਤੇ ਦਰਿਆਵਾਂ ਵਿਚ ਪਾਣੀ ਦਾ ਪੱਧਰ ਕਾਫ਼ੀ ਵੱਧ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਦੇਖਣ ਵਿਚ ਆਇਆ ਕਿ ਕੁਝ ਲੋਕ ਚੋਆਂ ਅਤੇ ਦਰਿਆਵਾਂ ਵਿਚ ਨਹਾਉਣ ਅਤੇ ਕਈ ਤਰ੍ਹਾਂ ਦੇ ਕੰਮ ਕਰਨ, ਜਿਵੇਂ ਕਿ ਪਸ਼ੂਆਂ ਆਦਿ ਨੂੰ ਨਹਾਉਣ ਲਈ ਲੈ ਜਾਂਦੇ ਹਨ ਅਤੇ ਕਈ ਵਾਰ ਇਕੱਠੇ ਹੋ ਕੇ ਵਗਦਾ ਪਾਣੀ ਦੇਖਣ ਅਤੇ ਵੀਡੀਓ ਬਣਾਉਣ ਲਈ ਚਲੇ ਜਾਂਦੇ ਹਨ, ਜਿਸ ਕਾਰਨ ਕਈ ਵਾਰ ਅਣਸੁਖਾਵੀਂ ਘਟਨਾ ਵਾਪਰ ਜਾਂਦੀ ਹੈ। ਜ਼ਿਲ੍ਹੇ ਵਿਚ ਹੜ੍ਹਾਂ ਨਾਲ ਨਜਿੱਠਣ ਲਈ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ, ਜੋ ਕਿ 7 ਦਿਨ 24 ਘੰਟੇ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਦਫ਼ਤਰ ਡਿਪਟੀ ਕਮਿਸ਼ਨਰ, ਕਮਰਾ ਨੰਬਰ 138 ਵਿਚ ਬਣਾਇਆ ਗਿਆ ਹੈ ਅਤੇ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਦਾ ਟੈਲੀਫੋਨ ਨੰਬਰ 01882-220412 ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਤਹਿਸੀਲ ਪੱਧਰ 'ਤੇ ਵੀ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ, ਜਿਸ ਵਿਚ ਤਹਿਸੀਲ ਹੁਸ਼ਿਆਰਪੁਰ ਦਾ ਕੰਟਰੋਲ ਰੂਮ ਤਹਿਸੀਲ ਦਫ਼ਤਰ ਹੁਸ਼ਿਆਰਪੁਰ ਵਿਚ ਬਣਾਇਆ ਗਿਆ ਹੈ, ਜਿਸ ਦਾ ਟੈਲੀਫੋਨ ਨੰਬਰ 01882-244175, ਤਹਿਸੀਲ ਗੜ੍ਹਸ਼ੰਕਰ ਦਾ ਕੰਟਰੋਲ ਰੂਮ ਤਹਿਸੀਲ ਦਫ਼ਤਰ ਗੜ੍ਹਸ਼ੰਕਰ ਬਣਾਇਆ ਗਿਆ ਹੈ, ਜਿਸ ਦਾ ਨੰਬਰ 01884-282026, ਤਹਿਸੀਲ ਦਸੂਹਾ ਦਾ ਕੰਟਰੋਲ ਰੂਮ ਤਹਿਸੀਲ ਦਫ਼ਤਰ ਦਸੂਹਾ ਬਣਾਇਆ ਗਿਆ ਹੈ, ਜਿਸ ਦਾ ਨੰਬਰ 01883-506268 ਅਤੇ ਤਹਿਸੀਲ ਮੁਕੇਰੀਆਂ ਦਾ ਕੰਟਰੋਲ ਰੂਮ ਤਹਿਸੀਲ ਦਫ਼ਤਰ ਮੁਕੇਰੀਆਂ ਬਣਾਇਆ ਗਿਆ ਹੈ, ਜਿਸ ਦਾ ਨੰਬਰ 01883-244310 ਹੈ। ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹੇ ਵਿਚ ਬਰਸਾਤਾਂ ਦੌਰਾਨ ਹੜ੍ਹ ਦੀ ਕੋਈ ਸੂਚਨਾ ਮਿਲਦੀ ਹੈ, ਤਾਂ ਉਹ ਸਥਾਪਿਤ ਕੀਤੇ ਗਏ ਇਨ੍ਹਾਂ ਕੰਟਰੋਲ ਰੂਮਾਂ 'ਤੇ ਇਸ ਦੀ ਸੂਚਨਾ ਤੁਰੰਤ ਦੇਣ। ਇਸ ਤੋਂ ਇਲਾਵਾ ਹੜ੍ਹਾਂ ਸਬੰਧੀ ਕੋਈ ਵੀ ਸੂਚਨਾ ਲੈਣੀ ਹੋਵੇ, ਤਾਂ ਵੀ ਇਨ੍ਹਾਂ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਐੱਸ ਡੀ ਐੱਮ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ

**ਖਰੜ (ਹਰਨਾਮ ਸਿੰਘ ਡੱਲਾ)**-ਪਿਛਲੇ ਤਿੰਨ ਦਿਨਾਂ ਤੋਂ ਪੰਜਾਬ ਵਿੱਚ ਪੈ ਰਹੀ ਭਾਰੀ ਬਾਰਿਸ਼ ਨੇ ਖਰੜ ਅਤੇ ਇਸ ਦੇ ਆਸਪਾਸ ਦੇ ਇਲਾਕਿਆਂ ਵਿੱਚ ਹੜ੍ਹਾਂ ਵਰਗੀ ਸਥਿਤੀ ਪੈਦਾ ਕਰ ਦਿੱਤੀ ਹੈ। ਐੱਸ ਡੀ ਐੱਮ ਰਵਿੰਦਰ ਸਿੰਘ ਪੀ ਸੀ ਐੱਸ ਲੋਕਾਂ ਨਾਲ ਦਿਨ ਰਾਤ ਰਾਬਤਾ ਰੱਖ ਰਹੇ ਹਨ ਅਤੇ ਪ੍ਰਸ਼ਾਸਨ ਦੀ ਮਸ਼ੀਨਰੀ ਵੀ ਮਿਹਨਤ ਨਾਲ ਲੋਕਾਂ ਦੇ ਅੰਗ ਸੰਗ ਹੈ। ਸ਼ਹਿਰ ਦੀਆਂ ਪੌਸ਼ ਕਲੋਨੀਆਂ ਅਤੇ ਪੁਰਾਣੇ ਬਜਾਰ ਦੇ ਮੇਨ ਜੰਤਾ ਚੌਂਕ ਵਿੱਚ ਪਾਣੀ ਵਿੱਚ ਡੱਬੀਆਂ ਕਾਰਾਂ ਖੜ੍ਹੀਆਂ ਦਿਸਦੀਆਂ ਹਨ। ਚੌਂਕ ਦੇ ਇਰਦ ਗਿਰਦ ਦੂਰ ਤੱਕ ਦੇ ਘਰਾਂ ਵਿੱਚ ਪਾਣੀ ਨੇ ਲੋਕਾਂ ਦਾ ਭਾਰੀ ਮਾਲੀ ਨੁਕਸਾਨ ਕੀਤਾ ਹੈ। ਸਵਰਾਜ ਨਗਰ ਅਤੇ ਗੁਰੂ ਤੇਗ ਬਹਾਦਰ ਨਗਰ ਪਾਣੀ ਦੀ ਡਾਕ ਬਣ ਚੁੱਕੀ ਹੈ। 'ਜਿਅੰਤੀ ਕੀ ਨਦੀ' ਕਿਨਾਰੇ ਵਸਾਈ ਕਲੋਨੀ ਮੇਜਰ ਪੰਜਵੜੀ ਇਨਕਲੇਬ ਦੀ ਕੰਧ ਨੂੰ ਢਾਹ ਕੇ ਪਾਣੀ ਵਿੱਚ ਮਿਲਾਉਣ ਤੋਂ ਬਾਅਦ ਇੱਕ ਨਵੀਂ ਬਣੀ ਇਮਾਰਤ ਵੀ ਢਹਿ ਢੇਰੀ ਹੋ ਗਈ। ਖਰੜ ਦੇ ਐੱਸ ਡੀ ਐੱਮ ਰਵਿੰਦਰ ਸਿੰਘ ਵਲੋਂ ਖਰੜ ਦੇ ਕੌਂਸਲਰਾਂ ਦੀ ਟੀਮ ਨਾਲ ਇਲਾਕੇ ਦਾ ਦੌਰਾ ਕੀਤਾ ਗਿਆ ਹੈ। ਉਹਨਾਂ ਨੇ ਨਦੀ ਕਿਨਾਰੇ ਵਸਾਈ ਇਸ ਕਲੋਨੀ ਦੇ ਬਾਸ਼ਿੰਦਿਆਂ ਨੂੰ ਸੁਰੱਖਿਅਤ ਥਾਵਾਂ ਉੱਤੇ ਜਾਣ ਦੀਆਂ ਹਦਾਇਤਾਂ ਦਿੱਤੀਆਂ ਹਨ। ਕਲੋਨੀਆਂ ਵਾਸੀਆਂ ਨੂੰ ਦਿਨ ਰਾਤ ਸੁਚੇਤ ਰਹਿਣ ਅਤੇ ਠੀਕਰੀ ਪਹਿਰਾ ਦੇਣ ਦੀ ਸਲਾਹ ਦਿੱਤੀ ਹੈ। ਐੱਸ ਡੀ ਐੱਮ ਵਲੋਂ ਢੱਠੀ ਕੋਠੀ ਦੇ ਮਾਲਕ ਕਪਿਲ ਪੰਜੀਲਾ ਨੂੰ ਵਿਸ਼ਵਾਸ ਦੁਆਇਆ ਹੈ ਕਿ ਉਹ ਉਨ੍ਹਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਕੇਸ ਬਣਾ ਕੇ ਸਰਕਾਰ ਨੂੰ ਭੇਜਣਗੇ ਅਤੇ ਸਰਕਾਰੀ ਮਦਦ ਵੀ ਪ੍ਰਦਾਨ ਕਰਵਾਉਣਗੇ।



# ਹਰਭਜਨ ਹੁੰਦਲ ਦੀ ਯਾਦ 'ਚ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੋਈ ਸ਼ੋਕ ਸਭਾ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-ਬੀਤੇ ਦਿਨ ਸਦੀਵੀ ਵਿਛੋੜਾ ਦੇ ਗਏ ਪੰਜਾਬੀ ਦੇ ਜਾਣੇ ਪਹਿਚਾਣੇ ਕਵੀ ਹਰਭਜਨ ਸਿੰਘ ਹੁੰਦਲ ਦੀ ਯਾਦ 'ਚ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸ਼ੋਕ ਸਭਾ ਕੀਤੀ ਗਈ। ਜ਼ਿਕਰਯੋਗ ਹੈ ਕਿ ਉਹਨਾਂ ਨੂੰ ਅੰਤਿਮ ਵਿਦਾਇਗੀ 11 ਜੁਲਾਈ ਦਿਨ ਮੰਗਲਵਾਰ ਦੁਪਹਿਰ ਇੱਕ ਵਜੇ ਉਹਨਾਂ ਦੇ ਪਿੰਡ ਫੱਤੂ ਚੱਕ ( ਨੇੜੇ ਢਿੱਲਵਾਂ) ਜ਼ਿਲ੍ਹਾ ਕਪੂਰਥਲਾ ਵਿਖੇ ਦਿੱਤੀ ਜਾ ਰਹੀ ਹੈ। ਉਨ੍ਹਾਂ ਦੀ ਅੰਤਿਮ ਵਿਦਾਇਗੀ ਦੀ ਪੂਰਵ ਸੰਧਿਆ 'ਤੇ ਦੇਸ਼ ਭਗਤ ਯਾਦਗਾਰ ਹਾਲ ਅੰਦਰ ਹੋਈ ਸ਼ੋਕ ਸਭਾ ਮੌਕੇ ਉਨ੍ਹਾਂ ਦੀ ਬਹੁਪੱਖੀ ਸ਼ਖਸੀਅਤ ਉਪਰ ਵਿਚਾਰਾਂ ਕੀਤੀਆਂ ਗਈਆਂ। ਸਸ਼ਕ ਸਭਾ 'ਚ ਦੇਸ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਦੇ ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਕਮੇਟੀ ਮੈਂਬਰ, ਕ੍ਰਿਸ਼ਨਾ ਤੇ ਉਹਨਾਂ ਦੀਆਂ ਸਾਥਣਾਂ, ਰਣਜੀਤ ਸਿੰਘ ਔਲਖ,ਸੁਰਿੰਦਰ ਕੁਮਾਰੀ ਕੋਛੜ, ਹਰਵਿੰਦਰ ਭੰਡਾਲ, ਡਾ. ਤੇਜਿੰਦਰ ਵਿਰਲੀ, ਡਾ. ਸੈਲੇਸ਼, ਸਮੇਤ ਸਮੁੱਚੀ ਕਮੇਟੀ, ਲੇਖਕ, ਆਲੋਚਕ, ਗੰਭੀਰ ਪੱਤਰਕਾਰ ਦੇਸ ਰਾਜ ਕਾਲੀ, ਕੁਲਵੰਤ ਸਿੰਘ ਅਤੇ ਦੇਸ਼ ਭਗਤ ਯਾਦਗਾਰ ਹਾਲ ਦੇ ਸਟਾਫ ਨੇ ਕਿਸੇ ਨਾ ਕਿਸੇ ਰੂਪ ਵਿੱਚ ਕਵੀ ਹਰਭਜਨ ਸਿੰਘ ਹੁੰਦਲ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਅਤੇ ਆਪਣੇ ਨਿੱਘੇ ਜਜਬਾਤ ਸਾਂਝੇ ਕੀਤੇ। ਸ਼ੋਕ ਸਭਾ ਵਿਚ ਅਹਿਦ ਲਿਆ ਗਿਆ ਕਿ ਲੋਕ-ਪੱਖੀ, ਇਨਕਲਾਬੀ ਕਵੀ, ਵਾਰਤਾਕਾਰ, ਲੇਖਕ, ਸੰਪਾਦਕ, ਪ੍ਰਪੱਕ ਅਨੁਵਾਦਕ, ਅਧਿਆਪਕ ਲਹਿਰ ਦੇ ਕਾਮੇਂ ਅਤੇ ਅਗਾਂਹਵਧੂ ਲੋਕ ਲਹਿਰ ਦੇ ਦ੍ਰਿੜ ਹਮਾਇਤੀ ਹਰਭਜਨ ਸਿੰਘ ਹੁੰਦਲ ਭਾਵੇਂ ਜਿਸਮਾਨੀ ਤੌਰ 'ਤੇ ਸਾਡੇ ਦਰਮਿਆਨ ਨਹੀਂ ਰਹੇ ਪਰ ਉਹ ਲੋਕਾਂ ਦੇ ਮਾਰਗ ਦਰਸ਼ਕ ਸਾਹਿਤਕ ਸੰਸਾਰ ਵਿੱਚ ਸਦਾ ਅਮਰ ਰਹਿਣਗੇ। ਉਹਨਾਂ ਨੂੰ ਯਾਦ ਕਰਦਿਆਂ ਜ਼ਿਕਰ ਹੋਇਆ ਕਿ ਬੀਤੇ ਇਕੱਤੀ ਸਾਲਾਂ ਤੋਂ ਲੱਗਦੇ ਆ ਰਹੇ ਗਦਰੀ ਬਾਬਿਆਂ ਦੇ ਮੇਲੇ 'ਚ ਉਹ ਸਦਾ ਸ਼ਿਰਕਤ ਕਰਦੇ ਰਹੇ ਖਾਸ ਕਰਕੇ ਕਵੀ ਦਰਬਾਰ ਮੌਕੇ ਉਹ ਪ੍ਰਧਾਨਗੀ ਮੰਡਲ ਵਿਚ ਾਮਿਲ ਹੋਣ ਮੌਕੇ ਆਪਣੇ ਸਾਹਿਤਕ ਸਫਰ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਲਿਖੀ ਜਾ ਰਹੀ ਕਵਿਤਾ ਅਤੇ ਪੁੰਗਰਦੀਆਂ ਕਲਮਾਂ ਸਬੰਧੀ ਮੁੱਲਵਾਨ ਵਿਚਾਰਾਂ ਕਰਿਆ ਕਰਦੇ। ਸ਼ਹੀਦ ਕਰਤਾਰ ਸਿੰਘ ਸਰਾਭਾ ਮੰਚ ਦੀ ਘਾਹ ਪਾਰਕ ਵਿੱਚ ਲੱਗਦੇ ਪੁਸਤਕ ਮੇਲੇ ਵਿੱਚ ਜਿੱਥੇ ਉਹ ਬੈਠਦੇ, ਉਹਨਾਂ ਦੁਆਲੇ ਲੱਗਦੇ ਮੇਲਿਆਂ ਦੀਆਂ ਯਾਦਾਂ ਮੁੜ ਮੁੜ ਸਤਾਇਆ ਕਰਨਗੀਆਂ।

# ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਨੇ ਮੀਂਹ ਪ੍ਰਭਾਵਤ ਇਲਾਕਿਆਂ ਦਾ ਕੀਤਾ ਦੌਰਾ



**ਬਹਿਰਾਮ (ਅਵਤਾਰ ਕਲੇਰ)** ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ.ਐਸ.ਪੀ. ਭਾਗੀਰਥ ਮੀਨਾ ਨੇ ਸੋਮਵਾਰ ਨੂੰ ਜ਼ਿਲ੍ਹੇ ਦੇ ਵੱਖ-ਵੱਖ ਥਾਵਾਂ 'ਤੇ ਮੀਂਹ ਨਾਲ ਪ੍ਰਭਾਵਿਤ ਹੋਏ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਨੇ ਇਥੇ ਪਹੁੰਚੇ ਐਨ. ਡੀ. ਆਰ. ਐਫ ਦੀ ਟੀਮ ਦੇ ਅਧਿਕਾਰੀਆਂ ਦੇ ਨਾਲ ਵੀ ਮੁਲਾਕਾਤ ਕੀਤੀ ਅਤੇ ਮੀਂਹ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਬਚਾਉ ਕਾਰਜ ਕਰਨ ਸਬੰਧੀ ਨਿਰਦੇਸ ਜਾਰੀ ਕੀਤੇ। ਉਨ੍ਹਾਂ ਨੇ ਨਵਾਂਸ਼ਹਿਰ-ਚੰਡੀਗੜ੍ਹ ਰੋਡ 'ਤੇ ਇਕੱਠੇ ਹੋਏ ਪਾਣੀ ਦੀ ਨਿਕਾਸੀ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ । ਗੜ੍ਹਸ਼ੰਕਰ ਬਾਈਪਾਸ ਚੌਕ ਵਿਖੇ ਸੜਕ ਨੂੰ ਪੁੱਟ ਕੇ ਜਮ੍ਹਾਂ ਹੋਏ ਪਾਣੀ ਨੂੰ ਕੱਢਿਆ ਜਾ ਰਿਹਾ ਹੈ, ਤਾਂ ਜੋ ਸੜਕ ਦੇ ਨਾਲ ਜਿਹੜੀਆਂ ਨੀਵੀਆਂ ਥਾਵਾਂ 'ਤੇ ਪਾਣੀ ਇਕੱਠਾ ਹੋਇਆ ਹੈ ਜਲਦ ਨਿਕਲ ਸਕੇ। ਦੋ ਮੋਟਰ ਬੋਟਸ ਵੀ ਮਿਲੀਆਂ ਹਨ, ਲੋੜ ਪੈਣ 'ਤੇ ਇਨ੍ਹਾਂ ਦਾ ਵੀ ਇਸਤੇਮਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਪਿੰਡ ਪੋਜੇਵਾਲ ਅਤੇ ਰਾਹੋਂ ਖੇਤਰ ਵਿੱਚ ਦੋ ਮੌਤਾਂ ਹੋਈਆਂ ਹਨ, ਜੋ ਕਿ ਅਣਗਹਿਲੀ ਨਾਲ ਪਾਣੀ ਵਿੱਚ ਨਹਾਉਂਣ ਦੀ ਕੋਸ਼ਿਸ਼ ਦੌਰਾਨ ਹੋਈਆਂ ਹਨ। ਉਨ੍ਹਾਂ ਨੇ ਅਪੀਲ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਇਕੱਠੇ ਹੋਏ ਪਾਣੀ ਵਿੱਚ ਨਹਾਉਂਣ ਤੋਂ ਰੋਕਿਆ ਜਾਣਾ ਚਾਹੀਦਾ ਹੈ, ਕਈ ਬਾਰ ਤੇਜ਼ ਗਤੀ ਨਾਲ ਪਾਣੀ ਆਉਣ 'ਤੇ ਜਾਨੀ ਨੁਕਸਾਨ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਰੈਲ ਬਰਾਮਦ ਵਿਖੇ ਕੁਝ ਪਿੰਡ ਵਾਸੀਆਂ ਨੂੰ ਰੈਸਕਿਊ ਕੀਤਾ ਗਿਆ ਹੈ ਅਤੇ ਮੀਂਹ ਕਾਰਨ ਪ੍ਰਭਾਵਿਤ ਹੋਏ ਪਿੰਡਾਂ ਵਿੱਚ ਰਾਸ਼ਨ ਸਮੱਗਰੀ ਵੀ ਪਹੁੰਚਾਈ ਜਾ ਰਹੀ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ, ਤਾਂ ਜੋ ਇਸ ਕੁਦਰਤੀ ਆਫ਼ਤ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਹ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਦਰਿਆਵਾਂ, ਨਹਿਰਾਂ, ਚੋਆਂ ਅਤੇ ਨੀਵੇਂ ਇਲਾਕਿਆਂ ਵਿਚ ਜਾਣ ਤੋਂ ਗੁਰੇਜ਼ ਕਰਨ। ਇਸ ਉਪਰੰਤ ਉਨ੍ਹਾਂ ਨੇ ਪਿੰਡ ਮਹਾਲੋਂ ਰੇਲਵੇ ਫਲਾਈ ਓਵਰ, ਸਨਾਵਾ, ਜਾਡਲਾ, ਬਲਾਚੌਰ, ਕਾਠਗੜ੍ਹ, ਆਸਰੋ ਅਤੇ ਭੱਲਾ ਵਿਖੇ ਬਰਸਾਤ ਦੌਰਾਨ ਇਕੱਠੇ ਹੋਏ ਪਾਣੀ ਦੀ ਨਿਕਾਸੀ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ। ਇਸ ਦੌਰਾਨ ਐਸ.ਐਸ.ਪੀ ਭਾਗੀਰਥ ਮੀਨਾ ਨੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਜਿਵੇਂ ਹੀ ਕੋਈ ਸੂਚਨਾ ਮਿਲਦੀ ਹੈ, ਤਾਂ ਤੁਰੰਤ ਮੌਕੇ 'ਤੇ ਪਹੁੰਚ ਕੇ ਰਾਹਤ ਕਾਰਜ ਕੀਤੇ ਜਾਣ। ਸਾਰੇ ਪੁਲਸ ਅਧਿਕਾਰੀ ਅਤੇ ਕਰਮਚਾਰੀ ਇਕ ਦੂਜੇ ਨਾਲ ਤਾਲਮੇਲ ਕਰਦੇ ਹੋਏ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਕਾਰੀ ਤੇ ਕਰਮਚਾਰੀ ਵੀ ਮੌਜੂਦ ਸਨ।

# 13 ਨੂੰ ਐੱਸ ਡੀ ਐੱਮ ਨੂੰ ਕਿਸਾਨਾਂ ਦੀਆਂ ਮੁਸ਼ਕਲਾਂ ਬਾਰੇ ਦਿੱਤਾ ਜਾਵੇਗਾ ਮੰਗ ਪੱਤਰ



**ਜਲੰਧਰ ( ਰਾਜੇਸ਼ ਥਾਪਾ)** ਇੱਥੇ ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਪ੍ਰਧਾਨ ਮਨੋਹਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਿਸਾਨੀ ਮੁਸਕਲਾਂ 'ਤੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਪਹਿਲਾਂ ਦਰਿਆ ਦੇ ਬੰਨ੍ਹ ਪੱਕੇ ਕਰਨ ਵੱਲ ਪੰਜਾਬ ਸਰਕਾਰ ਵੱਲੋਂ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ। ਅੱਜ ਮੀਂਹ ਪੈਣ ਨਾਲ ਥੋੜ੍ਹਾ ਜਿਹਾ ਜ਼ਿਆਦਾ ਪਾਣੀ ਆਉਣ ਨਾਲ ਹਰ ਪਾਸੇ ਹੜ੍ਹਾਂ ਵਾਲੇ ਹਾਲਾਤ ਬਣੇ ਹੋਏ ਹਨ। ਕਿਸਾਨਾਂ ਦੀਆਂ ਜ਼ਮੀਨਾਂ ਅਤੇ ਫਸਲਾਂ ਖਰਾਬ ਹੋ ਗਈਆਂ ਹਨ। ਦਰਿਆ ਨੂੰ ਬਚਾਉਣ ਲਈ ਪ੍ਰਸਾਸਨ ਕੋਲ ਕੋਈ ਵੀ ਪੁਖਤਾ ਪ੍ਰਬੰਧ ਨਹੀਂ ਹਨ। ਸਾਥੀ ਸੰਧੂ ਨੇ ਕਿਹਾ ਕਿ ਖਰਾਬ ਹੋਈ ਫਸਲ ਦੀ ਜਲਦੀ ਤੋਂ ਜਲਦੀ ਗਿਰਦਾਵਰੀ ਕਰਕੇ ਕਿਸਾਨਾਂ ਨੂੰ ਯੋਗ ਮੁਆਵਜਾ ਜਲਦੀ ਤੋਂ ਜਲਦੀ ਦੇਣ ਦਾ ਪ੍ਰਬੰਧ ਕੀਤਾ ਜਾਵੇ। ਸਾਥੀ ਸੰਧੂ ਨੇ ਮੱਕੀ ਅਤੇ ਮੂੰਗੀ ਪੂਰੇ ਪੂਰੇ ਰੇਟਾਂ 'ਤੇ ਖਰੀਦ ਕਰਨ ਦੀ ਮੰਗ ਕੀਤੀ। ਬਾਸਮਤੀ ਦਾ ਭਾਅ 5000/-ਰੁਪਏ ਕੁਇੰਟਲ ਐਲਾਨ ਕਰਨ ਦੀ ਮੰਗ ਕੀਤੀ। ਨਕੋਦਰ ਤਹਿਸੀਲ ਦੀ ਮੀਟਿੰਗ 12 ਜੁਲਾਈ ਨੂੰ ਕਰਕੇ ਬੇਈਂ ਦੁਆਲਿਓਂ ਮਿੱਟੀ ਪੁੱਟਣ ਤੋਂ ਰੋਕਣ ਲਈ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। 18 ਜੁਲਾਈ ਨੂੰ ਸੰਗੋਵਾਲ ਟੋਲ ਪਲਾਜਾ 'ਤੇ ਇਕੱਠ ਕਰਕੇ ਦਰਿਆ ਦੇ ਕੰਢਿਆਂ ਨੂੰ ਪੂਰੀ ਤਰ੍ਹਾਂ ਪੱਕਾ ਕਰਨ ਦੀ ਮੰਗ ਕੀਤੀ ਜਾਵੇਗੀ। 13 ਜੁਲਾਈ ਨੂੰ ਜਮਹੂਰੀ ਕਿਸਾਨ ਸਭਾ ਤਹਿਸੀਲ ਫਿਲੌਰ ਦੀ ਮੀਟਿੰਗ ਕਰਕੇ ਕਿਸਾਨੀ ਮੁਸਕਲਾਂ ਬਾਰੇ ਐੱਸ.ਡੀ.ਐੱਮ.ਫਿਲੌਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਇਸ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ, ਸੂਬਾ ਕਮੇਟੀ ਮੈਂਬਰ ਜਸਵਿੰਦਰ ਸਿੰਘ ਢੇਸੀ, ਕੁਲਜਿੰਦਰ ਤਲਵਣ, ਹਰਦੇਵ ਸਿੰਘ ਘੁੜਕਾ,ਮੇਜਰ ਖੁਰਲਾ ਪੁਰ, ਰਮਨਦੀਪ ਤਲਵਣ, ਮਾਸਟਰ ਬਲਦੇਵ ਸਿੰਘ,ਹਰਮੇਲ ਸਿੰਘ ਆਦਿ ਸਾਥੀ ਹਾਜਰ ਸਨ।

## ਦਰਿਆ ਨੇੜਲੇ ਲੋਕਾਂ ਨੂੰ ਤੁਰੰਤ ਬਾਹਰ ਕੱਢਣ ਦੇ ਇੰਤਜਾਮ ਕਰੇ ਸਰਕਾਰ : ਬਿਲਗਾ

**ਫਿਲੌਰ (ਨਿਰਮਲ)**-ਜਮਹੂਰੀ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਜਲੰਧਰ ਦੇ ਸਕੱਤਰ ਸੰਤੋਖ ਸਿੰਘ ਬਿਲਗਾ, ਤਹਿਸੀਲ ਪ੍ਰਧਾਨ ਕੁਲਦੀਪ ਫਿਲੌਰ ਅਤੇ ਤਹਿਸੀਲ ਸਕੱਤਰ ਸਰਬਜੀਤ ਸੰਗੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਹਾਲਤ ਇਹ ਹੋਈ ਪਈ ਹੈ ਕਿ 'ਵਿਹੜੇ ਆਈ ਜੰਞ ਵਿੰਨੋ ਕੁੜੀ ਦੇ ਕੰਨ'। ਆਗੂਆਂ ਨੇ ਕਿਹਾ ਕਿ ਹੜ੍ਹ ਦਾ ਪਾਣੀ ਕਰੀਬ ਹਰ ਸਾਲ ਨੁਕਸਾਨ ਕਰਦਾ ਹੈ, ਜਿਸ ਦਾ ਪ੍ਰਬੰਧ ਵੇਲੇ ਸਿਰ ਨਾ ਹੋਣ ਕਰਕੇ ਕੁਵੇਲੇ ਟੱਕਰਾਂ ਮਾਰੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਲੰਘੀ ਰਾਤ ਵੇਲੇ ਦਰਿਆ ਦਾ ਵਹਾਅ ਰੋਕਣ ਲਈ ਅਸਫਲ ਯਤਨ ਕੀਤੇ ਗਏ, ਜਿਸ ਦੇ ਬਾਵਜੂਦ ਇਲਾਕੇ ਦਾ ਨੁਕਸਾਨ ਹੋਇਆ ਹੈ। ਆਗੂਆਂ ਨੇ ਮੰਗ ਕੀਤੀ ਕਿ ਦਰਿਆ ਦੇ ਅੰਦਰ ਬੈਠੇ ਲੋਕਾਂ ਨੂੰ ਤੁਰੰਤ ਬਾਹਰ ਕੱਢਣ ਦੇ ਇੰਤਜਾਮ ਕਰਨੇ ਚਾਹੀਦੇ ਹਨ।

## ਬਰਸਾਤੀ ਆਫਤ ਨੂੰ ਦੇਖਦੇ ਹੋਏ ਅਰਥੀ ਫੂਕ ਮੁਜ਼ਾਹਰਿਆਂ ਨੂੰ ਅੱਗੇ ਪਾਇਆ : ਸੈਣੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਕੋ-ਕਨਵੀਨਰ ਕੁਲਵੰਤ ਸਿੰਘ ਸੈਣੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆ ਕਿਹਾ ਕਿ ਪਿਛਲੇ ਦਿਨੀਂ ਜਲੰਧਰ ਨਗਰ ਨਿਗਮ ਵਿਖੇ ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਦੀ ਮੀਟਿੰਗ ਕਰਕੇ ਸਰਕਾਰ ਦੇ ਖਿਲਾਫ ਮਿਤੀ 12 ਜੁਲਾਈ ਤੋਂ 14 ਜੁਲਾਈਤੱਕ ਅਰਥੀ ਫੂਕ ਮੁਜ਼ਾਰੇ ਕਰਨ ਦਾ ਫੈਸਲਾ ਕੀਤਾ ਗਿਆ ਸੀ। ਪ੍ਰੰਤੂ ਅਚਾਨਕ ਸਾਰੇ ਦੇਸ਼ ਵਿੱਚ ਲੋੜ ਤੋਂ ਵੱਧ ਬਾਰਸ਼ ਹੋਣ ਨਾਲ ਸਥਿਤੀ ਗੰਭੀਰ ਬਣ ਗਈ ਜਿਸ ਨੂੰ ਦੇਖਦੇ ਹੋਏ ਅਰਥੀ ਫੂਕ ਮੁਜ਼ਾਹਰਿਆਂ ਦਾ ਸਮਾਂ ਤਬਦੀਲ ਕਰਕੇ 02 ਅਗਸਤ ਤੋਂ 04 ਅਗਸਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਿੱਥੇ ਮੁਲਾਜ਼ਮ ਆਪਣੇ ਹੱਕਾਂ ਦੀ ਲੜਾਈ ਲੜਦੇ ਹਨ ਉੱਥੇ ਜੇਕਰ ਪੰਜਾਬ ਜਾਂ ਦੇਸ਼ ਉਪਰ ਕੋਈ ਆਫਤ ਜਾਂ ਮੁਸ਼ਕਿਲ ਬਣ ਜਾਵੇ ਤਾਂ ਸਾਰੇ ਮੁਲਾਜ਼ਮ ਸਰਕਾਰ ਅਤੇ ਲੋਕਾਂ ਨਾਲ ਖੜ੍ਹਦੇ ਹਨ। ਇਸ ਦੌਰਾਨ ਜਿਹੜੇ ਜਿਹੜੇ ਇਲਾਕਿਆਂ ਵਿੱਚ ਪਾਣੀ ਨਾਲ ਜਾਨੀ ਜਾਂ ਮਾਲੀ ਨੁਕਸਾਨ ਹੋਇਆ ਹੈ ਅਸੀਂ ਸਾਰੇ ਉਨ੍ਹਾਂ ਨਾਲ ਵੀ ਖੜ੍ਹੇ ਹਾਂ ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਸ ਭਾਰੀ ਤਬਾਹੀ ਤੋਂ ਦੇਸ਼ ਨੂੰ ਬਚਾਇਆ ਜਾਵੇ।

## ਆਫਤ ਦੌਰਾਨ ਲੋਕਾਂ ਦਾ ਆਸਰਾ ਬਣਨ 'ਆਪ' ਵਲੰਟੀਅਰ : ਪ੍ਰਿੰਸੀਪਲ ਬੁੱਧ ਰਾਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਪੰਜਾਬ ਦੇ ਵਰਕਿੰਗ ਪ੍ਰੈਜ਼ੀਡੈਂਟ ਅਤੇ ਬੁੱਡਲਾਢੇ ਤੋਂ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਦਿਆਂ ਭਾਰੀ ਮੀਂਹ ਕਾਰਨ ਪੰਜਾਬ ਵਿੱਚ ਬਣੀ ਹੜ੍ਹਾਂ ਦੀ ਸਥਿਤੀ 'ਤੇ ਜਿੱਥੇ ਚਿੰਤਾ ਜਾਹਿਰ ਕੀਤੀ ਉੱਥੇ ਉਹਨਾਂ ਇਸ ਔਖੇ ਵੇਲੇ 'ਆਪ' ਦੇ ਸਮੂਹ ਆਗੂਆਂ ਤੇ ਵਲੰਟੀਅਰਾਂ ਨੂੰ ਲੋਕਾਂ ਦੀ ਮਦਦ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਨੇ ਪੰਜਾਬ ਵਿੱਚ ਕਹਿਰ ਢਾਹਿਆ ਹੋਇਆ ਹੈ, ਅਨੰਦਪੁਰ ਸਾਹਿਬ, ਰੋਪੜ, ਪਟਿਆਲਾ, ਗੜ੍ਹਸ਼ੰਕਰ ਜਿਹੇ ਇਲਾਕਿਆਂ ਵਿਚ ਇਹ ਮੰਜ਼ਰ ਹੋਰ ਵੀ ਭਿਆਨਕ ਹੈ। ਲੋਕਾਂ ਦੀਆਂ ਫਸਲਾਂ ਡੁੱਬ ਚੁੱਕੀਆਂ ਹਨ, ਘਰਾਂ ਵਿੱਚ ਪਾਣੀ ਭਰ ਗਿਆ ਹੈ। ਇਸ ਔਖੀ ਘੜੀ ਸਾਡਾ ਸਭ ਦਾ ਇਹ ਫਰਜ ਬਣਦਾ ਹੈ ਕਿ ਅਸੀਂ ਮੁਸੀਬਤ ਵਿੱਚ ਫਸੇ ਲੋਕਾਂ ਦੀ ਵੱਧ ਤੋਂ ਵੱਧ ਮਦਦ ਕਰੀਏ। ਉਨ੍ਹਾਂ 'ਆਪ' ਪੰਜਾਬ ਦੇ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਇਸ ਨਾਜ਼ੁਕ ਹਾਲਾਤਾਂ ਵਿੱਚ ਲੋੜਵੰਦਾਂ ਤੱਕ ਭੋਜਨ, ਕੱਪੜਾ, ਚਾਰਾ ਆਦਿ ਹਰ ਤਰ੍ਹਾਂ ਦੀ ਮਦਦ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਇਹ ਸਮਾਂ ਇਨਸਾਨੀਅਤ ਦੀ ਸੇਵਾ ਦਾ ਹੈ ਅਤੇ ਆਪਾਂ ਸਭ ਨੇ ਇਸ ਸੇਵਾ ਵਿਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣਾ ਹੈ।

# ਜਿੰਪਾ ਵੱਲੋਂ ਫ਼ੇਜ਼-6 ਦੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਦੌਰਾ

**ਮੋਹਾਲੀ , (ਗੁਰਜੀਤ ਬਿੱਲਾ)** ਬਰਸਾਤ ਦੇ ਚਲਦਿਆਂ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਨਿਰਵਿਘਨ ਅਤੇ ਯਕੀਨੀ ਬਣਾਉਣ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਵੱਲੋਂ ਫ਼ੇਜ਼-6 ਦੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਦੌਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਦੌਰਾ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਾਰਸ਼ਾਂ ਦੌਰਾਨ ਆਮ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਦਿੱਕਤ ਨਾ ਆਉਣ ਦੇਣ ਨੂੰ ਯਕੀਨਨੀ ਬਣਾਉਣ ਲਈ ਕੀਤਾ ਗਿਆ ਹੈ। ਉਨ੍ਹਾਂ ਇਸ ਮੌਕੇ ਜਲ ਸਪਲਾਈ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਨੂੰ ਸਪਲਾਈ ਕੀਤੇ ਜਾਣ ਵਾਲੇ ਪੀਣ ਵਾਲੇ ਸਪਲਾਈ ਨੂੰ ਨਿਰਵਿਘਨ ਬਣਾਉਣ ਲਈ ਜਲ ਸਪਲਾਈ ਘਰਾਂ 'ਚ ਪਾਣੀ ਆਦਿ ਭਰਨ ਦੀ ਸੂਰਤ 'ਚ ਤੁਰੰਤ ਖਾਲੀ ਕਰਵਾਇਆ ਜਾਵੇ।

ਉਨ੍ਹਾਂ ਦੱਸਿਆ ਕਿ ਫ਼ੇਜ਼-6 ਦੇ ਜਲ ਸਪਲਾਈ ਘਰ 'ਚ ਮੀਂਹ ਦੇ ਪਾਣੀ ਨਾਲ ਤੇ ਬਿਜਲੀ ਦੀ ਸਮੱਸਿਆ ਨਾਲ ਦੋ ਦਿਨ ਪਹਿਲੋਂ ਆਈ ਮੁਸ਼ਕਿਲ 'ਤੇ ਕਲ੍ਹ ਸ਼ਾਮ ਕਾਬੂ ਪਾ ਕੇ, ਮੁੜ ਤੋਂ ਸਪਲਾਈ ਬਹਾਲ ਕਰ ਦਿੱਤੀ ਗਈ ਸੀ। ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਅਨੁਸਾਰ ਇਹ ਜਲ ਸੋਧਕ ਪਲਾਂਟ ਰੋਜ਼ਾਨਾ ਪੰਜ ਮਿਲੀਅਨ ਗੈਲਨ ਪਾਣੀ ਸੋਧਦਾ ਹੈ, ਜੋ ਕਿ ਭਾਖੜਾ ਮੇਨ ਲਾਈਨ ਤੋਂ ਕਾਜੌਲੀ ਵਾਟਰ ਵਰਕਸ ਰਾਹੀਂ ਇੱਥੇ ਪਹੁੰਚਦਾ ਹੈ। ਜਲ ਸਪਲਾਈ ਮੰਤਰੀ ਨੇ ਦੱਸਿਆ ਕਿ ਉਹ ਸੂਬੇ ਦੇ ਜਲ ਸਪਲਾਈ ਤੇ ਜਲ ਸੋਧਕ ਪਲਾਂਟਾਂ ਦਾ ਵਿਸ਼ੇਸ਼ ਤੌਰ 'ਤੇ ਜਾਇਜ਼ਾ ਲੈ ਰਹੇ ਹਨ ਤਾਂ ਜੋ ਆਮ ਲੋਕਾਂ ਨੂੰ ਪਾਣੀ ਦੀ ਤੰਗੀ ਨਾ ਝੱਲਣੀ ਪਵੇ।

# ਕੱਚੇ ਦਫਤਰੀ ਮੁਲਾਜ਼ਮਾਂ ਦੀ ਕਲਮ ਛੋੜ ਹੜਤਾਲ ਜਾਰੀ

**ਜਲੰਧਰ ( ਸ਼ੈਲੀ ਐਲਬਰਟ )** ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਅਤੇ ਆਈ ਈ ਆਰ ਟੀ ਅਧਿਆਪਕਾਂ ਦੀ ਕਲਮ ਛੋੜ ਹੜਤਾਲ ਪੰਜਵੇਂ ਦਿਨ ਵੀ ਜਾਰੀ ਰਹੀ ਅਤੇ ਮੁਲਾਜਮਾਂ ਨੇ ਬਲਾਕ ਦਫਤਰ ਤੋਂ ਲੈ ਕੇ ਡੀ ਜੀ ਐਸ ਈ ਦਫਤਰ ਤੱਕ ਸਾਰਾ ਕੰਮ ਕਾਜ ਠੱਪ ਰੱਖਿਆ ।




ਆਮ ਆਦਮੀ ਪਾਰਟੀ ਦੀ ਸਰਕਾਰ ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ ਪਰ ਜੋ ਸੱਚਾਈ ਸਾਹਮਣੇ ਆਈ ਹੈ ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ । ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਮੋਹਿਤ ਸ਼ਰਮਾ, ਵਿਸ਼ਾਲ ਮਹਾਜਨ, ਗਗਨਦੀਪ ਸ਼ਰਮਾ ਨੇ ਕਿਹਾ ਕਿ ਸਰਕਾਰ ਮੁਲਾਜਮਾਂ ਨਾਲ ਗੱਲਬਾਤ ਕਰਨ ਤੋਂ ਭੱਜ ਰਹੀ ਹੈ ਅਤੇ ਮੁਲਾਜਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹੱਕਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ।

## ਜੌੜਾਮਾਜਰਾ ਨੇ ਪ੍ਰਭਾਵਤ ਪਿੰਡਾਂ ਦਾ ਲਿਆ ਜਾਇਜ਼ਾ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਤੇਜੀ ਨਾਲ ਵਹਿ ਰਹੇ ਘੱਗਰ ਦਰਿਆ, ਝੰਬੋ ਡਰੇਨ ਅਤੇ ਹੋਰ ਬਰਸਾਤੀ ਨਾਲਿਆਂ ਸਣੇ ਸਮਾਣਾ ਹਲਕੇ ਦੇ ਦਰਜਨ ਤੋਂ ਵੱਧ ਪਿੰਡਾਂ ਦਾ ਦੌਰਾ ਕਰਕੇ ਭਾਰੀ ਬਰਸਾਤ ਕਰਕੇ ਪੈਦਾ ਹੋਈ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਯਕੀਨ ਨਾ ਕਰਨ ਅਤੇ ਨਾ ਹੀ ਘਬਰਾਹਟ 'ਚ ਆਉਣ, ਸਗੋਂ ਲੋੜ ਪੈਣ 'ਤੇ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਪਤ ਫਲੱਡ ਕੰਟਰੋਲ ਰੂਮ ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਲੋਕਾਂ ਵੱਲੋਂ ਪ੍ਰਾਪਤ ਫੀਡਬੈਕ ਤਹਿਤ ਜੌੜਾਮਾਜਰਾ ਨੇ ਜਲ ਨਿਕਾਸ, ਲੋਕ ਨਿਰਮਾਣ, ਮੰਡੀ ਬੋਰਡ, ਪੇਂਡੂ ਵਿਕਾਸ ਤੇ ਪੰਚਾਇਤ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮੌਸਮ ਵਿਭਾਗ ਵੱਲੋਂ ਭਾਰੀ ਮੀਂਹ ਦੀਆਂ ਜਾਰੀ ਚਿਤਾਵਨੀਆਂ ਦੇ ਮੱਦੇਨਜ਼ਰ ਹੋਰ ਵਧੇਰੇ ਚੌਕਸੀ ਵਰਤਣ। ਉਨ੍ਹਾਂ ਕਿਹਾ ਕਿ ਮੌਜੂਦਾ ਕੁਦਰਤੀ ਆਫ਼ਤ ਨਾਲ ਨਜਿੱਠਣ ਲਈ ਪੂਰੀ ਸਰਕਾਰੀ ਮਸ਼ੀਨੀਰੀ ਹਰ ਤਰ੍ਹਾਂ ਨਾਲ ਯਤਨਸ਼ੀਲ ਹੈ ਜਦਕਿ ਮੁੱਖ ਮੰਤਰੀ ਨੇ ਇਸ ਸਪੈਸ਼ਲ ਗਿਰਦਾਵਰੀ ਕਰਨ ਦੇ ਵੀ ਆਦੇਸ਼ ਜਾਰੀ ਕੀਤੇ ਹਨ ਤਾਂ ਕਿ ਕਿਸਾਨਾਂ ਦੇ ਹੋਏ ਨੁਕਸਾਨ ਦੀ ਪੂਰਤੀ ਕੀਤੀ ਜਾ ਸਕੇ। ਚੇਤਨ ਸਿੰਘ ਜੌੜਾਮਾਜਰਾ ਨੇ ਇਸ ਦੌਰਾਨ ਸਮਾਣਾ ਸ਼ਹਿਰ ਸਣੇ ਘੱਗਰ ਦਰਿਆ ਅਤੇ ਝੰਬੋ ਡਰੇਨ ਦੇ ਨਾਲ-ਨਾਲ ਹਲਕੇ 'ਚੋਂ ਲੰਘਦੀਆਂ ਹੋਰ ਡਰੇਨਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਪਿੰਡ ਧਰਮੇੜ੍ਹੀ, ਘਿਉਰਾ, ਸੂਲਰ, ਜੇ.ਪੀ. ਕਾਲੋਨੀ, ਧਨੌਰੀ, ਸੱਸਾ, ਸੱਸੀ, ਸੱਸਾ ਥੇਹ, ਨਵਾਂ ਗਾਉਂ, ਮੈਣ, ਕਮਾਲਪੁਰ, ਹਰੀਪੁਰ ਆਦਿ ਪਿੰਡਾਂ ਦਾ ਵੀ ਦੌਰਾ ਕੀਤਾ ਅਤੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਕੇ ਫੀਡਬੈਕ ਹਾਸਲ ਕੀਤੀ।

## ਪਰਵਾਸੀ ਭਾਰਤੀ ਪਰਵਾਰ ਵੱਲੋਂ ਦੇਹਰੀਵਾਲ ਵੇਟਲਿਫਟਿੰਗ ਸੈਂਟਰ ਲਈ ਵਿੱਤੀ ਮਦਦ ਭੇਂਟ




**ਅੱਡਾ ਸਰਾਂ (ਕਾਜਲ )**- ਸਰਕਾਰੀ ਹਾਈ ਸਕੂਲ ਦੇਹਰੀਵਾਲ ਵਿਚ ਚਲਾਏ ਜਾ ਰਹੇ ਵੇਟਲਿਫਟਿੰਗ ਸੈਂਟਰ ਵਿਚ ਪਰਵਾਸੀ ਭਾਰਤੀ ਪਰਵਾਰ ਵੱਲੋਂ ਵਿੱਤੀ ਮਦਦ ਭੇਂਟ ਕੀਤੀ ਗਈ ਹੈ। ਇੰਟਰਨੈਸ਼ਨਲ ਵੇਟਲਿਫਟਰ ਹਰਦੀਪ ਸਿੰਘ ਬੀਰਮਪੁਰ ਅਤੇ ਅਵਤਾਰ ਸਿੰਘ ਵਿਰਕ ਦੀ ਸਰਪ੍ਰਸਤੀ ਵਿਚ ਸਕੂਲ ਮੁਖੀ ਜਤਿੰਦਰਪਾਲ ਸਿੰਘ ਅਤੇ ਕੋਚ ਬਲਜਿੰਦਰ ਸਿੰਘ ਭਿੰਡਰ ਦੀ ਅਗਵਾਈ ਵਿਚ ਚੱਲ ਰਹੇ ਇਸ ਸੈਂਟਰ ਵਿਚ ਹੋਏ ਸਮਾਗਮ ਕਨੇਡਾ ਵਾਸੀ ਇੰਦਰਜੀਤ ਸਿੰਘ ਦੇਹਰੀਵਾਲ ਦੇ ਪਰਿਵਾਰ ਦੇ ਮੈਂਬਰਾਂ ਨੇ ਸੈਂਟਰ ਲਈ ਵਿੱਤੀ ਮਦਦ ਭੇਟ ਕਰਦੇ ਹੋਏ ਭਵਿੱਖ ਵਿਚ ਵੀ ਇਹ ਸਾਥ ਜਾਰੀ ਰੱਖਣ ਦਾ ਭਰੋਸਾ ਦਿੱਤਾ। ਇਸ ਮੌਕੇ ਸਕੂਲ ਮੁਖੀ ਤਜਿੰਦਰ ਪਾਲ ਸਿੰਘ ਨੇ ਦਾਨੀ ਪਰਵਾਰ ਦਾ ਵਿਸ਼ੇਸ਼ ਸਨਮਾਨ ਕਰਦੇ ਹੋਏ ਸੈਂਟਰ ਦੀਆਂ ਪ੍ਰਾਪਤੀਆਂ ਅਤੇ ਖਿਡਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸਰਪੰਚ ਹਰਦਿਆਲ ਸਿੰਘ,ਨੰਬਰਦਾਰ ਮਨਪ੍ਰੀਤ ਸਿੰਘ,ਡਾ.ਦਵਿੰਦਰ ਸਿੰਘ,ਉਂਕਾਰ ਸਿੰਘ ਦੇਹਰੀਵਾਲ,ਮਨੀ ਦੇਹਰੀਵਾਲ, ਕੁਲਵਿੰਦਰ ਸਿੰਘ,ਸਰਬਜੋਤ ਸਿੰਘ,ਐੱਸ.ਪੀ.ਦੇਹਰੀਵਾਲ,ਅਮ੍ਰਿਤਪਾਲ ਸਿੰਘ,ਪਰਮਜੀਤ ਸਿੰਘ ਦੇਹਰੀਵਾਲ ਆਦਿ ਮੌਜੂਦ ਸਨ ।

# ਦਿਵਿਆਂਗਾਂ ਦੀ ਭਲਾਈ ਕੰਮ ਕਰ ਰਹੇ ਜਸਵਿੰਦਰ ਸਿੰਘ ਸਹੋਤਾ 'ਦ ਰੀਅਲ ਹੀਰੋ' ਰਾਸ਼ਟਰੀ ਐਵਾਰਡ ਲਈ ਚੁਣੇ



**ਹੁਸ਼ਿਆਰਪੁਰ (ਓ ਪੀ ਰਾਣਾ )** - ਦਿਵਿਆਂਗਾਂ ਨੂੰ ਸਮਾਜ ਵਿੱਚ ਸਥਾਪਿਤ ਕਰਨ ਲਈ ਸੰਘਰਸ਼ ਕਰ ਰਹੇ ਜਸਵਿੰਦਰ ਸਿੰਘ ਸਹੋਤਾ ਨੂੰ ਰਾਸ਼ਟਰੀ ਅਖਬਾਰ ਦਿਵਿਆਂਗ ਜਗਤ ਦੁਆਰਾ 23 ਜੁਲਾਈ ਨੂੰ ਜੈਪੁਰ ਵਿਖੇ 'ਦ ਰੀਅਲ ਹੀਰੋ' ਰਾਸ਼ਟਰੀ ਐਵਾਰਡ ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ। ਇਸ ਐਵਾਰਡ ਲਈ ਜਸਵਿੰਦਰ ਸਿੰਘ ਸਹੋਤਾ ਦੀ ਚੋਣ ਹੋਣ ਲਈ ਦਿਵਿਆਗਾਂ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਦਿਵਿਆਂਗਾਂ ਨੂੰ ਜਾਗਰੂਕ ਕਰਨ ਅਤੇ ਸਰਕਾਰਾਂ ਨੂੰ ਦਿਵਿਆਂਗਾਂ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਾਉਣ ਲਈ ਲਿਖੇ ਜਾ ਰਹੇ ਆਰਟੀਕਲਾਂ ਦੀ ਬਦੌਲਤ ਸਹੋਤਾ ਨੂੰ ਇਹ ਐਵਾਰਡ ਦਿੱਤਾ ਜਾ ਰਿਹਾ ਹੈ। ਦੇਸ਼ ਭਰ 51 ਕਲਮ ਦੇ ਸਿਪਾਹੀ ਪੱਤਰਕਾਰਾਂ ਨੂੰ ਦਿਵਿਆਂਗਾਂ ਭਲਾਈ ਲਈ ਨਿਭਾਈਆਂ ਜਾ ਰਹੀਆਂ ਵਿਲੱਖਣ ਸੇਵਾਵਾਂ ਸਦਕਾ ਇਹ ਵਕਾਰੀ ਸਨਮਾਨ ਦਿੱਤਾ ਜਾ ਰਿਹਾ ਹੈ। ਜਸਵਿੰਦਰ ਸਿੰਘ ਸਹੋਤਾ ਮੌਜੂਦਾ ਸਮੇਂ ਗੁਰੂ ਨਾਨਕ ਦੇਵ ਚੈਰੀਟੇਬਲ ਟਰੱਸਟ ਦੇ ਦਿਵਿਆਂਗ ਸੈਲ ਦੇ ਚੇਅਰਮੈਨ ਅਤੇ ਡਿਸਏਬਲਡ ਪਰਸਨਜ਼ ਵੈਲਫੇਅਰ ਸੁਸਾਇਟੀ ਦੇ ਜਨਰਲ ਸਕੱਤਰ ਵਜੋਂ ਸੇਵਾਵਾਂ ਨਿਭਾਅ ਕੇ ਦਿਵਿਆਂਗਾਂ ਦੀ ਸੇਵਾ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਜਸਵਿੰਦਰ ਸਿੰਘ ਸਹੋਤਾ ਅਤੇ ਉਨ੍ਹਾਂ ਦੀ ਪਤਨੀ ਹਰਮਿੰਦਰ ਕੌਰ ਖੁਦ 80 ਫੀਸਦੀ ਸਰੀਰਕ ਤੌਰ ਤੇ ਦਿਵਿਆਂਗ ਹੋਣ ਦੇ ਬਾਵਜੂਦ ਦਿਵਿਆਂਗਾਂ ਨੂੰ ਸਮਾਜ ਵਿੱਚ ਸਥਾਪਿਤ ਕਰਨ ਲਈ ਕੰਮ ਕਰ ਰਹੇ ਹਨ। ਸਹੋਤਾ ਨੂੰ 15 ਅਗਸਤ 2018 ਨੂੰ ਸੁਤੰਤਰਤਾ ਦਿਹਾੜੇ ਮੌਕੇ ਪੰਜਾਬ ਸਰਕਾਰ ਵਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ। 3 ਦਸੰਬਰ 2020 ਨੂੰ ਕੌਮਾਂਤਰੀ ਦਿਵਿਆਂਗਤਾ ਦਿਹਾੜੇ ਮੌਕੇ ਉਮੀਦ ਫਾਊਡੇਸ਼ਨ ਜੈਪੁਰ ਵਲੋਂ ਸਹੋਤਾ ਨੂੰ 'ਦਿਵਿਆਂਗ ਰਤਨ-2020' ਰਾਸ਼ਟਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਇਸ ਤੋਂ ਇਲਾਵਾ ਕਈ ਸਮਾਜ ਸੇਵੀ ਸੰਸਥਾਵਾਂ ਵਲੋਂ ਵੀ ਜਸਵਿੰਦਰ ਸਿੰਘ ਸਹੋਤਾ ਨੂੰ ਸਨਮਾਨਿਤ ਕੀਤਾ ਜਾ ਚੁੱਕਾ ਹੈ।

# ਜਿੰਪਾ ਵੱਲੋਂ ਕਲੀ ਕਜੌਲੀ ਵਾਟਰ ਵਰਕਸ ਦਾ ਦੌਰਾ

**ਮੋਰਿੰਡਾ ( ਜੈਜੀ ਸਰਦਾਰ )** ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਪੰਜਾਬ ਬ੍ਰਮ ਸੰਕਰ ਜਿੰਪਾ ਨੇ ਕਜੌਲੀ ਵਾਟਰ ਵਰਕਸ ਦਾ ਦੌਰਾ ਕੀਤਾ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਸਥਿਤੀ ਦਾ ਜਾਇਜਾ ਲਿਆ। ਉਨ੍ਹਾਂ ਕਿਹਾ ਕਿ ਇਸ ਮੁਸ਼ਕਿਲ ਘੜੀ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਨਾਲ ਡਟ ਕੇ ਖੜ੍ਹੀ ਹੈ ਅਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਹਰ ਪ੍ਰਕਾਰ ਨਾਲ ਮਦਦ ਕੀਤੀ ਜਾਵੇਗੀ। ਸਤਲੁੱਜ ਤੇ ਸਿਸਵਾਂ ਡੈਮ ਤੋਂ ਪਾਣੀ ਦਾ ਵਹਾਅ ਤੇਜ ਹੋਣ ਕਾਰਨ ਕਜੌਲੀ ਹੈੱਡਵਰਕਸ ਵੀ ਖਤਰੇ ਵਿੱਚ ਸੀ ਪ੍ਰੰਤੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਅਧਿਕਾਰੀਆਂ ਨੇ ਸਥਿਤੀ 'ਤੇ ਕਾਬੂ ਪਾਇਆ ਅਤੇ ਜਿਥੇ ਜਿਥੇ ਵੀ ਖਤਰੇ ਵਾਲੀ ਸਥਿਤੀ ਸੀ, ਉਸ 'ਤੇ ਬੋਰੀਆਂ ਲਗਾ ਕੇ ਅਤੇ ਮਿੱਟੀ ਪਾ ਕੇ ਰੋਕਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਕਜੌਲੀ ਹੈੱਡਵਰਕਸ ਸਾਡਾ ਇੱਕ ਬਹੁਤ ਵੱਡਾ ਪ੍ਰੋਜੈਕਟ ਹੈ ਜਿੱਥੋਂ ਮੋਹਾਲੀ, ਚੰਡੀਗੜ੍ਹ ਅਤੇ ਗਮਾਡਾ ਨੂੰ ਪੀਣ ਵਾਲਾ ਪਾਣੀ ਇੱਥੇ ਤੋਂ ਹੀ ਸਪਲਾਈ ਕੀਤਾ ਜਾਂਦਾ ਹੈ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਜਿੱਥੇ ਇਹ ਬਰਸਾਤ ਪੂਰੇ ਭਾਰਤ ਦੇਸ਼ ਵਿੱਚ ਹੋ ਰਹੀ ਹੈ ਪਰੰਤੂ ਪੰਜਾਬ ਸੂਬੇ ਵਿੱਚ ਇਹ ਪੂਰੇ ਜੋਬਨ 'ਤੇ ਹੈ। ਉਨ੍ਹਾਂ ਕਿਹਾ ਕਿ ਲਗਾਤਾਰ 2 ਦਿਨ ਤੋਂ ਹੋ ਰਹੀ ਬਰਸਾਤ ਕਾਰਨ ਸਥਿਤੀ ਕਾਫੀ ਨਾਜ਼ੁਕ ਬਣੀ ਹੋਈ ਹੈ ਤੇ ਪੰਜਾਬ ਵਾਸੀਆਂ ਨੂੰ ਕਾਫੀ ਸਮੱਸਿਆਂਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਣੀ ਦੀ ਮੁਕੰਮਲ ਨਿਕਾਸੀ ਅਤੇ ਸਥਿਤੀ 'ਤੇ ਕਾਬੂ ਪਾਉਣ ਲਈ ਪੰਜਾਬ ਸਰਕਾਰ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ, ਐਸ.ਐਸ.ਪੀ. ਵਿਵੇਕ ਐੱਸ ਸੋਨੀ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਇਸ਼ਾ ਸਿੰਗਲ ਅਤੇ ਹੋਰ ਉੱਚ ਅਧਿਕਾਰੀ ਵੀ ਹਾਜਰ ਸਨ।



## ਖਾਲਸਾ ਸਕੂਲ ਦੀ ਬਿਲਡਿੰਗ 'ਚ ਭਰਿਆ ਪਾਣੀ ਹੀ ਪਾਣੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ਼ਹਿਰ ਦੇ ਸਭ ਤੋਂ ਪੁਰਾਣੇ ਮਾਣ-ਮੱਤੇ ਸਕੂਲ ਐਸ ਜੀ ਖਾਲਸਾ ਸਿਨਿਅਰ ਸਕੈਂਡਰੀ ਸਕੂਲ ਦੀ ਸਮੁੱਚੀ ਬਿਲਡਿੰਗ ਪਾਣੀ ਨਾਲ ਘਿਰ ਗਈ ਹੈ। ਆਸਪਾਸ ਪਾਣੀ ਹੀ ਪਾਣੀ ਨਜਰ ਆ ਰਿਹਾ ਹੈ। ਪਿਛਲੇ ਤਿੰਨ ਦਿਨਾਂ ਤੋਂ ਲਗਾਤਾਰ ਹੋ ਰਹੀ ਭਾਰੀ ਬਰਸਾਤ ਕਾਰਨ ਜਿੱਥੇ ਹੋਰ ਸਥਾਨਾਂ 'ਤੇ ਪਾਣੀ ਭਰ ਗਿਆ ਹੈ ਉਥੇ ਖਾਲਸਾ ਸਕੂਲ 'ਚ ਵੀ ਹੱਦੋਂ ਵੱਧ ਪਾਣੀ ਭਰ ਚੁੱਕਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਖਾਲਸਾ ਸਕੂਲ ਦੇ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਦੱਸਿਆ ਕਿ 1988 ਤੋਂ ਬਾਅਦ ਇਹ ਪਹਿਲੀ ਵਾਰ ਹੈ ਜਦੋਂ ਇੰਨਾਂ ਪਾਣੀ ਦੇਖਿਆ ਗਿਆ। ਸਕੂਲ ਦੀ ਪੁਰਾਣੀ ਬਿਲਡਿੰਗ ਵਿਚ ਪਾਣੀ ਬਹੁਤ ਜ਼ਿਆਦਾ ਭਰ ਗਿਆ ਹੈ ਜਦੋਂ ਕਿ ਨਵੀਂ ਬਿਲਡਿੰਗ ਉਚਾਈ 'ਤੇ ਹੋਣ ਕਾਰਨ ਬਚਾਅ ਹੋ ਗਿਆ। ਸਕੂਲ ਦੇ ਦੋ ਆਲੀਸਾਨ ਗਰਾਊਂਡ ਹਨ। ਜੋ ਪਾਣੀ ਦੀ ਮਾਰ ਨਾਲ ਖਸਤਾ ਹਾਲਤ ਵਿੱਚ ਹੋ ਚੁੱਕੇ ਹਨ ਅਤੇ ਅਜੇ ਵੀ ਦੋਵੇਂ ਗਰਾਊਂਡ ਪਾਣੀ ਦੇ ਨਾਲ ਭਰੇ ਹੋਏ ਹਨ। ਪ੍ਰਿੰਸੀਪਲ ਵਾਲੀਆਂ ਨੇ ਆਸ ਪ੍ਰਗਟਾਈ ਕਿ ਜਲਦ ਹੀ ਪਾਣੀ ਦਾ ਪੱਧਰ ਥੱਲੇ ਆ ਜਾਵੇਗਾ ਤੇ ਸਕੂਲ ਦੀ ਸਫਾਈ ਕਰਵਾ ਕੇ ਆਮ ਵਾਂਗ ਜਮਾਤਾਂ ਸ਼ੁਰੂ ਕਰਵਾ ਦਿਤੀਆਂ ਜਾਣਗੀਆਂ।

# ਸਰਹਿੰਦ ਨਹਿਰ ਚੋਂ ਪਾਣੀ ਦੀ ਨਕਾਸੀ ਨੂੰ ਲੈ ਕੇ ਆਮ ਲੋਕ ਤੇ ਪ੍ਰਸ਼ਾਸਨ 'ਚ ਤਣਾਅ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)** ਨਜਦੀਕੀ ਪਿੰਡ ਕਮਾਲਪੁਰ ਨੇੜੇ ਸੀਸਵਾਂ ਨਦੀ ਦਾ ਪਾਣੀ ਸਰਹਿੰਦ ਨਹਿਰ 'ਚ ਪੈਣ ਤੋਂ ਬਾਅਦ ਨਹਿਰ 'ਚ ਪਾਣੀ ਦਾ ਪੱਧਰ ਵਧ ਗਿਆ ਹੈ। ਨਹਿਰ ਦੇ ਬੰਨ੍ਹਿਆਂ 'ਚ ਪਾੜ ਪੈਣ ਦੇ ਸੰਭਾਵੀ ਖਤਰੇ ਨੂੰ ਮੱਦੇਨਜਰ ਰੱਖਦਿਆਂ ਪ੍ਰਸ਼ਾਸਨ ਵੱਲੋਂ ਵਾਧੂ ਪਾਣੀ ਬੇਲਾ ਡਰੇਨ 'ਚ ਛੱਡਣ ਦੀ ਯੋਜਨਾ ਸੀ, ਪਰ ਜਿਉਂ ਹੀ ਇਹ ਸੂਚਨਾ ਬੇਟ ਇਲਾਕੇ ਦੇ ਪਿੰਡਾਂ ਤੱਕ ਪਹੁੰਚੀ ਤਾਂ ਪਿੰਡਾਂ ਚੋਂ ਸੈਂਕੜੇ ਲੋਕ ਸਥਾਨਕ ਸਰਹਿੰਦ ਨਹਿਰ ਦੇ ਪੁਲ 'ਤੇ ਇਸ ਦੇ ਵਿਰੋਧ ਲਈ ਇਕੱਠੇ ਹੋ ਗਏ। ਇਸ ਦੌਰਾਨ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਲੋਕਾਂ ਨੂੰ ਸਮਝਾਉਣ ਦੀ ਵੀ ਕੋਸ਼ਿਸ਼ ਕੀਤੀ, ਪਰ ਲੋਕਾਂ ਦਾ ਕਹਿਣਾ ਸੀ ਕਿ ਨਜਦੀਕੀ ਕਸਬਾ ਬੇਲਾ ਨੇੜੇ ਇਹ ਡਰੇਨ ਪਹਿਲਾਂ ਹੀ ਵਰ ਫਲੋਅ ਹੋ ਰਹੀ ਹੈ ਅਤੇ ਸਾਰਾ ਬੇਟ ਇਲਾਕਾ ਪਾਣੀ ਦੀ ਮਾਰ ਹੇਠ ਹੈ ਅਤੇ ਜੇਕਰ ਸਰਹਿੰਦ ਨਹਿਰ ਦਾ ਵਾਧੂ ਪਾਣੀ ਬੇਲਾ ਡਰੇਨ 'ਚ ਛੱਡਿਆ ਗਿਆ ਤਾਂ ਬੇਟ ਖੇਤਰ ਦੀ ਭਾਰੀ ਤਬਾਹੀ ਹੋਵੇਗੀ। ਉੱਘੇ ਸਮਾਜ ਸੇਵੀ ਅਤੇ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ ਦਾ ਕਹਿਣਾ ਹੈ ਕਿ ਹਰ ਸਾਲ ਬਰਸਾਤ ਤੋਂ ਪਹਿਲਾਂ ਸੰਬੰਧਿਤ ਵਿਭਾਗ ਨੂੰ ਪੁਲੀਆਂ ਅਤੇ ਨਾਲਿਆਂ ਦੀ ਸਫਾਈ ਕਰਵਾਉਣੀ ਚਾਹੀਦੀ ਸੀ , ਜੋ ਕਿ ਨਹੀਂ ਕੀਤੀ ਗਈ । ਉਨ੍ਹਾਂ ਆਮ ਜਨਤਾ ਨੂੰ ਇਸ ਕੁਦਰਤੀ ਆਫਤ ਨਾਲ ਜੂਝਣ ਲਈ ਇੱਕਜੁਟ ਹੋਣ ਅਤੇ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ।

# ਲੜਕੇ ਤੇ ਲੜਕੀਆਂ ਦੇ ਸਟੇਟ ਪੱਧਰੀ ਪਾਵਰ ਲਿਫਟਿੰਗ ਮੁਕਾਬਲੇ ਕਰਵਾਏ

**ਗੁਰਾਇਆ, (ਬਿੰਦਰ ਸੁੰਮਨ)**-ਪੰਜਾਬ ਪਾਵਰ ਲਿਫਟਿੰਗ ਐਸੋਸੀਏਸ਼ਨ ਵਲੋਂ ਗੁਰਾਇਆ ਵਿਖੇ ਸਟੇਟ ਪੱਧਰੀ ਲੜਕੇ ਅਤੇ ਲੜਕੀਆਂ ਦੇ ਪਾਵਰ ਲਿਫਟਿੰਗ ਦੇ ਮੁਕਾਬਲੇ ਕਰਵਾਏ ਗਏ, ਜਿਸ ਦਾ ਉਦਘਾਟਨ ਚੰਦਰ ਸੇਖ਼ਰ ਵਲੋਂ ਰੀਬਨ ਕੱਟ ਕੇ ਕੀਤਾ ਗਿਆ। ਜਿੰਨ੍ਹਾਂ ਵਿੱਚ 47, 52, 57, 63,69, 76 ਅਤੇ 84 ਕਿਲੋ ਭਾਰ ਵਰਗ ਅਤੇ ਉਪਨ ਭਾਰ ਵਰਗ 'ਚ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ ਇਸ ਤੋਂ ਇਲਾਵਾ 59, 60, 74, 83, 93, 105, 120 ਕਿਲੋ ਭਾਰ ਵਰਗ ਅਤੇ ਉਪਨ ਭਾਰ ਲੜਕਿਆਂ ਦੇ ਮੁਕਾਬਲੇ ਵੀ ਕਰਵਾਏ ਗਏ, ਮੁਕਾਬਲਿਆਂ ਦੌਰਾਨ ਪੰਜਾਬ ਭਰ ਵਿੱਚੋਂ ਨਾਮਵਾਰ ਖਿਡਾਰੀਆਂ ਨੇ ਹਿੱਸਾ ਲਿਆ। ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਮੁੱਖ ਮਹਿਮਾਨ ਵਜੋਂ ਪਹੁੰਚੇ ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ ਫਿਲੌਰ ਵਲੋਂ ਤਮਗੇ ਦੇ ਕੇ ਸਨਮਾਨਿਤ ਕੀਤਾ ਗਿਆ। ਮੁਕਾਬਲਿਆਂ ਦੌਰਾਨ ਜੱਜਾਂ ਦੀ ਭੂਮਿਕਾ ਸੇਵਾ ਰਾਮ ਫਗਵਾੜਾ, ਹਰਜਿੰਦਰ ਸਿੰਘ ਵਿਰਕਾ, ਮਨੋਹਰ ਸਿੰਘ ਫਗਵਾੜਾ, ਮੱਖਣ ਰਾਮ ਅਤੇ ਪ੍ਰਿਤਪਾਲ ਸਿੰਘ ਪੰਡੋਰੀ ਵਲੋ ਬਾਖੂਬੀ ਨਾਲ ਨਿਭਾਈ ਗਈ। ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣਾ ਦੀ ਸੋਚ ਨੂੰ ਬੂਰ ਪੈਣ ਲੱਗ ਗਿਆ ਹੈ ਕਿਉਂਕਿ ਇਸ ਤਰ੍ਹਾਂ ਦੇ ਮੁਕਬਲਿਆਂ ਵਿੱਚ ਨੌਜਵਾਨ ਲੜਕੇ ਅਤੇ ਲੜਕੀਆਂ ਵੱਧ ਤੋ ਵੱਧ ਹਿੱਸਾ ਲੈ ਰਹੇ ਹਨ। ਇਸ ਮੌਕੇ ਐਸੋਸੀਏਸ਼ਨ ਵਲੋਂ ਮਹਿਮਾਨਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਜਾਬ ਪਾਵਰ ਲਿਫਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਦਵਿੰਦਰ ਸਿੰਘ ਮੱਲੀ, ਐਸ ਡੀ ਐਮ ਅਮਨ ਪਾਲ, ਨਾਇਬ ਤਹਿਸੀਲਦਾਰ ਜਗਪਾਲ ਸਿੰਘ, ਚੇਅਰਮੈਨ ਰੋਸ਼ਨ ਲਾਲ, ਪ੍ਰਵੀਨ ਗੁਰਾਇਆ, ਰਜਿੰਦਰ ਸੰਧੂ, ਸਤਵਿੰਦਰ ਕੁਮਾਰ, ਗੁਰਵਿੰਦਰ ਸਿੰਘ, ਗੁਰਮਿੰਦਰ ਸਿੰਘ, ਵਿਸ਼ਾਲ ਕੁਮਾਰ, ਰਾਜੀਵ ਰਤਨ ਟੋਨੀ, ਵਰਿੰਦਰ ਦਕਸ਼, ਸਤਨਾਮ ਸਿੰਘ, ਨਛੱਤਰ ਸਿੰਘ, ਸੰਜੀਵ ਕੁਮਾਰ ਹੀਰ, ਹਰਮੇਸ਼ ਕੁਮਾਰ , ਸੁਦੇਸ਼ ਕੁਮਾਰ ਬਿੱਲਾ, ਰਾਹੁਲ ਪੁੰਜ ਤੋਂ ਇਲਾਵਾ ਖੇਡ ਪ੍ਰੇਮੀ ਹਾਜ਼ਰ ਸਨ।



## ਸੀਚੇਵਾਲ ਤੇ ਕੈਬਨਿਟ ਮੰਤਰੀ ਬਲਕਾਰ ਸਿੰਘ ਵੱਲੋਂ ਫਿਲੌਰ ਨੇੜੇ ਸਤਲੁਜ ਦਰਿਆ ਦਾ ਕੀਤਾ ਦੌਰਾ

**ਫਿਲੌਰ (ਨਿਰਮਲ)**- ਰਾਜ ਸਭਾ ਮੈਂਬਰ ਸੰਤ ਸੀਚੇਵਾਲ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਵੱਲੋਂ ਜਿਲ੍ਹੇ ਦੇ ਮੁੱਖ ਅਧਿਕਾਰੀਆਂ ਨਾਲ ਫਿਲੌਰ ਨੇੜੇ ਸਤਲੁਜ ਦਰਿਆ ਦੇ ਕੰਢੇ ਟੁੱਟੇ ਬੰਨ੍ਹ ਦਾ ਜਾਇਜਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਅਧਿਕਾਰੀਆਂ ਤੋਂ ਬੰਨ੍ਹ ਵਾਰੇ ਰਿਪੋਟ ਲਈ ਜਾਵੇਗੀ ਅਤੇ ਬੰਨ੍ਹ ਨੂੰ ਮਜਬੂਤੀ ਨਾਲ ਬਣਾਇਆ ਜਾਵੇਗਾ ਤਾਂ ਜੋ ਹੜ੍ਹ ਆਉਣ ਦੀ ਸੂਰਤ ਵਿੱਚ ਜਾਨ ਮਾਲ ਦੀ ਰਾਖੀ ਹੋ ਸਕੇ। ਇਹ ਵੀ ਕਿਹਾ ਕਿ ਉੱਚ ਅਧਿਕਾਰੀਆਂ ਤੋਂ ਨੁਕਸਾਨ ਦੀ ਰਿਪੋਟ ਲੈ ਕੇ ਯੋਗ ਸਹਾਇਤਾ ਦਿੱਤੀ ਜਾਵੇਗੀ। ਉਹ ਇਸ ਸਬੰਧ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਵੀ ਗੱਲ ਕਰਨਗੇ। ਇਸ ਮੌਕੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ, ਏ.ਡੀ.ਸੀ ਜਲੰਧਰ ਜਸਵੀਰ ਸਿੰਘ, ਪਰਮਜੀਤ ਭਾਰਤੀ, ਵੈਭਵ ਸ਼ਰਮਾ, ਰਜਿੰਦਰ ਸੰਧੂ, ਸੁਰਿੰਦਰ ਡਾਬਰ,ਸ਼ੰਕਰ ਸੰਧੂ, ਦੀਪਾ ਬਕਾਪੁਰ ਅਤੇ ਡਰੇਨੇਜ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।